11-NOV-PAGE-1.qxd 11/10/2023 8:56 PM Page 1

ਸ਼ਨੀਵਾਰ, 11 ਨਵੰਬਰ, 2023
26 ਕੱਤਕ { ਨਾਨਕਸ਼ਾਹੀ 555 / ਬਿਕਰਮੀ 2080
ਜਿਲਦ/VOL. : 72
ਅੰਕ/NO. : 162

# ਨਵਾਂ ਜ਼ਮਾਨਾ

DAILY NAWAN ZAMANA • SATURDAY, 11 NOVEMBER, 2023 ਜਲੰਧਰ

nawan zamana TV

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

ਕੀਮਤ/PRICE : 5.00 ਰੁਪਏ   Regd. No : Pb/JL-123/2021-23, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

# ਰਾਜਪਾਲ ਨੂੰ ਚਾਰ ਬਿੱਲਾਂ ਬਾਰੇ ਫ਼ੈਸਲਾ ਲੈਣ ਦੀ ਹਦਾਇਤ

## 19-20 ਜੂਨ ਦੇ ਅਸੰਬਲੀ ਸੈਸ਼ਨ ਨੂੰ ਗੈਰਕਾਨੂੰਨੀ ਦੱਸਣਾ ਨਾਵਾਜਬ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਪੰਜਾਬ ਅਸੰਬਲੀ ਦੇ ਜੂਨ ਦੇ ਸੈਸ਼ਨ ਨੂੰ ਸੰਵਿਧਾਨਕ ਤੌਰ 'ਤੇ ਜਾਇਜ਼ ਠਹਿਰਾਉਂਦਿਆਂ ਰਾਜਪਾਲ ਬਨਵਾਰੀ ਲਾਲ ਪੁਰੋਹਿਤ ਨੂੰ ਕਿਹਾ ਕਿ ਉਹ ਵਧਾਏ ਹੋਏ ਇਸ ਬੱਜਟ ਸੈਸ਼ਨ ਦੌਰਾਨ ਪਾਸ ਕੀਤੇ ਗਏ ਚਾਰ ਬਿੱਲਾਂ ਬਾਰੇ ਫੈਸਲਾ ਲੈਣ, ਜਿਹੜੇ ਉਨ੍ਹਾ ਕੋਲ ਪੈਂਡਿੰਗ ਪਏ ਹਨ।

ਚੀਫ ਜਸਟਿਸ ਡੀ ਵਾਈ ਚੰਦਰਚੂੜ ਦੀ ਅਗਵਾਈ ਵਾਲੀ ਤਿੰਨ ਮੈਂਬਰੀ ਬੈਂਚ ਨੇ ਕਿਹਾ—ਅਸੰਬਲੀ ਸੈਸ਼ਨ ਬਾਰੇ ਸ਼ੱਕ ਕਰਨ ਦਾ ਕੋਈ ਵਾਜਬ ਸੰਵਿਧਾਨਕ ਆਧਾਰ ਨਹੀਂ ਹੈ ਤੇ ਅਸੰਬਲੀ ਸੈਸ਼ਨ 'ਤੇ ਸ਼ੱਕ ਕਰਨ ਦੀ ਕੋਈ ਵੀ ਕੋਸ਼ਿਸ਼ ਜਮਹੂਰੀਅਤ ਲਈ ਘੋਰ ਸੰਕਟ ਪੈਦਾ ਕਰਨ ਵਾਲੀ ਹੋਵੇਗੀ। ਸੈਸ਼ਨ ਨੂੰ ਮੁਲਤਵੀ ਕਰਨ ਜਾਂ ਉਠਾਉਣ ਦਾ ਹੱਕ ਸਪੀਕਰ ਕੋਲ ਹੁੰਦਾ ਹੈ। ਇਸ ਕਰਕੇ ਰਾਜਪਾਲ 19-20 ਜੂਨ ਨੂੰ ਪਾਸ ਕੀਤੇ ਬਿੱਲਾਂ ਬਾਰੇ ਫੈਸਲਾ ਕਰਨ। ਬੈਂਚ, ਜਿਸ ਵਿਚ ਜਸਟਿਸ ਜੇ ਬੀ ਪਾਰਦੀਵਾਲਾ ਤੇ ਜਸਟਿਸ ਮਨੋਜ ਮਿਸ਼ਰਾ ਵੀ ਸ਼ਾਮਲ ਸਨ, ਨੇ ਸਪੱਸ਼ਟ ਕੀਤਾ ਕਿ ਰਾਜਪਾਲ ਦੀ ਮਰਜ਼ੀ ਹੈ ਕਿ ਉਹ ਬਿੱਲਾਂ ਨੂੰ ਮਨਜ਼ੂਰੀ ਦੇਣ ਜਾਂ ਰਾਸ਼ਟਰਪਤੀ ਕੋਲ ਭੇਜ ਦੇਣ। ਸੁਪਰੀਮ ਕੋਰਟ ਇਹ ਨਹੀਂ ਕਹਿ ਸਕਦੀ ਕਿ ਰਾਜਪਾਲ ਆਪਣੀਆਂ ਤਾਕਤਾਂ ਦੀ ਕਿਵੇਂ ਵਰਤੋਂ ਕਰਨ। ਸਿੱਖ ਗੁਰਦੁਆਰਾ ਸੋਧ ਬਿੱਲ, ਪੰਜਾਬ ਯੂਨੀਵਰਸਿਟੀ ਕਾਨੂੰਨ ਸੋਧ ਬਿੱਲ, ਪੰਜਾਬ ਪੁਲਸ ਸੋਧ ਬਿੱਲ ਤੇ ਪੰਜਾਬ ਦੇ ਐਫੀਲਿਏਟਿਡ ਕਾਲਜਾਂ ਦੀ ਸੇਵਾ ਸੁਰੱਖਿਆ ਬਾਰੇ ਸੋਧ ਬਿੱਲ ਰਾਜਪਾਲ ਦੀ ਰਾਇ ਉਡੀਕ ਰਹੇ ਹਨ। ਇਹ 19-20 ਜੂਨ ਨੂੰ ਅਸੰਬਲੀ ਨੇ ਪਾਸ ਕੀਤੇ ਸਨ।

ਰਾਜਪਾਲ ਨੇ ਅਸੰਬਲੀ ਸੈਸ਼ਨ ਨੂੰ ਗੈਰਕਾਨੂੰਨੀ ਗਰਦਾਨ ਦਿੱਤਾ ਸੀ। ਸੁਪਰੀਮ ਕੋਰਟ ਨੇ ਕਿਹਾ ਕਿ ਰਾਜਪਾਲ ਨੇ ਮੰਤਰੀ ਪ੍ਰੀਸ਼ਦ ਦੀ ਸਲਾਹ ਨਾਲ ਚੱਲਣਾ ਹੁੰਦਾ ਹੈ, ਸਿਵਾਇ ਉਨ੍ਹਾਂ ਮਾਮਲਿਆਂ ਦੇ ਜਿਹੜੇ ਉਸਦੇ ਅਧਿਕਾਰ ਖੇਤਰ ਵਿਚ ਆਉਂਦੇ ਹਨ। ਇਸਤੋਂ ਪਹਿਲਾਂ ਬੈਂਚ ਨੇ ਕਿਹਾ ਕਿ ਰਾਜਪਾਲ ਬਿੱਲਾਂ ਬਾਰੇ ਫੈਸਲਾ ਨਾ ਕਰਕੇ ਅੱਗ ਨਾਲ ਖੇਡ ਰਹੇ ਹਨ। ਬਿੱਲ ਲੋਕਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੇ ਪਾਸ ਕੀਤੇ ਹਨ ਤੇ ਰਾਜਪਾਲ ਕੋਈ ਫੈਸਲਾ ਨਾ ਕਰਕੇ ਸੈਸ਼ਨ ਨੂੰ ਅਸੰਵਿਧਾਨਕ ਕਰਾਰ ਦੇ ਕੇ ਅੱਗ ਨਾਲ ਖੇਡ ਰਹੇ ਹਨ। ਕੀ ਸੰਸਦੀ ਜਮਹੂਰੀਅਤ ਇਵੇਂ ਚੱਲੇਗੀ?

ਇਸ ਦੇ ਨਾਲ ਸੁਪਰੀਮ ਕੋਰਟ ਨੇ ਪੰਜਾਬ ਸਰਕਾਰ ਤੋਂ ਪੁੱਛਿਆ ਕਿ ਅਸੰਬਲੀ ਦੇ ਬੱਜਟ ਸੈਸ਼ਨ ਦੀ ਮੀਟਿੰਗ ਕਿਉਂ ਮੁਲਤਵੀ ਕੀਤੀ ਗਈ ਅਤੇ ਸੈਸ਼ਨ ਨੂੰ ਅਣਮਿੱਥੇ ਸਮੇਂ ਲਈ ਕਿਉਂ ਨਹੀਂ ਮੁਲਤਵੀ ਕੀਤਾ ਗਿਆ। ਕੰਮ ਰਾਜਪਾਲ ਤੇ ਮੁੱਖ ਮੰਤਰੀ ਵਿਚਾਲੇ ਤਾਲਮੇਲ ਨਾਲ ਚੱਲਣਾ ਹੈ, ਇਸ ਗੱਲ ਨੂੰ ਧਿਆਨ ਵਿਚ ਰੱਖਿਆ ਜਾਵੇ। ਡੈੱਡਲਾਕ ਠੀਕ ਨਹੀਂ।

## 'ਆਪ' ਵੱਲੋਂ ਸੁਪਰੀਮ ਕੋਰਟ ਦਾ ਧੰਨਵਾਦ

**ਚੰਡੀਗੜ੍ਹ** : ਆਮ ਆਦਮੀ ਪਾਰਟੀ ਨੇ ਸੁਪਰੀਮ ਕੋਰਟ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਸ ਦਾ ਫੈਸਲਾ ਦੇਸ਼ ਦੇ ਸੰਵਿਧਾਨ ਅਤੇ ਲੋਕਤੰਤਰ ਨੂੰ ਮਜ਼ਬੂਤ ਕਰਨ ਵਾਲਾ ਹੈ। ਪਾਰਟੀ ਦੇ ਮੁੱਖ ਬੁਲਾਰੇ ਮਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਪੰਜਾਬ ਦੇ ਤਿੰਨ ਕਰੋੜ ਲੋਕਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ 'ਆਪ' ਸਰਕਾਰ ਨੂੰ ਸੂਬੇ ਦੇ ਕੰਮਕਾਜ ਨਾਲ ਸੰਬੰਧਤ ਫੈਸਲੇ ਲੈਣ ਲਈ ਚੁਣਿਆ ਹੈ, ਰਾਜਪਾਲ ਨੂੰ ਨਹੀਂ। ਉਨ੍ਹਾਂ ਕਿਹਾ ਕਿ ਰਾਜਪਾਲ ਵੱਲੋਂ ਸੈਸ਼ਨ ਨੂੰ ਗੈਰ-ਕਾਨੂੰਨੀ ਕਹਿਣ ਅਤੇ ਬਿੱਲਾਂ ਨੂੰ ਲੰਮੇ ਸਮੇਂ ਤੱਕ ਰੋਕੇ ਰੱਖਣ ਕਾਰਨ ਪੰਜਾਬ ਨੂੰ ਬਹੁਤ ਨੁਕਸਾਨ ਹੋਇਆ ਹੈ। ਇਹ ਤਰੀਕਾ ਲੋਕਤੰਤਰ ਲਈ ਠੀਕ ਨਹੀਂ। ਕੰਗ ਨੇ ਰਾਜਪਾਲ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੀ ਕੇਂਦਰੀ ਲੀਡਰਸ਼ਿਪ ਨੂੰ ਖ਼ੁਸ਼ ਕਰਨ ਲਈ ਸੰਵਿਧਾਨ ਤੋਂ ਬਾਹਰ ਕੋਈ ਕੰਮ ਨਾ ਕਰਨ। ਲੋਕਤੰਤਰੀ ਪ੍ਰਣਾਲੀ ਦੀ ਰੱਖਿਆ ਕਰਨ ਤੇ ਸੰਵਿਧਾਨਕ ਮਰਿਆਦਾ ਦੀ ਪਾਲਣਾ ਕਰਨ। ਕੰਗ ਨੇ ਰਾਜਪਾਲ ਦਾ ਸਮਰਥਨ ਕਰਨ ਲਈ ਵਿਰੋਧੀ ਪਾਰਟੀਆਂ ਦੀ ਨਿੰਦਾ ਕਰਦਿਆਂ ਕਿਹਾ ਕਿ ਵਿਰੋਧੀ ਧਿਰ ਦੇ ਆਗੂਆਂ ਨੂੰ ਇਸ ਲਈ ਪੰਜਾਬ ਦੇ ਲੋਕਾਂ ਤੋਂ ਮੁਆਫੀ ਮੰਗਣੀ ਚਾਹੀਦੀ ਹੈ ਕਿਉਂਕਿ ਉਨ੍ਹਾਂ ਨੇ ਰਾਜਪਾਲ ਦੇ ਗੈਰ-ਸੰਵਿਧਾਨਕ ਫੈਸਲੇ ਦਾ ਸਮਰਥਨ ਕੀਤਾ। ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਦੇ ਆਗੂਆਂ ਨੂੰ ਫੈਸਲਾ ਕਰਨਾ ਚਾਹੀਦਾ ਹੈ ਕਿ ਉਹ ਮੋਦੀ ਸਰਕਾਰ ਦੀਆਂ ਗੈਰ-ਸੰਵਿਧਾਨਕ ਗਤੀਵਿਧੀਆਂ ਨਾਲ ਹਨ ਜਾਂ ਦੇਸ਼ ਦੇ ਸੰਵਿਧਾਨ ਨਾਲ।

## ਬਹੁਤ ਨਿਡਰ ਸੀ ਲਾਲ ਫਾਮ ਕੀਮਾ



**ਨਵੀਂ ਦਿੱਲੀ** : ਜੰਮੂ 'ਚ ਕੌਮਾਂਤਰੀ ਸਰਹੱਦ ਨੇੜੇ ਬੁੱਧਵਾਰ ਰਾਤ ਪਾਕਿਸਤਾਨੀ ਰੇਂਜਰਾਂ ਦੀ ਗੋਲੀਬਾਰੀ 'ਚ ਮਾਰਿਆ ਗਿਆ ਬੀ ਐੱਸ ਐੱਫ ਦਾ ਹੈੱਡ ਕਾਂਸਟੇਬਲ ਲਾਲ ਫਾਮ ਕੀਮਾ ਨਿਡਰ ਸਿਪਾਹੀ ਸੀ, ਜਿਸ ਨੇ ਇੱਕ ਵਾਰ ਕੰਟਰੋਲ ਰੇਖਾ 'ਤੇ ਦਹਿਸ਼ਤਗਰਦਾਂ ਵਿਰੋਧੀ ਮੁਹਿੰਮ ਦੌਰਾਨ ਆਪਣੇ ਦਰਜਨਾਂ ਸਾਥੀਆਂ ਦੀ ਜਾਨ ਬਚਾਈ।

1998 ਦੀਆਂ ਸਰਦੀਆਂ 'ਚ ਜੰਮੂ ਅਤੇ ਕਸ਼ਮੀਰ 'ਚ ਅਪਰੇਸ਼ਨ ਦੌਰਾਨ ਕੀਮਾ ਨੇ ਗੂਲ ਪਿੰਡ 'ਚ ਕੱਚੇ ਘਰ 'ਚ ਲੁਕੇ ਦਹਿਸ਼ਤਗਰਦ ਨੂੰ ਮਾਰਨ ਲਈ ਆਪਣੀ ਲਾਈਟ ਮਸ਼ੀਨ ਗਨ (ਐੱਲ ਐੱਮ ਜੀ) ਖਾਲੀ ਕਰਨ ਦੌਰਾਨ ਉੱਚੀ ਆਵਾਜ਼ 'ਚ ਕਿਹਾ ਸੀ ਕਿ 'ਤੁਮ ਸਾਲਾ ਪਿੰਨ ਨਿਕਾਲੇਗਾ।' ਅਸਲ 'ਚ ਕਾਰਵਾਈ 'ਚ ਤਿੰਨ ਦਹਿਸ਼ਤਗਰਦ ਮਾਰੇ ਗਏ ਸਨ ਤੇ ਜਦੋਂ ਜਵਾਨ ਘਰ ਅੰਦਰ ਦਾਖਲ ਹੋਏ ਤਾਂ ਸਹਿਕ ਰਹੇ ਦਹਿਸ਼ਤਗਰਦ ਨੇ ਬੰਬ ਦੀ ਪਿੰਨ ਕੱਢਣ ਦੀ ਕੋਸ਼ਿਸ਼ ਕੀਤੀ, ਜਿਸ ਨੂੰ ਦੇਖ ਕੇ ਕੀਮਾ ਨੇ ਇਹ ਲਫਜ਼ ਵਰਤਦਿਆਂ ਗੋਲੀਆਂ ਚਲਾਈਆਂ। ਇਸ ਨਾਲ ਦਹਿਸ਼ਤਗਰਦ ਮਾਰਿਆ ਗਿਆ ਤੇ ਕਈ ਜਵਾਨਾਂ ਦੀ ਜਾਨ ਬਚ ਗਈ।

## ਦੁੱਗਣੀਆਂ ਵੋਟਾਂ ਲੈ ਕੇ ਲੋਕ ਸਭਾ 'ਚ ਪਰਤਾਂਗੀ : ਮਹੂਆ

**ਨਵੀਂ ਦਿੱਲੀ** : ਤ੍ਰਿਣਮੂਲ ਕਾਂਗਰਸ ਦੀ ਲੋਕ ਸਭਾ ਮੈਂਬਰ ਮਹੂਆ ਮੋਇਤਰਾ ਨੇ ਨੈਤਿਕਤਾ ਕਮੇਟੀ ਵੱਲੋਂ ਉਸ ਨੂੰ ਪੈਸੇ ਦੇ ਬਦਲੇ ਸਵਾਲ ਪੁੱਛਣ ਦੇ ਮਾਮਲੇ 'ਚ ਬਰਖਾਸਤ ਕੀਤੇ ਜਾਣ ਦੀ ਸਿਫਾਰਸ਼ ਕੀਤੇ ਜਾਣ ਤੋਂ ਇੱਕ ਦਿਨ ਬਾਅਦ ਕਿਹਾ ਕਿ ਉਹ 2024 ਦੀਆਂ ਚੋਣਾਂ 'ਚ ਦੁੱਗਣੀਆਂ ਵੋਟਾਂ ਲੈ ਕੇ ਸਦਨ 'ਚ ਵਾਪਸ ਆਏਗੀ। ਉਸਨੇ ਟਵੀਟ ਕੀਤਾ—ਪਹਿਲਾਂ ਬਰਖਾਸਤ ਕਰੋ ਤੇ ਫਿਰ ਸਰਕਾਰ ਨੂੰ ਆਖੋ ਕਿ ਉਹ ਸੀ ਬੀ ਆਈ ਨੂੰ ਸਬੂਤ ਲੱਭਣ ਦਾ ਹੁਕਮ ਦੇਵੇ।

## ਪਿਓ-ਪੁੱਤਰ ਦੀ ਅੱਗ ਨਾਲ ਮੌਤ

**ਜਲੰਧਰ (ਸੁਰਿੰਦਰ ਕੁਮਾਰ)**-ਨਵੀਂ ਦਾਣਾ ਮੰਡੀ ਕੋਲ ਸਥਿਤ ਸਤਨਾਮ ਨਗਰ 'ਚ ਸ਼ੁੱਕਰਵਾਰ ਸਵੇਰੇ ਘਰ 'ਚ ਫਰਿੱਜ ਦੇ ਕੰਪਰੈਸ਼ਰ 'ਚੋਂ ਲੀਕ ਹੋਈ ਗੈਸ ਨਾਲ ਅੱਗ ਫੈਲਣ ਕਰਕੇ ਪਿਓ-ਪੁੱਤਰ ਦੀ ਮੌਤ ਹੋ ਗਈ। ਹਸਪਤਾਲ ਲਿਜਾਣ 'ਤੇ ਹਰਪਾਲ ਸਿੰਘ ਤੇ ਉਸਦੇ ਪੁੱਤਰ ਜਸ਼ਨ ਸਿੰਘ (14) ਨੂੰ ਮ੍ਰਿਤਕ ਐਲਾਨ ਦਿੱਤਾ ਗਿਆ ਜਦਕਿ ਹਰਪਾਲ ਸਿੰਘ ਦੀ ਪਤਨੀ ਦੀ ਹਾਲਤ ਗੰਭੀਰ ਦੱਸੀ ਗਈ ਹੈ।

## ਜਗ ਬੈਂਸ ਦੀ ਬੱਲੇ-ਬੱਲੇ

**ਲਾਸ ਏਂਜਲਸ** : ਵਾਸ਼ਿੰਗਟਨ 'ਚ ਟਰੱਕ ਕੰਪਨੀ ਦੇ ਮਾਲਕ ਜਗ ਬੈਂਸ ਨੇ ਰਿਐਲਿਟੀ ਸ਼ੋਅ 'ਬਿੱਗ ਬ੍ਰਦਰ' ਜਿੱਤਣ ਵਾਲਾ ਪਹਿਲਾ ਸਿੱਖ-ਅਮਰੀਕੀ ਬਣ ਕੇ ਇਤਿਹਾਸ ਰਚ ਦਿੱਤਾ।

25 ਸਾਲਾ ਟੀ ਵੀ ਸ਼ਖਸੀਅਤ ਨੇ ਮੈਟ ਕਲੋਟਜ਼, ਪੇਸ਼ੇਵਰ ਤੈਰਾਕ ਅਤੇ ਡੀਜੇ ਬੋਵੀ ਜੇਨ ਨੂੰ ਹਰਾ ਕੇ 100 ਦਿਨਾਂ ਲੰਬੇ 25ਵੇਂ ਸੀਜ਼ਨ 'ਚ ਪਹਿਲਾ ਸਥਾਨ ਹਾਸਲ ਕੀਤਾ। ਉਸਨੂੰ 750,000 ਡਾਲਰ ਦੀ ਇਨਾਮੀ ਰਕਮ ਮਿਲੇਗੀ।

## 24.95 ਕਰੋੜ ਦੀ ਜਾਇਦਾਦ ਜ਼ਬਤ

**ਨਵੀਂ ਦਿੱਲੀ** : ਈ ਡੀ ਨੇ ਕਾਲੇ ਧਨ ਨੂੰ ਸਫੈਦ ਕਰਨ ਦੇ ਮਾਮਲੇ 'ਚ ਹੀਰੋ ਮੋਟੋਕਾਰਪ ਦੇ ਕਾਰਜਕਾਰੀ ਚੇਅਰਮੈਨ ਪਵਨ ਕਾਂਤ ਮੁੰਜਾਲ ਦੀ 24.95 ਕਰੋੜ ਰੁਪਏ ਦੀ ਜਾਇਦਾਦ ਜ਼ਬਤ ਕੀਤੀ ਹੈ।

## ਪੰਜਾਬ ਤੇ ਹਰਿਆਣਾ 'ਚ ਮੀਂਹ

**ਚੰਡੀਗੜ੍ਹ** : ਪੰਜਾਬ ਤੇ ਹਰਿਆਣਾ ਦੇ ਕੁਝ ਹਿੱਸਿਆਂ 'ਚ ਬਰਸਾਤ ਤੋਂ ਬਾਅਦ ਤਾਪਮਾਨ 'ਚ ਗਿਰਾਵਟ ਆ ਗਈ। ਅੰਮ੍ਰਿਤਸਰ 'ਚ 9.2 ਮਿਲੀਮੀਟਰ, ਜਲੰਧਰ 'ਚ 7.2 ਮਿਲੀਮੀਟਰ, ਤਰਨਤਾਰਨ 'ਚ 5 ਮਿਲੀਮੀਟਰ ਅਤੇ ਮੋਗਾ 'ਚ 2 ਮਿਲੀਮੀਟਰ ਮੀਂਹ ਪਿਆ। ਹਰਿਆਣਾ ਦੇ ਝੱਜਰ ਅਤੇ ਨਾਰਨੌਲ 'ਚ ਛੇ-ਛੇ ਮਿਲੀਮੀਟਰ, ਫਰੀਦਾਬਾਦ 'ਚ ਚਾਰ ਮਿਲੀਮੀਟਰ, ਗੁਰੂਗ੍ਰਾਮ ਅਤੇ ਰੋਹਤਕ 'ਚ ਦੋ-ਦੋ ਮਿਲੀਮੀਟਰ ਅਤੇ ਹਿਸਾਰ 'ਚ ਇੱਕ ਮਿਲੀਮੀਟਰ ਮੀਂਹ ਪਿਆ।

## ਸੁਣਵਾਈ ਤੋਂ ਇਨਕਾਰ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਭਾਰਤ ਵਿਚ ਹਿੰਦੂ ਧਰਮ ਦੀ 'ਰੱਖਿਆ' ਲਈ ਦਿਸ਼ਾ-ਨਿਰਦੇਸ਼ ਬਣਾਉਣ ਲਈ ਕੇਂਦਰ ਨੂੰ ਹੁਕਮ ਦੇਣ ਦੀ ਮੰਗ ਵਾਲੀ ਪਟੀਸ਼ਨ 'ਤੇ ਸ਼ੁੱਕਰਵਾਰ ਸੁਣਵਾਈ ਕਰਨ ਤੋਂ ਇਨਕਾਰ ਕਰ ਦਿੱਤਾ। ਜਸਟਿਸ ਸੰਜੇ ਕਿਸ਼ਨ ਕੌਲ, ਜਸਟਿਸ ਸੁਧਾਂਸ਼ੂ ਧੂਲੀਆ ਅਤੇ ਜਸਟਿਸ ਅਹਿਸਾਨੁਦੀਨ ਅਮਾਨਉੱਲਾ ਦੀ ਬੈਂਚ ਨੇ ਕਿਹਾ ਕਿ ਸੁਪਰੀਮ ਕੋਰਟ ਅਜਿਹੀ ਬੇਨਤੀ ਕਰਨ ਵਾਲੀ ਪਟੀਸ਼ਨ 'ਤੇ ਸੁਣਵਾਈ ਕਰਨ ਲਈ ਤਿਆਰ ਨਹੀਂ ਹੈ।

## ਰਣਜੀਤ ਸਿੰਘ ਕਲਿਆਣ ਦੇ ਅੰਤਿਮ ਸੰਸਕਾਰ ਮੌਕੇ ਸੈਂਕੜੇ ਲੋਕ ਪੁੱਜੇ



**ਮਾਲੇਰਕੋਟਲਾ** : ਬੀਤੇ ਦਿਨੀਂ ਪੰਜਾਬ ਪੱਲੇਦਾਰ ਯੂਨੀਅਨ (ਏਟਕ) ਪੰਜਾਬ ਦੇ ਸੂਬਾਈ ਆਗੂ ਕਾਮਰੇਡ ਰਣਜੀਤ ਸਿੰਘ ਕਲਿਆਣ ਸਦੀਵੀ ਵਿਛੋੜਾ ਦੇ ਗਏ। 30 ਅਕਤੂਬਰ ਨੂੰ ਡੀ ਸੀ ਮਾਲੇਰਕੋਟਲਾ ਦੇ ਦਫਤਰ ਅੱਗੇ ਮਜ਼ਦੂਰਾਂ ਦੀਆਂ ਮੰਗਾਂ ਨੂੰ ਲੈ ਕੇ ਏਟਕ ਵੱਲੋਂ ਕੀਤੀ ਗਈ ਰੈਲੀ ਤੋਂ ਵਾਪਸੀ ਮੌਕੇ ਸੰਦੌੜ ਦੇ ਨਜ਼ਦੀਕ ਕਾਮਰੇਡ ਰਣਜੀਤ ਸਿੰਘ ਕਲਿਆਣ ਦਾ ਟੈਂਪੂ ਨਾਲ ਐਕਸੀਡੈਂਟ ਹੋ ਗਿਆ ਸੀ। ਉਹ ਲੁਧਿਆਣਾ ਦੇ ਹਸਪਤਾਲ ਵਿਖੇ ਵੀਰਵਾਰ ਦਮ ਤੋੜ ਗਏ। ਉਨ੍ਹਾ ਦਾ ਪਿੰਡ ਕਲਿਆਣ ਵਿਖੇ ਅੰਤਿਮ ਸੰਸਕਾਰ ਕੀਤਾ ਗਿਆ। ਇਸ ਮੌਕੇ ਪੰਜਾਬ ਏਟਕ ਦੇ ਸੂਬਾ ਪ੍ਰਧਾਨ ਅਤੇ ਸੀ ਪੀ ਆਈ ਪੰਜਾਬ ਦੇ ਸਕੱਤਰ ਕਾਮਰੇਡ ਬੰਤ ਸਿੰਘ ਬਰਾੜ, ਜ਼ਿਲ੍ਹਾ ਮਾਲੇਰਕੋਟਲਾ ਸੀ ਪੀ ਆਈ ਦੇ ਕਨਵੀਨਰ ਕਾਮਰੇਡ ਭਰਪੂਰ ਸਿੰਘ ਬੂਲਾਪੁਰ, ਪੀ ਆਰ ਟੀ ਸੀ ਪੈਨਸ਼ਨਰ ਯੂਨੀਅਨ ਦੇ ਸੂਬਾ ਜਨਰਲ ਸਕੱਤਰ ਕਾਮਰੇਡ ਮਹੰਮਦ ਖਲੀਲ, ਕਾ.ਅਮਰ ਸਿੰਘ ਭੱਟੀਆਂ ਜਨਰਲ ਸਕੱਤਰ ਪੰਜਾਬ ਪੱਲੇਦਾਰ ਯੂਨੀਅਨ (ਏਟਕ) ਪੰਜਾਬ, ਪਿਆਰਾ ਲਾਲ, ਦਨੇਸ ਭਾਰਦਵਾਜ, ਪੱਲੇਦਾਰਾਂ ਦੇ ਆਗੂ ਗੁਰਮੀਤ ਸਿੰਘ ਖੰਨਾ, ਅਲੀ ਮੁਹੰਮਦ, ਕਾਮਰੇਡ ਮੁਕੰਦ ਸਿੰਘ ਮਾਨਵੀ ਰੇਲਵੇ ਮੁਲਾਜ਼ਮ ਆਗੂ ਤੇ ਹੋਰਾਂ ਨੇ ਕਾਮਰੇਡ ਰਣਜੀਤ ਕਲਿਆਣ ਦੀ ਦੇਹ 'ਤੇ ਲਾਲ ਝੰਡਾ ਪਾ ਕੇ ਅੰਤਿਮ ਵਿਦਾਇਗੀ ਦਿੱਤੀ। ਉਹ ਆਪਣੇ ਪਿੱਛੇ ਪਤਨੀ, ਦੋ ਬੇਟੇ ਅਤੇ ਤਿੰਨ ਬੇਟੀਆਂ, ਪੋਤਰੇ, ਦੋਹਤੇ ਛੱਡ ਗਏ ਹਨ। ਉਹਨਾਂ ਦੇ ਅੰਤਿਮ ਸੰਸਕਾਰ ਮੌਕੇ ਸੈਂਕੜਿਆਂ ਦੀ ਗਿਣਤੀ ਵਿੱਚ ਲੋਕ ਸ਼ਾਮਲ ਹੋਏ। ਉਹਨਾਂ ਦੀ ਅੰਤਿਮ ਅਰਦਾਸ 19 ਨਵੰਬਰ ਦਿਨ ਐਤਵਾਰ ਨੂੰ ਦੁਪਹਿਰ 1 ਵਜੇ ਜਲਵਾਣਾ ਰੋਡ ਪਿੰਡ ਕਲਿਆਣ ਦੇ ਗੁਰਦੁਆਰਾ ਸਾਹਿਬ ਵਿਖੇ ਹੋਵੇਗੀ।

## ਨਸ਼ਾ ਤਸਕਰੀ ਦੇ ਮੁਲਜ਼ਮ ਦੇ 1.34 ਕਰੋੜ ਜ਼ਬਤ

**ਨਵੀਂ ਦਿੱਲੀ** : ਕੌਮੀ ਜਾਂਚ ਏਜੰਸੀ ਨੇ ਨਸ਼ਾ ਤਸਕਰੀ ਦੇ ਮੁਲਜ਼ਮ ਅੰਮ੍ਰਿਤਪਾਲ ਸਿੰਘ ਦੇ ਘਰੋਂ ਮਿਲੇ 1.34 ਕਰੋੜ ਰੁਪਏ ਜ਼ਬਤ ਕਰ ਲਏ ਹਨ। ਤਰਨਤਾਰਨ ਦੇ ਅੰਮ੍ਰਿਤਪਾਲ ਨੂੰ ਕਸਟਮ ਵਿਭਾਗ ਵੱਲੋਂ 102.7 ਕਿਲੋਗ੍ਰਾਮ ਹੈਰੋਇਨ ਜ਼ਬਤ ਕਰਨ ਤੋਂ ਬਾਅਦ ਅਪਰੈਲ 2022 'ਚ ਦਰਜ ਕੇਸ 'ਚ ਚਾਰਜਸ਼ੀਟ ਕੀਤਾ ਗਿਆ ਸੀ। ਏਜੰਸੀ ਅਨੁਸਾਰ ਅਫਗਾਨਿਸਤਾਨ ਤੋਂ ਹੈਰੋਇਨ ਪਿਛਲੇ ਸਾਲ 22 ਅਪਰੈਲ ਨੂੰ ਅਟਾਰੀ ਵਿਖੇ ਸਾਂਝੀ ਚੈੱਕ ਪੋਸਟ ਰਾਹੀਂ ਭਾਰਤ 'ਚ ਲਿਆਂਦੀ ਗਈ ਸੀ। ਪਤਾ ਲੱਗਾ ਹੈ ਕਿ ਅੰਮ੍ਰਿਤਪਾਲ ਸਿੰਘ ਦੇ ਘਰ ਤੋਂ ਜ਼ਬਤ ਕੀਤੇ ਗਏ 1.34 ਕਰੋੜ ਰੁਪਏ ਨਸ਼ੀਲੇ ਪਦਾਰਥਾਂ ਦੀ ਕਮਾਈ ਸੀ।

## ਪੱਤਰਕਾਰਾਂ ਵੱਲੋਂ ਜੰਗਬੰਦੀ ਲਈ ਪ੍ਰਦਰਸ਼ਨ



**ਨਿਊਯਾਰਕ** : ਫਲਸਤੀਨੀ ਸਮਰਥਕਾਂ ਨੇ ਨਿਊਯਾਰਕ 'ਚ 'ਦਿ ਨਿਊਯਾਰਕ ਟਾਈਮਜ਼' ਦੇ ਦਫਤਰ ਦੀ ਲਾਬੀ 'ਚ ਪ੍ਰਦਰਸ਼ਨ ਕਰਦਿਆਂ ਗਾਜ਼ਾ 'ਚ ਤੁਰੰਤ ਜੰਗਬੰਦੀ ਦੀ ਮੰਗ ਕੀਤੀ ਅਤੇ ਇਜ਼ਰਾਈਲ-ਹਮਾਸ ਜੰਗ ਦੀ ਕਵਰੇਜ ਕਰਦੇ ਹੋਏ ਨਿਰਪੱਖ ਖਬਰਾਂ ਨਾ ਦਿਖਾਉਣ ਦਾ ਦੋਸ਼ ਲਾਇਆ। ਸੈਂਕੜੇ ਪ੍ਰਦਰਸ਼ਨਕਾਰੀ ਮੀਡੀਆ ਸੰਗਠਨ ਦੇ ਮੈਨਹੱਟਨ ਦਫਤਰ ਵਿਖੇ ਇਕੱਠੇ ਹੋਏ। ਇਨ੍ਹਾਂ ਵਿੱਚੋਂ ਕਈ ਲੋਕ ਇਮਾਰਤ ਦੇ ਵਿਹੜੇ 'ਚ ਆ ਗਏ ਅਤੇ ਇੱਕ ਘੰਟੇ ਤੋਂ ਵੱਧ ਸਮਾਂ ਧਰਨਾ ਦਿੱਤਾ।

ਇਸ ਪ੍ਰਦਰਸ਼ਨ ਦੀ ਅਗਵਾਈ 'ਰਾਈਟਰਜ਼ ਬਲਾਕ' ਨਾਂ ਦੇ ਮੀਡੀਆ ਕਰਮੀਆਂ ਦੇ ਸਮੂਹ ਨੇ ਕੀਤੀ। ਪ੍ਰਦਰਸ਼ਨਕਾਰੀਆਂ ਨੇ ਗਾਜ਼ਾ 'ਚ ਮਾਰੇ ਗਏ ਹਜ਼ਾਰਾਂ ਫਲਸਤੀਨੀਆਂ ਦਾ ਹਵਾਲਾ ਦਿੱਤਾ, ਜਿਨ੍ਹਾਂ 'ਚ ਘੱਟੋ-ਘੱਟ 36 ਪੱਤਰਕਾਰ ਵੀ ਸ਼ਾਮਲ ਸਨ।

## ਜ਼ਮੀਨੀ ਪੱਧਰ 'ਤੇ ਕੁਝ ਨਹੀਂ ਹੋ ਰਿਹਾ : ਸੁਪਰੀਮ ਕੋਰਟ

**ਨਵੀਂ ਦਿੱਲੀ** : ਸੁਪਰੀਮ ਕੋਰਟ ਨੇ ਸ਼ੁੱਕਰਵਾਰ ਦਿੱਲੀ ਤੇ ਐੱਨ ਸੀ ਆਰ 'ਚ ਹਵਾ ਪ੍ਰਦੂਸ਼ਣ ਬਾਰੇ ਕਿਹਾ ਕਿ ਪਰਾਲੀ ਸਾੜਨ ਦੀਆਂ ਘਟਨਾਵਾਂ ਰੋਕਣੀਆਂ ਪੈਣਗੀਆਂ। ਉਸਨੇ ਕਿਹਾ—ਸਾਡੇ ਕੋਲ ਬਹੁਤ ਸਾਰੀਆਂ ਰਿਪੋਰਟਾਂ ਅਤੇ ਕਮੇਟੀਆਂ ਹਨ ਪਰ ਜ਼ਮੀਨੀ ਪੱਧਰ 'ਤੇ ਕੁਝ ਨਹੀਂ ਹੋ ਰਿਹਾ। ਅਸੀਂ ਨਤੀਜੇ ਦੇਖਣਾ ਚਾਹੁੰਦੇ ਹਾਂ, ਅਸੀਂ ਤਕਨੀਕੀ ਵਿਅਕਤੀ ਨਹੀਂ। ਇਸੇ ਦੌਰਾਨ ਦਿੱਲੀ ਦੀ ਮਾਲ ਮੰਤਰੀ ਆਤਿਸ਼ੀ ਨੇ ਵੀਰਵਾਰ ਰਾਤ ਬਾਰਡਰ ਦਾ ਨਿਰੀਖਣ ਕੀਤਾ ਤੇ ਗੁਆਂਢੀ ਸੂਬੇ ਤੋਂ ਆ ਰਹੇ ਟਰੱਕਾਂ ਦੀ ਜਾਂਚ ਕੀਤੀ। ਦਿੱਲੀ ਸਰਕਾਰ ਨੇ ਟਰੱਕਾਂ ਉਪਰ ਦਿੱਲੀ 'ਚ ਦਾਖਲ ਹੋਣ 'ਤੇ ਰੋਕ ਲਾਈ ਹੋਈ ਹੈ। ਉਧਰ, ਹਫਤੇ ਤੋਂ ਹਵਾ ਪ੍ਰਦੂਸ਼ਣ ਦੇ ਖਤਰਨਾਕ ਪੱਧਰ ਤੋਂ ਪ੍ਰੇਸ਼ਾਨ ਦਿੱਲੀ ਵਾਸੀਆਂ ਨੂੰ ਵੀਰਵਾਰ ਰਾਤ ਭਰ ਪਏ ਮੀਂਹ ਕਾਰਨ ਰਾਹਤ ਮਿਲੀ ਅਤੇ ਸ਼ੁੱਕਰਵਾਰ ਸਵੇਰੇ ਕੌਮੀ ਰਾਜਧਾਨੀ 'ਚ ਹਵਾ ਦੀ ਗੁਣਵੱਤਾ 'ਚ ਸਪੱਸ਼ਟ ਸੁਧਾਰ ਦੇਖਣ ਨੂੰ ਮਿਲਿਆ।

## ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੀ ਸੂਬਾਈ ਕਨਵੈਨਸ਼ਨ 18 ਨੂੰ

**ਜਲੰਧਰ (ਗਿਆਨ ਸੈਦਪੁਰੀ)**



ਮਜ਼ਦੂਰ ਕਨਵੈਨਸ਼ਨ ਦੀ ਜਾਣਕਾਰੀ ਦੇਣ ਮੌਕੇ ਵੱਖ-ਵੱਖ ਮਜ਼ਦੂਰ ਜਥੇਬੰਦੀਆਂ ਦੇ ਆਗੂ।

ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਸੂਬਾਈ ਕਨਵੈਨਸ਼ਨ 18 ਨਵੰਬਰ ਨੂੰ ਦੇਸ਼ ਭਗਤ ਯਾਦਗਾਰ ਵਿੱਚ ਸਥਾਪਤ ਵਿਸ਼ਨੂੰ ਗਣੇਸ਼ ਪਿੰਗਲੇ ਹਾਲ ਵਿੱਚ ਕੀਤੀ ਜਾਵੇਗੀ। ਇਸ ਫੈਸਲੇ ਦਾ ਐਲਾਨ ਸ਼ੁੱਕਰਵਾਰ ਨੂੰ ਸਾਂਝੇ ਮੋਰਚੇ ਦੀ ਇੱਥੇ ਹੋਈ ਮੀਟਿੰਗ ਦੌਰਾਨ ਕੀਤਾ ਗਿਆ। ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਸਕੱਤਰ ਕਾਮਰੇਡ ਗੁਰਮੇਸ਼ ਸਿੰਘ ਦੀ ਪ੍ਰਧਾਨਗੀ ਹੇਠ ਬਾਬਾ ਭਗਤ ਸਿੰਘ ਬਿਲਗਾ ਯਾਦਗਾਰੀ ਲਾਇਬ੍ਰੇਰੀ ਵਿੱਚ ਹੋਈ ਮੀਟਿੰਗ ਵਿੱਚ ਪੇਂਡੂ ਤੇ ਖੇਤ ਮਜ਼ਦੂਰਾਂ ਨੂੰ ਦਰਪੇਸ਼ ਵੱਖ-ਵੱਖ ਮਸਲਿਆਂ 'ਤੇ ਨਿੱਠ ਕੇ ਮੰਥਨ ਕਰਨ ਲਈ ਕੀਤੀ ਜਾ ਰਹੀ ਕਨਵੈਨਸ਼ਨ ਨੂੰ ਸੁਚਾਰੂ ਢੰਗ ਨਾਲ ਚਲਾਉਣ ਲਈ ਵੱਖ-ਵੱਖ ਕਮੇਟੀਆਂ ਦਾ ਗਠਨ ਕੀਤਾ ਗਿਆ। ਇਹ ਕਨਵੈਨਸ਼ਨ 12 ਤੋਂ 3 ਵਜੇ ਤੱਕ ਚੱਲੇਗੀ।

ਇਸ ਕਨਵੈਨਸ਼ਨ ਵਿੱਚ ਲੋੜਵੰਦ ਮਜ਼ਦੂਰਾਂ ਨੂੰ 10-10 ਮਰਲੇ ਦੇ ਰਿਹਾਇਸ਼ੀ ਪਲਾਟ ਅਤੇ ਮਕਾਨ ਉਸਾਰੀ ਵਾਸਤੇ ਪੰਜ ਲੱਖ ਰੁਪਏ ਦੀ ਗਰਾਂਟ ਦੇਣ, ਲਾਲ ਲਕੀਰ ਅੰਦਰਲੇ ਪਰਵਾਰਾਂ ਨੂੰ ਮਾਲਕੀ ਹੱਕ ਦੇਣ ਸੰਬੰਧੀ, ਪੇਂਡੂ ਤੇ ਖੇਤ ਮਜ਼ਦੂਰਾਂ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ, ਮਜ਼ਦੂਰਾਂ ਨੂੰ ਕੋਆਪ੍ਰੇਟਿਵ ਸੁਸਾਇਟੀਆਂ ਦੇ ਮੈਂਬਰ ਬਣਾ ਕੇ ਇੱਕ ਲੱਖ ਰੁਪਏ ਤੱਕ ਦਾ ਕਰਜ਼ਾ ਬਿਨਾਂ ਵਿਆਜ ਦੇਣ, ਖੇਤ ਮਜ਼ਦੂਰ ਸਮੇਤ ਬੇਜ਼ਮੀਨੇ, ਥੁੜ ਜ਼ਮੀਨੇ ਅਤੇ ਗ਼ਰੀਬ ਕਿਸਾਨਾਂ ਸਿਰ ਚੜ੍ਹਿਆ ਸਰਕਾਰੀ ਤੇ ਗੈਰ ਸਰਕਾਰੀ ਕਰਜ਼ਾ (ਸਮੇਤ ਮਾਈਕਰੋਫਾਈਨਾਂਸ ਕੰਪਨੀਆਂ ਦੇ) ਮਾਫ਼ ਕਰਨ, ਵਿਧਵਾ, ਬੁਢਾਪਾ ਤੇ ਅੰਗਹੀਣਾਂ ਨੂੰ ਪੰਜ ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਦੇਣ, ਪੰਚਾਇਤੀ ਜ਼ਮੀਨਾਂ ਵਿੱਚੋਂ ਤੀਸਰਾ ਹਿੱਸਾ ਐੱਸ ਸੀ ਭਾਈਚਾਰੇ ਨੂੰ ਘੱਟ ਰੇਟ 'ਤੇ ਦੇਣ ਨੂੰ ਯਕੀਨੀ ਬਣਾਉਣ, ਅਸਮਾਨ ਚੜ੍ਹੀ ਮਹਿੰਗਾਈ ਨੂੰ ਕੰਟਰੋਲ ਕਰਨ, ਕਰਜ਼ੇ ਅਤੇ ਗ਼ਰੀਬੀ ਕਾਰਨ ਖੁਦਕੁਸ਼ੀਆਂ ਕਰ ਗਏ ਮਜ਼ਦੂਰਾਂ-ਕਿਸਾਨਾਂ ਦੇ ਆਸ਼ਰਿਤਾਂ ਨੂੰ 10 ਲੱਖ ਰੁਪਏ ਮੁਆਵਜ਼ਾ ਦੇਣ, ਹੜ੍ਹਾਂ ਕਾਰਨ ਮਜ਼ਦੂਰਾਂ ਦੇ ਨੁਕਸਾਨੇ ਅਤੇ ਡਿੱਗ ਚੁੱਕੇ ਮਕਾਨਾਂ ਦਾ ਯੋਗ ਮੁਆਵਜ਼ਾ ਦੇਣ, ਮਿਆਰੀ ਸਿੱਖਿਆ ਅਤੇ ਸਿਹਤ ਸਹੂਲਤਾਂ ਤੇ ਪੀਣ ਵਾਲਾ ਸਾਫ਼ ਪਾਣੀ ਮਜ਼ਦੂਰਾਂ ਸਮੇਤ ਸਭਨਾਂ ਲੋਕਾਂ ਨੂੰ ਮੁਹੱਈਆ ਕਰਵਾਉਣ, ਮਜ਼ਦੂਰਾਂ 'ਤੇ ਹੁੰਦਾ ਸਮਾਜਕ ਜਬਰ ਬੰਦ ਕਰਨ, ਕੇਂਦਰ ਸਰਕਾਰ ਵੱਲੋਂ ਕਿਰਤ ਕਾਨੂੰਨਾਂ ਵਿੱਚ ਕੀਤੀਆਂ ਗਈਆਂ ਸੋਧਾਂ ਵਿਰੁੱਧ ਪੰਜਾਬ ਵਿਧਾਨ ਸਭਾ ਵਿੱਚ ਮਤਾ ਪਾਸ ਕਰਵਾਉਣ, ਜ਼ਮੀਨੀ ਹੱਦਬੰਦੀ ਕਾਨੂੰਨ ਲਾਗੂ ਕਰਵਾਉਣ ਅਤੇ ਹੋਰ ਮੰਗਾਂ ਮਨਵਾਉਣ ਲਈ ਰਣਨੀਤੀ ਤੈਅ ਕੀਤੀ ਜਾਵੇਗੀ।

ਮੀਟਿੰਗ ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਕਾਮਰੇਡ ਹਰਮੇਸ਼ ਮਾਲੜੀ, ਦਿਹਾਤੀ ਮਜ਼ਦੂਰ ਸਭਾ ਦੇ ਸੂਬਾ ਪ੍ਰਧਾਨ ਦਰਸ਼ਨ ਨਾਹਰ ਤੇ ਬਲਦੇਵ ਨੂਰਪੁਰੀ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਆਗੂ ਗਿਆਨ ਸੈਦਪੁਰੀ ਤੇ ਵੀਰ ਕੁਮਾਰ, ਪੇਂਡੂ ਮਜ਼ਦੂਰ ਯੂਨੀਅਨ ਦੇ ਆਗੂ ਹੰਸ ਰਾਜ ਪੱਬਵਾਂ, ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਆਗੂ ਪ੍ਰਸ਼ੋਤਮ ਬਿਲਗਾ ਤੇ ਸੋਢੀ ਲਾਲ ਉੱਪਲ, ਦਿਹਾਤੀ ਮਜ਼ਦੂਰ ਸਭਾ ਦੇ ਜ਼ਿਲ੍ਹਾ ਪ੍ਰਧਾਨ ਨਿਰਮਲ ਸਿੰਘ ਮਲਸੀਆਂ, ਜਨਰਲ ਸਕੱਤਰ ਪਰਮਜੀਤ ਰੰਧਾਵਾ ਤੇ ਸੂਬਾ ਕਮੇਟੀ ਮੈਂਬਰ ਹਰਬੰਸ ਮੱਟੂ ਸ਼ਾਮਲ ਸਨ।

## ਅੱਜ-ਨਾਮਾ

ਅੜਿੱਕੇ ਨਿੱਤ ਗਵਰਨਰ ਸੀ ਪਾਈ ਜਾਂਦਾ,
ਉਸ ਨੂੰ ਬਰੇਕ ਅਦਾਲਤ ਨੇ ਲਾਈ ਬੇਲੀ।
ਝਿੜਕੀ ਬੇਸ਼ੱਕ ਸਰਕਾਰ ਵੀ ਨਾਲ ਕਾਫੀ,
ਵੱਡੀ ਤਾਂ ਝਾੜ ਗਵਰਨਰ ਨੂੰ ਪਾਈ ਬੇਲੀ।
ਧਿਰ ਵਿਰੋਧ ਦੀ ਨਿੱਤ ਸੀ ਮਿਲਣ ਜਾਂਦੀ,
ਜਾਂਦੀ ਰਸਮ ਕੁਝ ਜਿਵੇਂ ਨਿਭਾਈ ਬੇਲੀ।
ਲਾਇਆ ਜ਼ੋਰ ਤੇ ਕਿਸੇ ਨੇ ਘੱਟ ਨਹੀਂ ਸੀ,
ਕੀਤੀ ਖੇਚਲ ਵੀ ਰਾਸ ਨਹੀਂ ਆਈ ਬੇਲੀ।
ਭਵਿੱਖ ਦੀ ਸੋਚ ਗਵਰਨਰ ਨੂੰ ਚਾਹੀਦੀ ਉ,
ਕੁਝ-ਕੁਝ ਸਮਝ ਸਰਕਾਰ ਵੀ ਕਰੇ ਬੇਲੀ।
ਸੁਰ ਕੁਝ ਮਿਲੀ ਤਾਂ ਚੱਲੂ ਇਹ ਫੇਰ ਗੱਡੀ,
ਅੜੀਆਂ ਕੀਤਿਆਂ ਬੁੱਤਾ ਨਹੀਂ ਸਰੇ ਬੇਲੀ।

-ਤੀਸ ਮਾਰ ਖਾਂ

## ਭਾਰਤ ਤੇ ਅਮਰੀਕਾ ਵੱਲੋਂ ਰੱਖਿਆ ਸਹਿਯੋਗ ਵਧਾਉਣ 'ਤੇ ਚਰਚਾ



**ਨਵੀਂ ਦਿੱਲੀ** : ਭਾਰਤ ਅਤੇ ਅਮਰੀਕਾ ਨੇ ਰੱਖਿਆ ਉਦਯੋਗਾਂ ਦੇ ਖੇਤਰ 'ਚ ਸੰਬੰਧਾਂ ਨੂੰ ਹੋਰ ਮਜ਼ਬੂਤ ਕਰਨ, ਹਿੰਦ ਪ੍ਰਸ਼ਾਂਤ ਹਿੱਸੇਦਾਰੀ ਵਧਾਉਣ ਅਤੇ ਮਹੱਤਵਪੂਰਨ ਖਣਿਜਾਂ ਤੇ ਉੱਚ ਪੱਧਰੀ ਤਕਨੀਕੀ ਖੇਤਰਾਂ 'ਚ ਸਹਿਯੋਗ ਨੂੰ ਉਤਸ਼ਾਹਤ ਕਰਨ ਲਈ ਆਪਣੀ ਕੌਮਾਂਤਰੀ ਰਣਨੀਤਕ ਭਾਈਵਾਲੀ ਨੂੰ ਵਧਾਉਣ ਉੱਤੇ ਸ਼ੁੱਕਰਵਾਰ ਵਿਆਪਕ ਚਰਚਾ ਕੀਤੀ। 'ਟੂ ਪਲੱਸ ਟੂ' ਮੰਤਰੀ ਪੱਧਰੀ ਵਾਰਤਾ 'ਚ ਅਮਰੀਕੀ ਵਫਦ ਦੀ ਅਗਵਾਈ ਅਮਰੀਕੀ ਵਿਦੇਸ਼ ਮੰਤਰੀ ਐਂਟਨੀ ਬਲਿੰਕਨ ਅਤੇ ਅਮਰੀਕੀ ਰੱਖਿਆ ਮੰਤਰੀ ਲੋਇਡ ਆਸਟਿਨ ਨੇ ਕੀਤੀ। ਭਾਰਤੀ ਵਫਦ ਦੀ ਅਗਵਾਈ ਵਿਦੇਸ਼ ਮੰਤਰੀ ਐੱਸ ਜੈਸ਼ੰਕਰ ਅਤੇ ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕੀਤੀ।

ਜੈਸ਼ੰਕਰ ਅਤੇ ਬਲਿੰਕਨ ਨੇ ਸਵੇਰੇ ਹਮਾਸ-ਇਜ਼ਰਾਈਲ ਯੁੱਧ ਕਾਰਨ ਪੈਦਾ ਹੋਈ ਸਥਿਤੀ ਅਤੇ ਭਾਰਤ ਤੇ ਅਮਰੀਕਾ ਵਿਚਾਲੇ ਰਣਨੀਤਕ ਸਾਂਝੇਦਾਰੀ ਨੂੰ ਹੋਰ ਡੂੰਘਾ ਕਰਨ ਦੇ ਤਰੀਕਿਆਂ 'ਤੇ ਗੱਲਬਾਤ ਕੀਤੀ।





ਪੰਜਾਬ ਵਿੱਚ ਹੇਠ ਲਿਖੇ ਦਿਨਾਂ ਅਤੇ ਸਮੇਂ ਅਨੁਸਾਰ ਬਹੁਤ ਘੱਟ ਸਮੇਂ ਲਈ ਕੇਵਲ ਹਰੇ ਪਟਾਕੇ ਚਲਾਉਣ ਦੀ ਹੀ ਇਜਾਜ਼ਤ ਹੋਵੇਗੀ:

| ਤਿਉਹਾਰ | ਦਿਨ | ਪਟਾਕੇ ਚਲਾਉਣ ਲਈ ਸਮਾਂ |
|---|---|---|
| ਦੀਵਾਲੀ | 12 ਨਵੰਬਰ, 2023 | ਸ਼ਾਮ 8:00 ਵਜੇ ਤੋਂ 10:00 ਵਜੇ ਤੱਕ |
| ਗੁਰਪੁਰਬ | 27 ਨਵੰਬਰ, 2023 | ਸਵੇਰੇ 4:00 ਵਜੇ ਤੋਂ 5:00 ਵਜੇ ਤੱਕ<br>ਰਾਤ 9:00 ਵਜੇ ਤੋਂ 10:00 ਵਜੇ ਤੱਕ |
| ਕ੍ਰਿਸਮਿਸ | 25-26, ਦਸੰਬਰ, 2023 | ਰਾਤ 11:55 ਵਜੇ ਤੋਂ ਸਵੇਰੇ 12:30 ਵਜੇ ਤੱਕ |
| ਨਵਾਂ ਸਾਲ | 31 ਦਸੰਬਰ, 2023<br>01 ਜਨਵਰੀ, 2024 | ਰਾਤ 11:55 ਵਜੇ ਤੋਂ ਸਵੇਰੇ 12:30 ਵਜੇ ਤੱਕ |

ਸਲਾਹ: ਕੇਵਲ ਵਾਤਾਵਰਣ ਪੱਖੀ ਪਟਾਕਿਆਂ (ਜੋ ਬੇਰੀਅਮ ਸਾਲਟ ਜਾਂ ਐਂਟੀਮਨੀ, ਲੀਥੀਅਮ, ਮਰਕਰੀ, ਆਰਸੈਨਿਕ, ਲੈਡ ਜਾਂ ਸਟਰੋਸ਼ੀਅਮ, ਕ੍ਰੋਮੇਟ ਦੇ ਮਿਸ਼ਰਣ ਰਹਿਤ) ਦੀ ਵਿਕਰੀ ਕਰਨ ਅਤੇ ਵਰਤਣ ਦੀ ਆਗਿਆ ਹੈ। ਲੜੀਬੰਦ ਪਟਾਕਿਆਂ ਜਾਂ ਲੜੀਆਂ ਦਾ ਉਤਪਾਦਨ, ਭੰਡਾਰ, ਵੰਡ, ਵਿਕਰੀ ਅਤੇ ਵਰਤੋਂ ਕਰਨ ਦੀ ਆਗਿਆ ਨਹੀਂ ਹੈ।

ਪਟਾਕਿਆਂ ਦੇ ਹਾਨੀਕਾਰਕ ਪ੍ਰਭਾਵ

- ਜ਼ਹਿਰੀਲੀਆਂ ਅਤੇ ਖਤਰਨਾਕ ਗੈਸਾਂ ਦਾ ਉਤਪਾਦਨ: ਕਾਰਬਨ ਮੋਨੋਆਕਸਾਈਡ, ਆਕਸਾਈਡ ਆਫ ਸਲਫਰ ਅਤੇ ਨਾਈਟ੍ਰੋਜ਼ਨ ਅਤੇ ਵਾਤਾਵਰਣ ਵਿੱਚ ਧਾਤਾਂ ਜਿਵੇਂ ਕਿ ਐਲੂਮੀਨੀਅਮ, ਬੇਰੀਅਮ ਅਤੇ ਆਇਰਨ।
- ਜ਼ਹਿਰੀਲੀ ਗੈਸਾਂ ਅਤੇ ਧਾਤਾਂ ਕੈਂਸਰ, ਗੁਰਦਿਆਂ ਦਾ ਨੁਕਸਾਨ, ਦਿਲ ਦਾ ਦੌਰਾ, ਜੈਨੇਟਿਕ ਪਰਿਵਰਤਨ ਅਤੇ ਬਹੁਤ ਸਾਰੇ ਹੋਰ ਰੋਗਾਂ ਦਾ ਕਾਰਣ ਬਣਦੇ ਹਨ।
- ਅੱਖਾਂ ਨੂੰ ਨੁਕਸਾਨ ਅਤੇ ਚਮੜੀ ਦੇ ਜਲਣ ਵਰਗੀਆਂ ਦੁਰਘਟਨਾਵਾਂ।
- ਅੱਗ ਲੱਗਣ ਨਾਲ ਜਾਨੀ ਅਤੇ ਮਾਲੀ ਨੁਕਸਾਨ ਦਾ ਖਤਰਾ।
- ਮਨੁੱਖਾਂ ਅਤੇ ਜਾਨਵਰਾਂ ਨੂੰ ਪਰੇਸ਼ਾਨੀ।
- ਹਵਾ ਅਤੇ ਸ਼ੋਰ ਪ੍ਰਦੂਸ਼ਣ।

ਪਟਾਕਿਆਂ ਦੀ ਵਿੱਕਰੀ ਅਤੇ ਵਰਤੋਂ ਲਈ ਨਿਯਮ ਬੋਰਡ ਦੀ ਵੈਬਸਾਈਟ ਤੇ ਹੇਠਾਂ ਦਿੱਤੇ ਲਿੰਕ ਤੇ ਵੇਖੇ ਜਾ ਸਕਦੇ ਹਨ: https://ppcb.punjab.gov.in/sites/default/files/documents/562%20dtd%2025_10_2023.pdf

ਪੰਜਾਬ ਪ੍ਰਦੂਸ਼ਣ ਰੋਕਥਾਮ ਬੋਰਡ
ਵਾਤਾਵਰਨ ਭਵਨ, ਨਾਭਾ ਰੋਡ, ਪਟਿਆਲਾ, ਫੋਨ: 0175-2302392, 2200282, ਫੈਕਸ 0175-2215636

# ਦੀਵਾਲੀ ਅਤੇ ਬੰਦੀ ਛੋੜ ਦਿਵਸ ਮੌਕੇ ਬਰਨਾਲਾ ਵਿਸ਼ੇਸ਼ ਸਪਲੀਮੈਂਟ





















## ਬਲੌਜ਼ਮਜ਼ ਵੱਲੋਂ ਜ਼ਿਲ੍ਹਾ ਪੱਧਰੀ ਸਾਇੰਸ ਕਾਂਗਰਸ 'ਚ ਸ਼ਮੂਲੀਅਤ



**ਜਗਰਾਓਂ** (ਅਮਿਤ ਖੰਨਾ)- ਬਲੌਜ਼ਮਜ਼ ਕਾਨਵੈਂਟ ਸਕੂਲ ਦੇ ਸਾਇੰਸ ਵਿਸ਼ੇ ਨਾਲ ਸੰਬੰਧਤ ਦਿਵਿਅਮ ਤੇ ਜੈਸਵੀਨ ਕੌਰ ਵਿਦਿਆਰਥੀਆਂ ਨੇ ਆਰ ਐੱਸ ਮਾਡਲ ਸੀਨੀਅਰ ਸੈਕੰਡਰੀ ਸਕੂਲ ਲੁਧਿਆਣਾ ਵਿਖੇ ਜ਼ਿਲ੍ਹਾ ਪੱਧਰੀ ਸਾਇੰਸ ਕਾਂਗਰਸ ਪ੍ਰਦਰਸ਼ਨੀ ਵਿੱਚ ਹਿੱਸਾ ਲਿਆ, ਜਿਸ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਵਾਤਾਵਰਨ ਤੇ ਸਿਹਤ ਸਬੰਧੀ ਜਾਣਕਾਰੀ ਮੁਹੱਈਆ ਕਰਵਾਉਣਾ ਸੀ। ਵਿਦਿਆਰਥੀਆਂ ਵੱਲੋਂ ਆਪਣੇ ਤਿਆਰ ਕੀਤੇ ਮਾਡਲ ਦੀ ਪ੍ਰਦਰਸ਼ਨੀ ਲਗਾਈ ਗਈ, ਜਿਸ ਦੀ ਕਾਫੀ ਸ਼ਲਾਘਾ ਕੀਤੀ ਗਈ। ਇਸ ਪ੍ਰਦਰਸ਼ਨੀ 'ਚ ਲਗਭਗ 51 ਸਕੂਲਾਂ ਨੇ ਭਾਗ ਲਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਡਾ. ਅਮਰਜੀਤ ਕੌਰ ਨਾਜ ਨੇ ਸਾਇੰਸ ਵਿਸ਼ੇ ਦੇ ਅਧਿਆਪਕ ਮਿ. ਰਾਜ ਕੁਮਾਰ ਕੱਕੜ ਤੇ ਮਿਸਿਜ਼ ਡਾਲੀ ਨੂੰ ਵਧਾਈ ਦਿੱਤੀ ਤੇ ਕਿਹਾ ਕਿ ਅੱਜ ਦਾ ਯੁੱਗ ਵਿਗਿਆਨ ਦਾ ਯੁੱਗ ਹੈ। ਆਉਣ ਵਾਲੇ ਸਮੇਂ ਵਿੱਚ ਇਸ ਦੀ ਬਹੁਤ ਮਹੱਤਤਾ ਹੈ। ਵਿਦਿਆਰਥੀ ਵਰਗ ਵਿੱਚ ਇਸ ਨਾਲ ਉਜਾਗਰਤਾ ਆਉਂਦੀ ਹੈ ਤੇ ਨਾਲ ਹੀ ਉਹ ਸਾਇੰਸ ਵਿਸ਼ੇ ਦੀਆਂ ਕਮੀਆਂ ਪੇਸ਼ੀਆਂ ਨੂੰ ਪ੍ਰੈਕਟੀਕਲ ਵਰਕ ਰਾਹੀਂ ਦੂਰ ਕਰ ਲੈਂਦੇ ਹਨ। ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਮਨਪ੍ਰੀਤ ਸਿੰਘ ਬਰਾੜ ਨੇ ਵੀ ਵਿਦਿਆਰਥੀਆਂ ਨੂੰ ਅੱਗੇ ਤੋਂ ਹੋਰ ਤਿਆਰੀ ਕਰਨ ਦੀ ਪ੍ਰੇਰਨਾ ਦਿੱਤੀ।

## ਡੀ ਏ ਵੀ ਕਾਲਜ ਵਿਖੇ ਫਿਜ਼ਿਕਸ ਕੁਇੱਜ਼ ਦਾ ਆਯੋਜਨ



**ਮਲੋਟ** (ਗੁਰਮੀਤ ਸਿੰਘ ਮੱਕੜ)-ਸਥਾਨਕ ਡੀ.ਏ.ਵੀ. ਕਾਲਜ ਦੇ ਭੌਤਿਕ ਵਿਗਿਆਨ ਵਿਭਾਗ ਨੇ ਪ੍ਰਿੰਸੀਪਲ ਸੁਭਾਸ਼ ਗੁਪਤਾ ਦੀ ਅਗਵਾਈ ਵਿੱਚ ਅਤੇ ਭੌਤਿਕ ਵਿਗਿਆਨ ਵਿਭਾਗ ਦੇ ਮੁਖੀ ਪ੍ਰੋ. ਸੁਦੇਸ਼ ਗਰੋਵਰ ਦੇ ਮਾਰਗ ਦਰਸ਼ਨ ਹੇਠ ਇੱਕ ਫਿਜ਼ਿਕਸ ਕੁਇੱਜ਼ ਦਾ ਆਯੋਜਨ ਕੀਤਾ। ਸਮਾਗਮ ਦੀ ਸ਼ੁਰੂਆਤ ਗਿਆਨ ਦਾ ਦੀਪ ਜਗਾ ਕੇ ਰਵਾਇਤੀ ਢੰਗ ਨਾਲ ਕੀਤੀ ਗਈ। ਇਸ ਤੋਂ ਬਾਅਦ ਸ਼੍ਰੀਮਤੀ ਕੋਮਲ ਦਿਨਕਰ ਬਾਂਸਲ ਵੱਲੋਂ ਫੈਕਲਟੀ ਤੇ ਵਿਦਿਆਰਥੀਆਂ ਦਾ ਰਸਮੀ ਸਵਾਗਤ ਕੀਤਾ ਗਿਆ। ਇਸ ਤੋਂ ਬਾਅਦ ਸੁਦੇਸ਼ ਗਰੋਵਰ ਨੇ ਉੱਭਰਦੇ ਵਿਗਿਆਨੀਆਂ ਦੇ ਅਕਾਦਮਿਕ ਵਿਕਾਸ ਲਈ ਅਜਿਹੇ ਸਮਾਗਮਾਂ ਦੀ ਮਹੱਤਤਾ ਬਾਰੇ ਚਾਨਣਾ ਪਾਇਆ ਤੇ ਕੁਇੱਜ਼ ਦਾ ਸੰਚਾਲਨ ਕੀਤਾ।

ਕੁਇੱਜ਼ ਦੇ ਨਾਲ-ਨਾਲ ਸਟਾਫ਼ ਤੇ ਵਿਦਿਆਰਥੀਆਂ ਲਈ ਮਨੋਰੰਜਕ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਕੁਇੱਜ਼ ਦੇ ਜੇਤੂਆਂ ਵਿੱਚ ਪਹਿਲਾ ਸਥਾਨ ਖੁਸ਼ਦੀਪ, ਮਨੀਸ਼ਾ ਰਾਣੀ, ਸੁਖਦੀਪ ਕੌਰ, ਦੂਜਾ ਸਥਾਨ ਟੀਸ਼ਾ, ਆਇਨਾ, ਮੁਸਕਾਨ ਤੇ ਤੀਜਾ ਸਥਾਨ ਅਭਿਸ਼ੇਕ ਖੁਰਾਣਾ, ਗੁਰਕੋਮਲ ਪ੍ਰੀਤ ਸਿੰਘ ਤੇ ਸ਼ੁਭਪ੍ਰੀਤ ਕੌਰ ਨੇ ਹਾਸਲ ਕੀਤਾ। ਕਾਲਜ ਦੇ ਪ੍ਰਿੰਸੀਪਲ ਸੁਭਾਸ਼ ਗੁਪਤਾ ਨੇ ਭੌਤਿਕ ਵਿਗਿਆਨ ਵਿਭਾਗ ਨੂੰ ਵਧਾਈ ਦਿੱਤੀ ਤੇ ਵਿਦਿਆਰਥੀਆਂ ਨੂੰ ਅਜਿਹੀਆਂ ਗਤੀਵਿਧੀਆਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਕਾਲਜ ਦਾ ਸਮੁੱਚਾ ਸਟਾਫ਼ ਜੇਤੂਆਂ ਨੂੰ ਸਨਮਾਨਤ ਕਰਨ ਲਈ ਸ਼ਾਮਲ ਹੋਇਆ। ਡਾ. ਮੁਕਤਾ ਮੁਟਨੇਜਾ ਨੇ ਸਾਰਿਆਂ ਦਾ ਧੰਨਵਾਦ ਕੀਤਾ। ਸਮਾਗਮ ਦੀ ਸਮਾਪਤੀ ਰਾਸ਼ਟਰ ਗਾਨ ਨਾਲ ਕੀਤੀ ਗਈ।

## ਨੰਬਰਦਾਰ ਯੂਨੀਅਨ ਨੇ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ



**ਗੁਰੂ ਹਰਸਹਾਏ** (ਫ਼ਕੀਰ ਚੰਦ ਸਿਕਰੀ)-ਇਲਾਕੇ ਦੀ ਸੁੱਖ-ਸ਼ਾਂਤੀ ਲਈ ਤਹਿਸੀਲ ਕੰਪਲੈਕਸ ਵਿਖੇ ਬਣੇ ਨੰਬਰਦਾਰਾਂ ਦੇ ਦਫਤਰ ਵਿਖੇ ਨੰਬਰਦਾਰ ਯੂਨੀਅਨ ਵੱਲੋਂ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਕਰਵਾਇਆ ਗਿਆ ਤੇ ਇਲਾਕੇ ਦੀ ਸੁੱਖ-ਸ਼ਾਂਤੀ ਲਈ ਅਰਦਾਸ ਕੀਤੀ ਗਈ। ਇਸ ਮੌਕੇ ਸਮੂਹ ਨੰਬਰਦਾਰ ਯੂਨੀਅਨ ਦੇ ਨੰਬਰਦਾਰਾਂ ਨੇ ਜਿੱਥੇ ਗੁਰੂ ਮਹਾਰਾਜ ਜੀ ਦੇ ਚਰਨਾਂ ਵਿੱਚ ਮੱਥਾ ਟੇਕਿਆ, ਉੱਥੇ ਐੱਸ ਡੀ ਐੱਮ ਗੁਰੂ ਹਰਸਹਾਏ ਗਗਨਦੀਪ ਸਿੰਘ, ਨਾਇਬ ਤਹਿਸੀਲਦਾਰ ਬਲਵਿੰਦਰ ਸਿੰਘ, ਸੁਪਰਡੈਂਟ ਕੇਵਲ ਕ੍ਰਿਸ਼ਨ, ਰੀਡਰ ਸਤਪਾਲ, ਜਕਸੀਰ ਸਿੰਘ, ਰਾਣਾ, ਪਟਵਾਰਖਾਨੇ, ਸੇਵਾ ਕੇਂਦਰ, ਫਰਦ ਕੇਂਦਰ ਆਦਿ ਦਫਤਰਾਂ ਦੇ ਕਰਮਚਾਰੀਆਂ ਵੱਲੋਂ ਗੁਰੂ ਮਹਾਰਾਜ ਜੀ ਦੇ ਚਰਨਾਂ ਵਿੱਚ ਮੱਥਾ ਟੇਕਿਆ ਗਿਆ ਤੇ ਗੁਰੂ ਮਹਾਰਾਜ ਜੀ ਦਾ ਅਸ਼ੀਰਵਾਦ ਪ੍ਰਾਪਤ ਕੀਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦੇ ਹੋਏ ਨੰਬਰਦਾਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਮਲਕੀਤ ਸਿੰਘ, ਖੜਕ ਸਿੰਘ ਤਹਿਸੀਲ ਪ੍ਰਧਾਨ, ਪਰਵਿੰਦਰ ਸਿੰਘ ਰਣਜੀਤ ਸਿੰਘ ਅਵਾਣ, ਰਵਿੰਦਰ ਕਾਲਾ, ਪਰਮਜੀਤ ਹਾਂਡਾ, ਵਰਿੰਦਰ ਧਵਨ ਨੇ ਦੱਸਿਆ ਕਿ ਅੱਜ ਉਨ੍ਹਾਂ ਵੱਲੋਂ ਤਹਿਸੀਲ ਕੰਪਲੈਕਸ ਵਿਖੇ ਬਣੇ ਨੰਬਰਦਾਰਾਂ ਦੇ ਦਫਤਰ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦਾ ਪਾਠ ਕਰਵਾਇਆ ਗਿਆ ਤੇ ਉਪਰੰਤ ਸੰਗਤ ਨੂੰ ਅਟੁੱਟ ਲੰਗਰ ਛਕਾਇਆ ਗਿਆ।

# ਪ੍ਰਵਾਸੀ ਭਾਰਤੀ ਜੀਤ ਬਾਬਾ ਵੱਲੋਂ ਆਦਰਸ਼ ਨਗਰ ਸਕੂਲ ਨੂੰ ਐੱਲ ਈ ਡੀ ਭੇਟ

**ਜਲੰਧਰ** (ਨ ਜ਼ ਸ)-ਸਰਕਾਰੀ ਕੰਨਿਆ ਸੀਨੀ. ਸੈਕੰਡਰੀ ਸਕੂਲ ਆਦਰਸ਼ ਨਗਰ ਵਿਖੇ ਵਿਸ਼ੇਸ਼ ਸਟੇਟ ਐਵਾਰਡੀ ਸਮਾਜ ਸੇਵਿਕਾ ਅਧਿਆਪਕਾ ਕਮਲਜੀਤ ਬੰਗਾ ਤੇ ਉਨ੍ਹਾਂ ਦੇ ਪਤੀ ਉੱਘੇ ਸਮਾਜ ਸੇਵਕ ਇੰਜੀ. ਨਰਿੰਦਰ ਬੰਗਾ ਦੀ ਪ੍ਰੇਰਨਾ ਸਦਕਾ ਪ੍ਰਵਾਸੀ ਪੰਜਾਬੀ, ਉੱਘੇ ਸਮਾਜ ਸੇਵਕ ਤੇ ਖੇਡ ਪ੍ਰਮੋਟਰ ਜੀਤ ਬਾਬਾ ਬੈਲਜੀਅਮ ਤੇ ਉਨ੍ਹਾਂ ਦੇ ਮਾਤਾ ਜੀ ਸ੍ਰੀਮਤੀ ਸਕੁੰਤਲਾ ਦੇਵੀ ਹੁਰਾਂ ਬਤੌਰ ਮੁੱਖ ਮਹਿਮਾਨ ਬੱਚਿਆਂ ਦੀ ਲੋੜ ਨੂੰ ਦੇਖਦਿਆਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਪ੍ਰਿੰਸੀਪਲ ਖੁਸ਼ਦੀਪ ਕੌਰ ਦੀ ਅਗਵਾਈ ਵਿੱਚ ਸਕੂਲ ਨੂੰ 55 ਇੰਚੀ 4 ਕੇ ਸਮਾਰਟ ਐੱਲ.ਈ.ਡੀ. ਗੂਗਲ ਟੀ ਵੀ ਦਾਨ ਕੀਤਾ। ਸਮਾਗਮ 'ਚ ਬੋਲਦਿਆਂ ਉੱਘੇ ਸਮਾਜ ਸੇਵਕ ਇੰਜ. ਨਰਿੰਦਰ ਬੰਗਾ ਦੂਰਦਰਸ਼ਨ ਨੇ ਕਿਹਾ ਕਿ ਜੀਤ ਬਾਬਾ ਬੈਲਜੀਅਮ ਇਸ ਸਕੂਲ ਵਿੱਚ ਪਹਿਲਾਂ ਵੀ ਆਰ.ਓ.ਟੀ. ਰੂਮ ਲਈ 43 ਇੰਚੀ ਐੱਲ.ਈ.ਡੀ. ਪ੍ਰਦਾਨ ਕਰ ਚੁੱਕੇ ਹਨ। ਉਹ ਸਮੇਂ-ਸਮੇਂ 'ਤੇ ਸਕੂਲ ਨੂੰ ਫਰਨੀਚਰ ਤੇ ਹੋਰ ਸਾਮਾਨ ਵੀ ਮੁਹੱਈਆ ਕਰਵਾਉਂਦੇ ਰਹਿੰਦੇ ਹਨ। ਉਨ੍ਹਾ ਦੱਸਿਆ ਕਿ ਜੀਤ ਬਾਬਾ ਬੈਲਜੀਅਮ ਪੰਜਾਬ ਤੇ ਬੈਲਜੀਅਮ ਵਿੱਚ ਖੇਡਾਂ ਨੂੰ ਪ੍ਰਫੁੱਲਤ ਕਰਨ ਲਈ ਹਮੇਸ਼ਾ ਯਤਨਸ਼ੀਲ ਰਹਿੰਦੇ ਹਨ। ਸਮਾਜ ਸੇਵਾ 'ਚ ਮੋਹਰੀ ਤੌਰ 'ਤੇ ਸੇਵਾ ਨਿਭਾਉਂਦੇ ਹੋਏ ਲੋੜਵੰਦਾਂ ਤੇ ਜ਼ਰੂਰਤਮੰਦਾਂ ਦੀ ਸੇਵਾ ਕਰਦੇ ਹੋਏ ਉਹ ਵੱਖ-ਵੱਖ ਸਕੂਲਾਂ ਵਿੱਚ ਲੋੜਵੰਦ ਬੱਚਿਆਂ ਨੂੰ ਕਿਤਾਬਾਂ, ਕਾਪੀਆਂ, ਬੂਟ, ਜੁਰਾਬਾਂ, ਵਰਦੀਆਂ ਤੇ ਹੋਰ ਲੋੜੀਂਦਾ ਸਾਮਾਨ ਵੰਡਦੇ ਰਹਿੰਦੇ ਹਨ।



ਅਨਾਥ ਆਸ਼ਰਮਾਂ ਤੇ ਬਿਰਧ ਆਸ਼ਰਮਾਂ ਆਦਿ ਥਾਵਾਂ ਵਿੱਚ ਜਾ ਕੇ ਦਾਨ ਕਰਨਾ ਵੀ ਜੀਤ ਬਾਬਾ ਬੈਲਜੀਅਮ ਦੇ ਹਿੱਸੇ ਆਇਆ ਹੈ। ਸਮਾਗਮ 'ਚ ਬੋਲਦਿਆਂ ਜੀਤ ਬਾਬਾ ਬੈਲਜੀਅਮ ਨੇ ਕਿਹਾ ਕਿ ਭਾਵੇਂ ਉਹ ਸਰੀਰਕ ਤੌਰ 'ਤੇ ਵਿਦੇਸ਼ ਵਿੱਚ ਹੁੰਦੇ ਹਨ, ਪਰ ਉਨ੍ਹਾ ਦੀ ਰੂਹ ਹਮੇਸ਼ਾ ਆਪਣੇ ਪਿੰਡ, ਆਪਣੇ ਪੰਜਾਬ ਤੇ ਆਪਣੇ ਲੋਕਾਂ ਵਿੱਚ ਹੁੰਦੀ ਹੈ। ਉਨ੍ਹਾ ਦੀ ਹਮੇਸ਼ਾ ਕੋਸ਼ਿਸ਼ ਰਹਿੰਦੀ ਹੈ ਕਿ ਆਪਣੀ ਕਿਰਤ ਕਮਾਈ ਵਿੱਚੋਂ ਕੁੱਝ ਨਾ ਕੁੱਝ ਹਿੱਸਾ ਪੰਜਾਬ, ਪੰਜਾਬੀ ਤੇ ਪੰਜਾਬੀਅਤ ਲਈ ਪਾਇਆ ਜਾਵੇ। ਉਨ੍ਹਾ ਕਿਹਾ ਕਿ ਮਨੁੱਖਤਾ ਦੀ ਸੇਵਾ ਹੀ ਸਭ ਤੋਂ ਉੱਤਮ ਸੇਵਾ ਹੈ।

ਇਸ ਮੌਕੇ ਸਕੂਲ ਪ੍ਰਿੰਸੀਪਲ ਖੁਸ਼ਦੀਪ ਕੌਰ ਨੇ ਜੀਤ ਬਾਬਾ ਬੈਲਜੀਅਮ ਤੇ ਹੋਰਨਾਂ ਨੂੰ ਜੀ ਆਇਆਂ ਆਖਦਿਆਂ ਸਕੂਲ ਦੀਆਂ ਉਪਲੱਬਧੀਆਂ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ। ਉਨ੍ਹਾ ਸਟੇਟ ਐਵਾਰਡੀ ਅਧਿਆਪਕਾ ਕਮਲਜੀਤ ਬੰਗਾ ਤੇ ਇੰਜ. ਨਰਿੰਦਰ ਬੰਗਾ ਦਾ ਵਿਸ਼ੇਸ਼ ਤੌਰ 'ਤੇ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੀ ਪ੍ਰੇਰਨਾ ਸਦਕਾ ਸਕੂਲ ਨੂੰ 55 ਇੰਚ ਐੱਲ.ਈ.ਡੀ. ਸਮਾਰਟ ਗੂਗਲ ਟੀ.ਵੀ. ਪ੍ਰਾਪਤ ਹੋਇਆ। ਉਨ੍ਹਾ ਦੱਸਿਆ ਕਿ ਮੈਡਮ ਕਮਲਜੀਤ ਬੰਗਾ ਹਮੇਸ਼ਾ ਹੀ ਸਕੂਲ ਦੇ ਕੰਮਾਂ ਲਈ ਤੱਤਪਰ ਰਹਿੰਦੇ ਹਨ ਤੇ ਸਕੂਲ ਦੇ ਸਾਰੇ ਕੰਮ ਖੁਸ਼ੀ ਖੁਸ਼ੀ ਕਰਦੇ ਹਨ। ਉਹ ਬੱਚਿਆਂ ਨੂੰ ਸਕਾਊਟ ਐਂਡ ਗਾਈਡ ਤੇ ਯੋਗਾ ਕਰਾਉਣ ਤੋਂ ਇਲਾਵਾ ਲੋੜਵੰਦ ਬੱਚਿਆਂ ਦੀ ਹਰ ਤਰ੍ਹਾਂ ਮਦਦ ਆਪਣੇ ਵੱਲੋਂ ਕਰਦੇ ਰਹਿੰਦੇ ਹਨ, ਉਥੇ ਪ੍ਰਵਾਸੀ ਪੰਜਾਬੀਆਂ ਨੂੰ ਇਸ ਤਰ੍ਹਾਂ ਦੇ ਕਾਰਜ ਕਰਨ ਲਈ ਪ੍ਰੇਰਦੇ ਰਹਿੰਦੇ ਹਨ। ਸਮਾਗਮ ਨੂੰ ਚਾਰ ਚੰਨ ਲਾਉਣ ਲਈ ਮੈਡਮ ਸ਼ਰਨਦੀਪ ਕੌਰ, ਲੈਕਚਰਾਰ ਦੀਪਕ, ਲੈਕਚਰਾਰ ਯਸਪਾਲ ਦਾ ਵਿਸ਼ੇਸ਼ ਸਹਿਯੋਗ ਰਿਹਾ। ਮੈਡਮ ਸਿਮਰਪਾਲ ਨੇ ਸਟੇਜ ਦਾ ਸੰਚਾਲਨ ਬਾਖੂਬੀ ਨਿਭਾਇਆ। ਕਮਲਜੀਤ ਬੰਗਾ ਨੇ ਸਮੂਹ ਸਕੂਲ ਸਟਾਫ ਤੇ ਵਿਦਿਆਰਥੀਆਂ ਵੱਲੋਂ ਜੀਤ ਬਾਬਾ ਬੈਲਜੀਅਮ, ਸੋਮ ਥਿੰਦ ਯੂ ਕੇ, ਨਰਿੰਦਰ ਬੰਗਾ, ਸਕੁੰਤਲਾ ਦੇਵੀ, ਬਲਿਹਾਰ ਰਾਮ, ਸੰਜਨਾ ਮਹਿਮੀ, ਸੁੰਨੀ ਹੀਰ ਤੇ ਹੋਰਨਾਂ ਦਾ ਧੰਨਵਾਦ ਕੀਤਾ।

# 'ਦੀਵਾਲੀ ਦੇ ਤੋਹਫ਼ੇ' ਵਜੋਂ 583 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪੇ

**ਚੰਡੀਗੜ੍ਹ** : ਨੌਜਵਾਨਾਂ ਦੇ ਜੀਵਨ ਨੂੰ ਰੁਸ਼ਨਾਉਣ ਲਈ ਆਪਣੀ ਮੁਹਿੰਮ ਨੂੰ ਜਾਰੀ ਰੱਖਦਿਆਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ 583 ਨੌਜਵਾਨਾਂ ਨੂੰ ਵੱਖ-ਵੱਖ ਵਿਭਾਗਾਂ ਵਿੱਚ ਨੌਕਰੀ ਦੇ ਨਿਯੁਕਤੀ ਪੱਤਰ ਸੌਂਪ ਕੇ ਦੀਵਾਲੀ ਦਾ ਤੋਹਫਾ ਦਿੱਤਾ। ਦੱਸਣਯੋਗ ਹੈ ਸੂਬਾ ਸਰਕਾਰ ਵੱਲੋਂ ਨੌਜਵਾਨਾਂ ਨੂੰ ਹੁਣ ਤੱਕ ਕੁੱਲ 37683 ਨੌਕਰੀਆਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ। ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪਣ ਉਪਰੰਤ ਇੱਥੇ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜਦੋਂ ਪੰਜਾਬ ਦੇ ਪੁਨਰ ਉਥਾਨ ਦਾ ਇਤਿਹਾਸ ਲਿਖਿਆ ਜਾਵੇਗਾ ਤਾਂ ਉਸ ਵਿੱਚ ਇਨ੍ਹਾਂ ਨੌਜਵਾਨਾਂ ਦਾ ਨਾਂ ਸੁਨਹਿਰੀ ਸ਼ਬਦਾਂ 'ਚ ਦਰਜ ਹੋਵੇਗਾ। ਉਨ੍ਹਾਂ ਕਿਹਾ ਕਿ ਇਹ ਨੌਜਵਾਨ ਹੁਣ 'ਟੀਮ ਪੰਜਾਬ' ਦਾ ਹਿੱਸਾ ਹਨ ਅਤੇ ਸੂਬੇ ਦੀ ਭਲਾਈ ਲਈ ਕੰਮ ਕਰਨਾ ਹਰੇਕ ਨੌਜਵਾਨ ਦੀ ਜ਼ਿੰਮੇਵਾਰੀ ਬਣਦੀ ਹੈ। ਮਾਨ ਨੇ ਕਿਹਾ ਕਿ ਤਾਲਮੇਲ ਨਾਲ ਕੰਮ ਕਰਨਾ (ਟੀਮ ਵਰਕ) ਬਹੁਤ ਜ਼ਰੂਰੀ ਹੈ, ਜਿਸ ਦਾ ਅੰਦਾਜ਼ਾ ਇਸ ਤੱਥ ਤੋਂ ਲਗਾਇਆ ਜਾ ਸਕਦਾ ਹੈ ਕਿ ਜਿਨ੍ਹਾਂ ਨੇ ਕ੍ਰਿਕਟ ਖੇਡ ਸ਼ੁਰੂ ਕੀਤੀ ਸੀ, ਉਹ ਇੱਕ ਨਵੀਂ ਟੀਮ ਤੋਂ ਹਾਰ ਗਏ ਹਨ ਕਿਉਂਕਿ ਉਸ ਨਵੀਂ ਟੀਮ ਨੇ ਟੀਮ ਵਰਕ ਨਾਲ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ। ਮੁੱਖ ਮੰਤਰੀ ਨੇ ਕਿਹਾ ਕਿ ਪਿਛਲੀਆਂ ਸਰਕਾਰਾਂ ਦੀ ਲਾਪਰਵਾਹੀ ਕਾਰਨ ਸੂਬੇ ਦੇ ਨੌਜਵਾਨਾਂ ਲਈ ਸਰਕਾਰੀ ਨੌਕਰੀਆਂ ਪਹਿਲਾਂ ਇੱਕ 'ਦੂਰ ਦੇ ਸੁਪਨਾ' ਵਾਂਗ ਸਨ ਜਦਕਿ ਉਨ੍ਹਾਂ ਦੀ ਸਰਕਾਰ ਨੇ




ਨੌਜਵਾਨਾਂ ਨੂੰ ਉਨ੍ਹਾਂ ਦੀ ਯੋਗਤਾ ਅਨੁਸਾਰ ਨੌਕਰੀਆਂ ਮਿਲਣ ਨੂੰ ਯਕੀਨੀ ਬਣਾਇਆ ਹੈ ਜਿਸ ਲਈ ਪਾਰਦਰਸ਼ੀ ਨੀਤੀ ਤਿਆਰ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਪਿਛਲੀਆਂ ਸਰਕਾਰਾਂ ਵਿੱਚ ਜਨਤਾ ਦੀ ਸਹੀ ਅਰਥਾਂ ਵਿੱਚ ਸੇਵਾ ਕਰਨ ਸਬੰਧੀ ਵਚਨਬੱਧਤਾ ਅਤੇ ਜਜ਼ਬੇ ਦੀ ਘਾਟ ਸੀ, ਜਿਸ ਕਾਰਨ ਇਹ ਨੌਕਰੀਆਂ ਨੌਜਵਾਨਾਂ ਲਈ ਲਈ ਦੂਰ ਦੀ ਗੱਲ ਸਨ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਬਣਨ ਦੇ ਇੱਕ ਸਾਲ ਦੇ ਅੰਦਰ ਹੀ ਯੋਗਤਾ ਦੇ ਆਧਾਰ 'ਤੇ ਨੌਜਵਾਨਾਂ ਨੂੰ 37683 ਨੌਕਰੀਆਂ ਦਿੱਤੀਆਂ ਗਈਆਂ ਹਨ।

ਉਨ੍ਹਾਂ ਨੇ ਕਿਹਾ ਕਿ ਉਹ ਉਦੋਂ ਤੱਕ ਚੈਨ ਨਾਲ ਨਹੀਂ ਬੈਠਣਗੇ, ਜਦੋਂ ਤੱਕ ਉਨ੍ਹਾਂ ਦੇ ਸਾਰੇ ਸੁਪਨੇ ਪੂਰੇ ਨਹੀਂ ਹੋ ਜਾਂਦੇ ਅਤੇ ਪੰਜਾਬ ਦੇਸ਼ ਦਾ ਨੰਬਰ ਇੱਕ ਸੂਬਾ ਨਹੀਂ ਬਣ ਜਾਂਦਾ। ਇਸ ਮੌਕੇ ਕੈਬਨਿਟ ਮੰਤਰੀ ਹਰਪਾਲ ਚੀਮਾ, ਬ੍ਰਮ ਸ਼ੰਕਰ ਜਿੰਪਾ, ਗੁਰਮੀਤ ਸਿੰਘ ਖੁੱਡੀਆਂ ਅਤੇ ਡਾ. ਬਲਬੀਰ ਸਿੰਘ ਵੀ ਹਾਜ਼ਰ ਸਨ।

## ਸਰਕਾਰੀ ਪ੍ਰਾਇਮਰੀ ਸਕੂਲ ਤੂਤ ਨੇ ਜਿੱਤਿਆ ਹੈਂਡਬਾਲ 'ਚ ਗੋਲਡ



**ਫਿਰੋਜ਼ਪੁਰ** (ਅਸ਼ੋਕ ਸ਼ਰਮਾ)-ਜ਼ਿਲ੍ਹਾ ਪੱਧਰੀ ਪ੍ਰਾਇਮਰੀ ਸਕੂਲ ਖੇਡਾਂ ਵਿੱਚ ਸਰਕਾਰੀ ਪ੍ਰਾਇਮਰੀ ਸਕੂਲ ਤੂਤ ਦੇ ਖਿਡਾਰੀਆਂ ਨੇ ਹੈਂਡਬਾਲ (ਲੜਕੇ) ਤੇ ਹੈਂਡਬਾਲ (ਲੜਕੀਆਂ) ਵਿੱਚ ਗੋਲਡ ਜਿੱਤ ਕੇ ਫਿਰੋਜ਼ਪੁਰ-1 ਦਾ ਨਾਮ ਚਮਕਾਇਆ।ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸੁਮਨਦੀਪ ਕੌਰ ਨੇ ਖਿਡਾਰੀਆਂ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ।ਖਿਡਾਰੀਆਂ ਦੇ ਇੰਚਾਰਜ ਅਧਿਆਪਕ ਚਰਨਜੀਤ ਸਿੰਘ ਚਹਿਲ ਨੇ ਦੱਸਿਆ ਕਿ ਲੜਕਿਆਂ ਨੇ ਫਾਈਨਲ ਵਿੱਚ ਬਲਾਕ ਸਤੀਏ ਵਾਲੇ ਨੂੰ ਅਤੇ ਲੜਕੀਆਂ ਨੇ ਫਾਈਨਲ ਵਿੱਚ ਜ਼ੀਰਾ ਨੂੰ ਹਰਾ ਕੇ ਗੋਲਡ ਮੈਡਲ ਹਾਸਲ ਕੀਤਾ।ਹੈਂਡਬਾਲ ਦੇ ਜ਼ਿਲ੍ਹਾ ਕਨਵੀਨਰ ਜਗਮੀਤ ਸਿੰਘ ਨੇ ਦੱਸਿਆ ਕਿ ਇਹ ਵਿਦਿਆਰਥੀ 5 ਦਸੰਬਰ 2023 ਤੋਂ ਸ਼ੁਰੂ ਹੋਣ ਜਾ ਰਹੇ ਸਟੇਟ ਪੱਧਰੀ ਮੁਕਾਬਲਿਆਂ ਵਿੱਚ ਲੁਧਿਆਣਾ ਵਿਖੇ ਭਾਗ ਲੈਣਗੇ।ਸੈਂਟਰ ਹੈੱਡ ਟੀਚਰ ਰੂਹੀ ਬਜਾਜ ਨੇ ਦੱਸਿਆ ਤੂਤ ਦੀਆਂ ਦੋਵੇਂ ਟੀਮਾਂ ਦੇ ਗੋਲਡ ਜਿੱਤਣ ਪਿੱਛੇ ਸਾਰਾ ਸਿਹਰਾ ਹੈਡ ਕੋਚ ਜਗਮੀਤ ਸਿੰਘ, ਪੂਨਮ ਰਾਣੀ ਹੈੱਡ ਟੀਚਰ, ਸੁਨੀਲ ਕੁਮਾਰ, ਰੁਪਿੰਦਰ ਕੌਰ, ਰੇਸ਼ਮਾ ਰਾਣੀ, ਗੁਰਪ੍ਰੀਤ ਸਿੰਘ, ਜਸਵੀਰ ਸਿੰਘ ਤੇ ਚਰਨਜੀਤ ਸਿੰਘ ਚਹਿਲ ਨੂੰ ਜਾਂਦਾ ਹੈ।

## ਡੀ ਏ ਵੀ ਕਾਲਜ 'ਚ ਗਰੀਨ ਦੀਵਾਲੀ ਮਨਾਈ



**ਮਲੋਟ** (ਗੁਰਮੀਤ ਸਿੰਘ ਮੱਕੜ)-ਸਥਾਨਕ ਡੀ.ਏ.ਵੀ. ਕਾਲਜ ਵਿਖੇ ਪ੍ਰਿੰਸੀਪਲ ਸੁਭਾਸ਼ ਗੁਪਤਾ ਦੀ ਅਗਵਾਈ ਵਿੱਚ ਕਾਲਜ ਦੇ ਈ.ਐੱਮ.ਏ. ਵਿਭਾਗ ਤੇ ਯੂਥ ਵੈੱਲਫੇਅਰ ਵਿਭਾਗ ਦੇ ਇੰਚਾਰਜ ਡਾ. ਮੁਕਤਾ ਮੁਟਨੇਜਾ ਤੇ ਸਹਿ-ਇੰਚਾਰਜ ਮੈਡਮ ਰਿੱਪੂ ਦੇ ਸਹਿਯੋਗ ਨਾਲ ਕਾਲਜ ਵਿਖੇ ਗਰੀਨ ਦੀਵਾਲੀ ਮਨਾਈ ਗਈ। ਇਸ ਮੌਕੇ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਨੇ ਰੰਗੋਲੀ ਬਣਾ ਕੇ ਅਤੇ ਦੀਵੇ ਜਗਾ ਕੇ ਅਗਿਆਨਤਾ ਦਾ ਹਨੇਰਾ ਦੂਰ ਕਰਕੇ ਗਿਆਨ ਦੇ ਦੀਪਕ ਜਗਾਉਣ ਦਾ ਸੰਦੇਸ਼ ਦਿੱਤਾ। ਇਸ ਤੋਂ ਇਲਾਵਾ ਇਸ ਮੌਕੇ ਪੰਜਾਬ ਯੂਨੀਵਰਸਿਟੀ ਦੇ ਜ਼ੋਨਲ ਯੂਥ ਤੇ ਹੈਰੀਟੇਜ ਫੈਸਟੀਵਲ ਦੇ ਜੇਤੂਆਂ ਤੇ ਇੰਟਰ ਜ਼ੋਨਲ ਦੇ ਭਾਗੀਦਾਰਾਂ ਨੂੰ ਵੀ ਸਨਮਾਨਤ ਕੀਤਾ ਗਿਆ। ਅੰਤ ਵਿੱਚ ਵਿਦਿਆਰਥੀਆਂ ਨੇ ਨੱਚ ਗਾ ਕੇ ਆਪਣੀ ਖੁਸ਼ੀ ਦਾ ਇਜ਼ਹਾਰ ਕੀਤਾ। ਇਸ ਮੌਕੇ ਕਾਲਜ ਦਾ ਟੀਚਿੰਗ ਤੇ ਨਾਨ-ਟੀਚਿੰਗ ਸਮੂਹ ਸਟਾਫ਼ ਹਾਜ਼ਰ ਸੀ।

## ਦੂਨ ਪਬਲਿਕ ਸਕੂਲ ਕਰਾੜਵਾਲਾ ਵੱਲੋਂ ਸਨਮਾਨ ਸਮਾਰੋਹ



**ਰਾਮਪੁਰਾ ਫੂਲ** (ਦਰਸ਼ਨ ਜਿੰਦਲ)-ਦੂਨ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਕਰਾੜਵਾਲਾ ਵੱਲੋਂ ਮੈਡੀਕਲ ਪ੍ਰੈਕਟੀਸ਼ਨਰ ਐਸੋਸੀਏਸ਼ਨ ਬਲਾਕ ਰਾਮਪੁਰਾ ਦੇ ਡਾਕਟਰ ਸਾਥੀਆਂ ਦੀਆਂ ਕਰੋਨਾ ਕਾਲ ਦੌਰਾਨ ਕੀਤੀਆਂ ਸੇਵਾਵਾਂ ਬਦਲੇ ਸਨਮਾਨ ਸਮਾਰੋਹ ਕਰਵਾਇਆ ਗਿਆ। ਇਸ ਸਮਰੋਹ ਲਈ ਸਾਰੇ ਡਾਕਟਰ ਸਾਥੀਆਂ ਵੱਲੋਂ ਦੂਨ ਸੀਨੀਅਰ ਸੈਕੰਡਰੀ ਸਕੂਲ ਦਾ ਧੰਨਵਾਦ ਕੀਤਾ, ਇਥੇ ਇਹ ਵੀ ਦੱਸਣਾ ਬਹੁਤ ਜ਼ਰੂਰੀ ਹੈ ਕਿ ਡਾਕਟਰ ਸਾਥੀਆਂ ਨੇ ਆਪਣੀ ਜਾਨ ਦੀ ਪ੍ਰਵਾਹ ਨਾ ਕਰਦੇ ਹੋਏ ਕਰੋਨਾ ਕਾਲ ਵਿੱਚ ਬਿਨਾਂ ਕਿਸੇ ਪੱਖਪਾਤ ਦੇ ਪਿੰਡਾਂ ਤੇ ਸ਼ਹਿਰਾਂ 'ਚ ਆਪਣੀਆਂ ਸੇਵਾਵਾਂ ਦਿੱਤੀਆਂ, ਮਰੀਜ਼ਾਂ ਦਾ ਇਲਾਜ ਕੀਤਾ। ਅਫਸੋਸ ਦੀ ਗੱਲ ਹੈ ਕਿ ਅੱਜ ਤੱਕ ਕਿਸੇ ਸਰਕਾਰੀ ਜਾਂ ਗੈਰ-ਸਰਕਾਰੀ ਸੰਸਥਾ ਨੇ ਪੇਂਡੂ ਡਾਕਟਰਾਂ ਨੂੰ ਸਨਮਾਨਤ ਨਹੀਂ ਕੀਤਾ, ਪਰ ਦੂਨ ਸੀਨੀਅਰ ਸੈਕੰਡਰੀ ਸਕੂਲ ਨੇ ਇਹ ਉਪਰਾਲਾ ਕੀਤਾ ਹੈ। ਇਸ ਸਮੇਂ ਡਾਕਟਰ ਜਗਤਾਰ ਸਿੰਘ ਫੂਲ ਜ਼ਿਲ੍ਹਾ ਪ੍ਰਧਾਨ, ਬਲਾਕ ਪ੍ਰਧਾਨ ਨਿਰਮਲ ਸਿੰਘ ਚਾਉਕੇ ਨੇ ਸਕੂਲ ਦੇ ਚੇਅਰਪਰਸਨ, ਪ੍ਰਿੰਸੀਪਲ ਤੇ ਸਾਰੇ ਸਟਾਫ ਦਾ ਵਿਸ਼ੇਸ਼ ਧੰਨਵਾਦ ਕੀਤਾ, ਜਿਸ ਵਿੱਚ 50 ਦੇ ਕਰੀਬ ਡਾਕਟਰ ਸਾਥੀਆਂ ਨੂੰ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਦੂਨ ਸਕੂਲ ਦੇ ਚੇਅਰਪਰਸਨ ਮੈਡਮ ਚਰਨਜੀਤ ਕੌਰ ਢਿੱਲੋਂ, ਪ੍ਰਿੰਸੀਪਲ ਪਰਮਿੰਦਰ ਕੌਰ ਤੇ ਸਮੂਹ ਸਟਾਫ ਹਾਜ਼ਰ ਸੀ।

# ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਵੱਲੋਂ ਸੰਘਰਸ਼ ਵਿੱਢਣ ਦਾ ਐਲਾਨ



**ਮੁਕਤਸਰ ਸਾਹਿਬ** (ਸ਼ਮਿੰਦਰਪਾਲ, ਪੂਜਾ) ਮੁਕਤਸਰ ਸਾਹਿਬ ਵਿੱਚ ਕੰਮ ਕਰਦੀਆਂ ਪੇਂਡੂ ਤੇ ਖੇਤ ਮਜ਼ਦੂਰਾਂ ਦੀਆਂ ਪੰਜ ਮਜ਼ਦੂਰ ਜਥੇਬੰਦੀਆਂ, ਜਿਨ੍ਹਾਂ ਵਿੱਚ ਪੰਜਾਬ ਖੇਤ ਮਜ਼ਦੂਰ ਯੂਨੀਅਨ ਪੇਂਡੂ ਮਜ਼ਦੂਰ ਯੂਨੀਅਨ, ਦਿਹਾਤੀ ਮਜ਼ਦੂਰ ਸਭਾ, ਪੰਜਾਬ ਖੇਤ ਮਜ਼ਦੂਰ ਸਭਾ ਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਮੁਕਤਸਰ ਸਾਹਿਬ ਦੇ ਖੰਡੇ ਵਾਲਾ ਪਾਰਕ ਵਿੱਚ ਵਿਸ਼ਾਲ ਮੀਟਿੰਗ ਕਰਕੇ ਸਾਂਝੇ ਮੋਰਚੇ ਨੇ ਲਗਾਤਾਰ ਸਾਂਝਾ ਸੰਘਰਸ਼ ਵਿੱਢਣ ਦਾ ਐਲਾਨ ਕਰ ਦਿੱਤਾ ਹੈ। ਗੁਰਜੰਟ ਸਿੰਘ ਸੌਂਕੇ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੇ ਫੈਸਲੇ ਪ੍ਰੈੱਸ ਦੇ ਨਾਂਅ ਰਿਲੀਜ਼ ਕਰਦਿਆਂ ਦੋਸ਼ ਲਾਇਆ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਨੇ ਲਗਾਤਾਰ ਮਜ਼ਦੂਰ ਵਿਰੋਧੀ ਵਤੀਰਾ ਅਪਣਾਇਆ ਹੋਇਆ ਹੈ ਅਤੇ ਮਜ਼ਦੂਰ ਵਰਗ ਨੂੰ ਬਿਲਕੁੱਲ ਅੱਖੋਂ ਪਰੋਖੇ ਕੀਤਾ ਜਾ ਰਿਹਾ ਹੈ। ਮਜ਼ਦੂਰ ਜਥੇਬੰਦੀਆਂ ਨਾਲ ਸੱਤ ਵਾਰ ਮੁੱਖ ਮੰਤਰੀ ਮੀਟਿੰਗਾਂ ਰੱਖ ਕੇ ਮੀਟਿੰਗਾਂ 'ਚ ਹਾਜ਼ਰ ਨਹੀਂ ਹੋਏ, ਪੰਜਾਬ ਦੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨਾਲ ਮਜ਼ਦੂਰ ਜਥੇਬੰਦੀਆਂ ਦੀ ਜੋ ਮੀਟਿੰਗ ਹੋਈ, ਉਸ ਨੇ ਵੀ ਮੰਨੀਆਂ ਮੰਗਾਂ ਤੋਂ ਘੇਸਲ ਵੱਟ ਲਈ ਹੈ ਅਤੇ ਚੋਣਾਂ ਵਿੱਚ ਕੀਤੇ ਵਾਅਦੇ ਅਤੇ ਕੀਤੀਆਂ ਗਰੰਟੀਆਂ ਤੋਂ ਵੀ ਪਾਸਾ ਵੱਟਿਆ ਜਾ ਰਿਹਾ ਹੈ, ਜਿਸ ਦੇ ਰੋਸ ਵਜੋਂ ਅੱਕ ਚੁੱਕੀਆਂ ਮਜ਼ਦੂਰ ਜਥੇਬੰਦੀਆਂ ਨੂੰ ਪੰਜਾਬ ਪੱਧਰ 'ਤੇ ਲਗਾਤਾਰ ਸੰਘਰਸ਼ ਵਿੱਢਣ ਦਾ ਬਿਗੁਲ ਵਜਾ ਦਿੱਤਾ ਹੈ। ਉਨ੍ਹਾਂ ਕਿਹਾ ਕਿ 20 ਨਵੰਬਰ ਨੂੰ ਚਾਰ ਜ਼ਿਲ੍ਹਿਆਂ ਦੀ ਸਾਂਝੀ ਕਨਵੈਨਸ਼ਨ ਟੀਚਰ ਹੋਮ ਬਠਿੰਡਾ ਵਿਖੇ ਕੀਤੀ ਜਾ ਰਹੀ, ਉਸ 'ਚ ਮੁਕਤਸਰ ਸਾਹਿਬ ਤੋਂ ਵੱਡੀ ਗਿਣਤੀ 'ਚ ਮਜ਼ਦੂਰ ਜਥੇਬੰਦੀਆਂ ਦੇ ਨੁਮਾਇੰਦੇ ਸ਼ਾਮਲ ਹੋਣਗੇ ਅਤੇ 28 ਨਵੰਬਰ ਨੂੰ ਮੁਕਤਸਰ ਦੇ ਐਮਐਲਏ ਨੂੰ ਮੰਗ ਪੱਤਰ ਸੌਂਪਿਆ ਜਾਵੇਗਾ। ਮਲੋਟ ਤੋਂ ਮੰਤਰੀ ਬੀਬੀ ਬਲਜੀਤ ਕੌਰ ਨੂੰ 29 ਤੇ ਗੁਰਮੀਤ ਖੁੱਡੀਆਂ ਨੂੰ 30 ਨਵੰਬਰ ਨੂੰ ਮੰਗ ਪੱਤਰ ਸੌਂਪੇ ਜਾਣਗੇ, ਫਿਰ ਜੇਕਰ ਮਜ਼ਦੂਰਾਂ ਨੂੰ ਅਣਗੌਲਿਆ ਕੀਤਾ ਗਿਆ ਤੇ ਮੰਗਾਂ ਨਾ ਪ੍ਰਵਾਨ ਕੀਤੀਆਂ ਗਈਆਂ ਤਾਂ 9,10 ਤੇ 11 ਦਸੰਬਰ ਨੂੰ ਮੰਤਰੀ ਗੁਰਮੀਤ ਖੁੱਡੀਆਂ ਦੇ ਘਰ ਸਾਹਮਣੇ ਲਗਾਤਾਰ ਤਿੰਨ ਰੋਜ਼ਾ ਦਿਨ-ਰਾਤ ਦਾ ਧਰਨਾ ਮਾਰਿਆ ਜਾਵੇਗਾ।

ਮੀਟਿੰਗ ਵਿੱਚ ਜਗਜੀਤ ਸਿੰਘ ਜੱਸੇਆਣਾ, ਕਾਕਾ ਸਿੰਘ ਖੁੰਡੇ ਹਲਾਲ, ਗੁਰਜੰਟ ਸਿੰਘ ਸੌਂਕੇ, ਲਖਵੰਤ ਸਿੰਘ ਕਿਰਤੀ, ਗਿਆਨ ਸਿੰਘ ਝਬੇਲਵਾਲੀ, ਲਖਵੀਰ ਸਿੰਘ ਤਖਤ ਮੁਲਾਣਾ, ਬੇਅੰਤ ਸਿੰਘ ਵੰਗਲ ਜਸਵਿੰਦਰ ਸਿੰਘ ਸੰਗੂਧੌਣ, ਮੇਜਰ ਸਿੰਘ ਸੀਰਵਾਲੀ ਤੇ ਨਾਨਕ ਚੰਦ ਬਜਾਜ ਲੰਬੀ ਸਮੇਤ ਹੋਰ ਸਾਥੀ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134
Printed and Published by Gurmit Singh Shugli for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: Chand Fatehpuri
ਸੰਪਾਦਕ : ਚੰਦ ਫਤਿਹਪੁਰੀ * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ ਗੁਰਮੀਤ ਸਿੰਘ ਸ਼ੁਗਲੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਨਵਾਂ ਜ਼ਮਾਨਾ
ਸ਼ਨੀਵਾਰ, 11 ਨਵੰਬਰ 2023

# ਅੰਮ੍ਰਿਤਕਾਲ

*ਲੰਘੇ ਦਿਨੀਂ ਛੱਤੀਸਗੜ੍ਹ ਵਿਚ ਚੋਣ ਰੈਲੀ 'ਚ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਵੱਡਾ ਐਲਾਨ ਕੀਤਾ ਕਿ ਕੋਰੋਨਾ ਮਹਾਂਮਾਰੀ ਦੇ ਅਸਰ ਨੂੰ ਘਟਾਉਣ ਲਈ 80 ਕਰੋੜ ਗਰੀਬ ਭਾਰਤੀਆਂ ਨੂੰ ਮੁਫਤ ਅਨਾਜ ਦੇਣ ਦੀ ਯੋਜਨਾ ਪੰਜ ਸਾਲ ਵਧਾ ਦਿੱਤੀ ਜਾਵੇਗੀ। ਆਪਣੀ ਆਦਤ ਮੁਤਾਬਕ ਪ੍ਰਧਾਨ ਮੰਤਰੀ ਨੇ ਦਾਅਵਾ ਕੀਤਾ ਕਿ ਇਹ ਭਾਰਤ ਦੇ ਲੋਕਾਂ ਨੂੰ ਮੋਦੀ ਦੀ ਗਰੰਟੀ ਹੈ। ਇੱਥੇ ਸਵਾਲ ਉੱਠਦਾ ਹੈ ਕਿ ਕੀ ਮੋਦੀ ਇਹ ਦੱਸ ਸਕਦੇ ਹਨ ਕਿ ਉਨ੍ਹਾ ਦੇ ਦਾਅਵੇ ਮੁਤਾਬਕ ਸਭ ਤੋਂ ਤੇਜ਼ੀ ਨਾਲ ਵਧਦੀ ਅਰਥਵਿਵਸਥਾ ਵਾਲੇ ਦੇਸ਼ ਦੇ 80 ਕਰੋੜ ਲੋਕਾਂ ਨੂੰ ਮੁਫਤ ਅਨਾਜ ਕਿਉਂ ਵੰਡਣਾ ਚਾਹੀਦਾ ਹੈ? ਕੀ ਪੰਜ ਸਾਲ ਮੁਫਤ ਅਨਾਜ ਇਸ ਕਰਕੇ ਦਿੱਤਾ ਜਾਵੇਗਾ ਕਿ ਭਾਰਤ ਤੇਜ਼ੀ ਨਾਲ ਖੁਸ਼ਹਾਲ ਹੋ ਰਿਹਾ ਹੈ ਤੇ ਅੰਮ੍ਰਿਤਕਾਲ ਵਿਚ ਦਾਖਲ ਹੋ ਰਿਹਾ ਹੈ? ਹਕੀਕਤ ਇਹ ਹੈ ਕਿ 2023 ਦੇ ਸੰਸਾਰ ਭੁੱਖਮਰੀ ਸੂਚਕ ਅੰਕ ਵਿਚ ਭਾਰਤ ਚਾਰ ਅੰਕ ਹੋਰ ਵਧ ਕੇ 125 ਦੇਸ਼ਾਂ ਵਿਚ 111ਵੇਂ ਸਥਾਨ 'ਤੇ ਪੁੱਜ ਗਿਆ ਹੈ। ਮੋਦੀ ਸਰਕਾਰ ਇਸ ਰਿਪੋਰਟ ਦੀ ਅਲੋਚਨਾ ਕਰਦੀ ਹੈ ਪਰ ਮੁਫਤ ਅਨਾਜ ਯੋਜਨਾ ਪੰਜ ਸਾਲ ਹੋਰ ਵਧਾਉਣ ਤੋਂ ਤਾਂ ਇਹੀ ਝਲਕਦਾ ਹੈ ਕਿ ਉਹ ਅਸਿੱਧੇ ਤੌਰ 'ਤੇ ਮੰਨ ਰਹੀ ਹੈ ਕਿ ਲੋਕਾਂ ਦੀ ਗਰੀਬੀ ਘਟੀ ਨਹੀਂ।*

*ਸੱਤਾ ਵਿਚ ਆਉਂਦਿਆਂ ਹੀ ਮੋਦੀ ਨੇ ਮਨਰੇਗਾ (ਪੇਂਡੂ ਰੁਜ਼ਗਾਰ ਗਰੰਟੀ ਯੋਜਨਾ) ਨੂੰ ਅਸਲ ਆਰਥਕ ਵਿਕਾਸ, ਰੁਜ਼ਗਾਰ ਤੇ ਆਮਦਨ ਪੈਦਾ ਕਰਨ ਵਿਚ ਕਾਂਗਰਸ ਦੀ ਨਾਕਾਮੀ ਦੀ ਯਾਦਗਾਰ ਦੱਸ ਕੇ ਖਾਰਜ ਕਰ ਦਿੱਤਾ ਸੀ। ਅੱਜ ਦੀ ਤਰੀਕ ਵਿਚ ਵਿਡੰਬਨਾ ਇਹ ਹੈ ਕਿ ਮੋਦੀ ਨੇ ਮਨਰੇਗਾ ਲਈ ਜਿੰਨਾ ਬਜਟ ਇਸ ਵਾਰ ਰੱਖਿਆ ਸੀ, ਉਸ ਦਾ 93 ਫੀਸਦੀ ਵਿੱਤੀ ਸਾਲ ਦੇ ਪਹਿਲੇ ਛੇ ਮਹੀਨਿਆਂ ਵਿਚ ਖਰਚ ਹੋ ਚੁੱਕਾ ਹੈ। ਇਹ ਮੰਗ ਨਾਲ ਚੱਲਣ ਵਾਲੀ ਯੋਜਨਾ ਹੈ, ਇਸ ਲਈ ਖਰਚ 60 ਹਜ਼ਾਰ ਕਰੋੜ ਰੁਪਏ ਦੇ ਬਜਟ ਨਾਲੋਂ ਕਿਤੇ ਵੱਧ ਹੋਵੇਗਾ। ਪੁੱਛਿਆ ਜਾ ਸਕਦਾ ਹੈ ਕਿ ਕੀ ਮੋਦੀ ਰਾਜ ਦੇ 10 ਸਾਲ ਦੀ ਇਹੀ ਪ੍ਰਾਪਤੀ ਹੈ ਕਿ ਲੋਕ ਮਨਰੇਗਾ ਦੀ ਨਿਗੂਣੀ ਉਜਰਤ 'ਤੇ ਵੀ ਕੰਮ ਕਰਨ ਲਈ ਮਜਬੂਰ ਹਨ? ਮੋਦੀ ਸਰਕਾਰ ਦੀਆਂ ਆਰਥਕ ਨੀਤੀਆਂ ਦਾ ਸਭ ਤੋਂ ਵਿਨਾਸ਼ਕਾਰੀ ਸਬੂਤ ਪਿਛਲੇ ਮਹੀਨੇ ਅੰਕੜਾ ਵਿਭਾਗ ਵੱਲੋਂ ਜਾਰੀ ਜੁਲਾਈ 2022 ਤੋਂ ਜੁਲਾਈ 2023 ਦੇ ਕਿਰਤ ਬਲ ਸਰਵੇਖਣ (ਪੀਰੀਆਡਿਕ ਲੇਬਰ ਫੋਰਸ ਸਰਵੇ) ਤੋਂ ਸਾਹਮਣੇ ਆਇਆ, ਜਿਸ ਮੁਤਾਬਕ ਸਵੈ-ਰੁਜ਼ਗਾਰ ਦੇ ਅੰਕੜਿਆਂ ਵਿਚ ਭਾਰੀ ਵਾਧਾ ਹੋਇਆ ਹੈ, ਜੋ 2022-23 ਵਿਚ ਕੁੱਲ ਕੰਮ ਵਿਚ ਲੱਗੇ ਲੋਕਾਂ ਦਾ 58 ਫੀਸਦੀ ਹੈ। 2017-18 ਵਿਚ ਸਵੈ-ਰੁਜ਼ਗਾਰ ਸ਼੍ਰੇਣੀ (ਮੁੱਖ ਤੌਰ 'ਤੇ ਪੇਂਡੂ ਭਾਰਤ ਵਿਚ ਨਿੱਕੇ ਵਿਕਰੇਤਾ ਤੇ ਨਿੱਜੀ ਸੇਵਾ ਦੇਣ ਵਾਲੇ ਲੋਕ) ਵਿਚ 52 ਫੀਸਦੀ ਆਉਂਦੇ ਸਨ। ਸਵੈ-ਰੁਜ਼ਗਾਰ ਵਿਚ ਵੱਡਾ ਵਾਧਾ ਗੈਰ-ਮੈਨੂਫੈਕਚਰਿੰਗ ਖੇਤਰ ਵਿਚ ਨਿਮਨ ਗੁਣਵੱਤਾ ਵਾਲੇ ਰੁਜ਼ਗਾਰ ਵਿਚ ਵਾਧੇ ਦਾ ਸੰਕੇਤ ਹੈ। ਸਾਫ ਹੈ ਕਿ ਲੋਕਾਂ ਨੂੰ ਨੌਕਰੀਆਂ ਨਹੀਂ ਮਿਲੀਆਂ, ਜਦਕਿ ਮੋਦੀ ਦਾ ਹਰ ਸਾਲ ਦੋ ਕਰੋੜ ਨੌਕਰੀਆਂ ਦੇਣ ਦਾ ਵਾਅਦਾ ਸੀ। ਕੌਮਾਂਤਰੀ ਕਿਰਤ ਜਥੇਬੰਦੀ (ਆਈ ਐੱਲ ਓ) ਤਨਖਾਹ-ਵਿਹੂਣੇ ਅਜਿਹੇ ਲੋਕਾਂ ਨੂੰ ਰੁਜ਼ਗਾਰ ਕਰਦੇ ਵਿਅਕਤੀਆਂ ਵਜੋਂ ਪ੍ਰੀਭਾਸ਼ਤ ਨਹੀਂ ਕਰਦੀ ਅਤੇ 92 ਦੇਸ਼ਾਂ ਵਿਚ ਇਸ ਪ੍ਰਣਾਲੀ ਦੀ ਪਾਲਣਾ ਕੀਤੀ ਜਾਂਦੀ ਹੈ। ਭਾਰਤ ਵਿਚ ਅਜਿਹੇ ਵਰਕਰਾਂ ਦੀ ਗਿਣਤੀ ਕੁੱਲ ਵਰਕਰਾਂ ਦਾ ਇਕ-ਤਿਹਾਈ ਹੈ! ਇਹ ਦੇਖਣਾ ਦਿਲਚਸਪ ਹੋਵੇਗਾ ਕਿ ਮੋਦੀ ਭਾਰਤ ਦੇ ਅੰਮ੍ਰਿਤਕਾਲ ਵਿਚ ਪ੍ਰਵੇਸ਼ ਦੀ ਆਪਣੀ ਕਹਾਣੀ ਨਾਲ ਲੋਕਾਂ ਦਾ ਭਰੋਸਾ ਕਿਵੇਂ ਜਿੱਤਦੇ ਹਨ। ਕੋਈ ਵੀ ਮੋਦੀ ਨੂੰ ਇਹ ਸਰਲ ਤੇ ਸਧਾਰਨ ਸਵਾਲ ਪੁੱਛ ਸਕਦਾ ਹੈ ਕਿ ਅੰਮ੍ਰਿਤਕਾਲ ਵਿਚ 80 ਕਰੋੜ ਲੋਕ ਅਨਾਜ ਕਿਵੇਂ ਨਹੀਂ ਖਰੀਦ ਪਾ ਰਹੇ ਕਿ ਉਨ੍ਹਾਂ ਨੂੰ ਮੁਫਤ ਅਨਾਜ 'ਤੇ ਗੁਜ਼ਾਰਾ ਕਰਨਾ ਪੈ ਰਿਹਾ ਹੈ?*

# ਹਫਤੇ 'ਚ 70 ਘੰਟੇ ਕੰਮ, ਸਿਹਤ ਲਈ ਗੰਭੀਰ ਖ਼ਤਰਾ



ਡਾ. ਅਰੁਣ ਮਿੱਤਰਾ

ਇਨਫੋਸਿਸ ਦੇ ਚੇਅਰਮੈਨ ਐੱਨ ਆਰ ਨਰਾਇਣ ਮੂਰਤੀ ਇੰਝ ਲੱਗਦਾ ਹੈ ਕਿ ਐਲਿਜ਼ਾਬੈਥ ਬੈਰੇਟ ਬ੍ਰਾਊਨਿੰਗ ਦੀ 'ਦਿ ਕਰਾਈ ਆਫ ਦ ਚਿਲਡਰਨ' ਕਵਿਤਾ ਭੁੱਲ ਗਏ ਹਨ, ਜੋ ਸਕੂਲੀ ਦਿਨਾਂ ਦੌਰਾਨ ਇੰਗਲਿਸ਼ ਵਿੱਚ ਪੜ੍ਹਾਈ ਗਈ ਸੀ ਤੇ ਜਿਸ ਵਿੱਚ ਇੰਗਲੈਂਡ ਦੇ ਬੱਚਿਆਂ ਦੀ ਹਾਲਤ ਜਿਨ੍ਹਾਂ ਨੂੰ ਚਿਮਨੀਆਂ ਸਾਫ ਕਰਨ ਲਈ ਚਿਮਨੀਆਂ 'ਚ ਉਤਾਰਿਆ ਜਾਂਦਾ ਸੀ, ਨੂੰ ਬਿਆਨ ਕੀਤਾ ਗਿਆ ਸੀ। ਬੱਚੇ ਖਤਰਨਾਕ ਉਦਯੋਗਾਂ ਵਿੱਚ ਲੰਮੇ ਸਮੇਂ ਤੱਕ ਕੰਮ ਕਰਦੇ ਸਨ। ਨਤੀਜੇ ਵਜੋਂ ਬਹੁਤ ਸਾਰੇ ਗੰਭੀਰ ਬਿਮਾਰੀਆਂ ਦਾ ਸ਼ਿਕਾਰ ਹੋ ਜਾਂਦੇ ਸਨ ਅਤੇ ਅੰਤ ਵਿੱਚ ਉਹਨਾਂ ਦੀ ਜਲਦੀ ਮੌਤ ਹੋ ਜਾਂਦੀ ਸੀ। ਇਹ ਕਵਿਤਾ ਬੱਚਿਆਂ ਦੀ ਹੱਥੀਂ ਕਿਰਤ ਦੀ ਦਰਦਨਾਕ ਸਥਿਤੀ ਦਾ ਵੇਰਵਾ ਦਿੰਦੀ ਹੈ, ਜੋ ਉਨ੍ਹਾਂ ਦੇ ਮਾਲਕਾਂ ਦੁਆਰਾ ਉਨ੍ਹਾਂ ਉੱਤੇ ਜ਼ਬਰਦਸਤੀ ਕੰਮ ਥੋਪਣ ਕਰਕੇ ਬਣ ਜਾਂਦੀ ਸੀ। ਇਹ ਕਵਿਤਾ ਅਗਸਤ 1843 ਵਿੱਚ 'ਬਲੈਕ ਵੁੱਡਜ਼' ਮੈਗਜ਼ੀਨ ਵਿੱਚ ਪ੍ਰਕਸ਼ਿਤ ਹੋਈ ਸੀ। ਚਾਰਲਸ ਡਿਕਨਜ਼ ਨੇ ਵੀ 19ਵੀਂ ਸਦੀ ਦੇ ਅੱਧ ਵਿਚ ਇੰਗਲੈਂਡ ਵਿਚ ਬੱਚਿਆਂ ਨੂੰ ਸਖਤ ਮਿਹਨਤ ਕਰਨ ਲਈ ਮਜਬੂਰ ਕੀਤਾ ਜਾਂਦਾ ਸੀ, ਬਾਰੇ ਲਿਖਿਆ ਹੈ। ਉਦੋਂ ਤੋਂ ਇੰਗਲੈਂਡ ਹੁਣ ਕਾਫੀ ਅੱਗੇ ਨਿਕਲ ਆਇਆ ਹੈ। ਸਾਰੇ ਬੱਚੇ ਸਕੂਲ ਜਾਂਦੇ ਹਨ, ਉਨ੍ਹਾਂ ਨੂੰ ਲੋੜੀਂਦਾ ਪੋਸ਼ਣ ਅਤੇ ਸਿਹਤ ਸੰਭਾਲ ਮਿਲਦੀ ਹੈ। ਮਹਾਨ ਸ਼ਖਸੀਅਤਾਂ ਦੀਆਂ ਇਹ ਲਿਖਤਾਂ ਅਸਲ ਵਿੱਚ ਮਜ਼ਦੂਰਾਂ ਦੀਆਂ ਸਾਰੀਆਂ ਸ਼੍ਰੇਣੀਆਂ 'ਤੇ ਲਾਗੂ ਹੁੰਦੀਆਂ ਹਨ, ਭਾਵੇਂ ਉਹ ਹੱਥੀਂ ਜਾਂ 'ਵ੍ਹਾਈਟ ਕਾਲਰ' (ਚਿੱਟ ਕੱਪੜੇ) ਨੌਕਰੀ ਕਰਦੇ ਹਨ। ਸ੍ਰੀ ਨਰਾਇਣ ਮੂਰਤੀ ਨੇ ਨੌਜਵਾਨਾਂ ਨੂੰ ਕਿਹਾ ਕਿ ਉਹ ਭਾਰਤ ਨੂੰ ਆਪਣਾ ਦੇਸ਼ ਸਮਝਣ ਅਤੇ ਦੇਸ ਦੀ ਤਰੱਕੀ ਲਈ ਹਫਤੇ ਵਿੱਚ 70 ਘੰਟੇ ਕੰਮ ਕਰਨ।

ਇਸ ਪ੍ਰਸਤਾਵ ਦਾ ਵੱਖ-ਵੱਖ ਕੋਣਾਂ ਤੋਂ ਵਿਸ਼ਲੇਸਣ ਕਰਨ ਦੀ ਲੋੜ ਹੈ; ਟਰੇਡ ਯੂਨੀਅਨ ਕੋਣ, ਸਿਹਤ ਕੋਣ, ਸਮਾਜਿਕ ਕੋਣ ਅਤੇ ਉਤਪਾਦਨ 'ਤੇ ਤਕਨੀਕੀ ਵਿਕਾਸ ਦੇ ਪ੍ਰਭਾਵ ਦੇ ਕੋਣ ਤੋਂ। ਕੁਰਬਾਨੀਆਂ ਭਰੇ ਲੰਮੇ ਸਮੇਂ ਦੇ ਸੰਘਰਸ਼ ਦੇ ਨਤੀਜੇ ਵਜੋਂ ਮਜ਼ਦੂਰਾਂ ਨੂੰ ਅੱਠ ਘੰਟੇ ਕੰਮ, ਅੱਠ ਘੰਟੇ ਸੌਣ ਅਤੇ ਬਾਕੀ ਅੱਠ ਘੰਟੇ ਮਨੋਰੰਜਨ ਅਤੇ ਪਰਵਾਰ ਨਾਲ ਬਤੀਤ ਕਰਨ ਦਾ ਕਾਨੂੰਨੀ ਹੱਕ ਪ੍ਰਾਪਤ ਹੋਇਆ।

ਟਰੇਡ ਯੂਨੀਅਨਾਂ ਨੇ ਹਰ ਹਫਤੇ 70 ਘੰਟੇ ਕੰਮ ਨੂੰ ਰੱਦ ਕਰ ਦਿੱਤਾ ਹੈ, ਕਿਉਂਕਿ ਇਹ ਸਪੱਸ਼ਟ ਤੌਰ 'ਤੇ ਮਜ਼ਦੂਰਾਂ ਲਈ ਅੰਤਰ-ਰਾਸ਼ਟਰੀ ਤੌਰ 'ਤੇ ਪ੍ਰਵਾਨਤ ਸਮਾਂ-ਸੀਮਾ ਦੇ ਵਿਰੁੱਧ ਹੈ। ਇੰਟਰਨੈਸ਼ਨਲ ਲੇਬਰ ਆਰਗੇਨਾਈਜ਼ੇਸਨ ਅਨੁਸਾਰ ਭਾਰਤ ਵਿੱਚ ਲੋਕ ਕੰਮ 'ਤੇ ਵੱਧ ਸਮਾਂ ਬਿਤਾਉਂਦੇ ਹਨ, ਪਰ ਮੁਕਾਬਲਤਨ ਉਨ੍ਹਾਂ ਨੂੰ ਘੱਟ ਤਨਖਾਹ ਦਿੱਤੀ ਜਾਂਦੀ ਹੈ; ਇਸ ਦਾ ਮਤਲਬ ਹੈ ਕਿ ਮਜ਼ਦੂਰਾਂ ਦਾ ਬਹੁਤ ਜ਼ਿਆਦਾ ਸ਼ੋਸ਼ਣ ਅਤੇ ਕਾਨੂੰਨ ਦੀ ਉਲੰਘਣਾ ਹੋ ਰਹੀ ਹੈ। ਇਹ ਸੰਗਠਿਤ ਅਤੇ ਗੈਰ-ਸੰਗਠਿਤ ਖੇਤਰ ਦੋਨਾਂ 'ਤੇ ਲਾਗੂ ਹੁੰਦਾ ਹੈ। ਸਿਰਫ ਇੱਕ ਉਦਾਹਰਣ ਦਾ ਹਵਾਲਾ ਦੇਣਾ ਜ਼ਰੂਰੀ ਸਮਝਦਾ ਹਾਂ; 'ਸ਼ਤਾਬਦੀ ਐੱਕਸਪ੍ਰੈੱਸ' ਅਤੇ 'ਵੰਦੇ ਭਾਰਤ' ਵਰਗੀਆਂ ਸਪੈਸ਼ਲ ਰੇਲ ਗੱਡੀਆਂ ਵਿੱਚ ਰੋਟੀ-ਪਾਣੀ ਖਵਾਉਣ ਦੀ ਸੇਵਾ ਵਿੱਚ ਕੰਮ ਕਰਨ ਵਾਲੇ ਕਰਮੀ ਮਾਮੂਲੀ ਤਨਖਾਹ 'ਤੇ ਪ੍ਰਤੀ ਦਿਨ ਲਗਭਗ 18 ਘੰਟੇ ਕੰਮ 'ਤੇ ਬਿਤਾਉਂਦਾ ਹੈ। ਸਾਡੇ ਦੇਸ਼ ਵਿੱਚ ਲੱਖਾਂ ਹਨ, ਜੋ ਹਲਵਾਈਆਂ ਦੀਆਂ ਦੁਕਾਨਾਂ ਵਿੱਚ ਕੰਮ ਕਰ ਰਹੇ ਹਨ ਜਾਂ 'ਗਿਗ ਵਰਕਰ' (ਘਰਾਂ ਵਿੱਚ ਸਮਾਨ ਪਹੁੰਚਾਉਣ ਵਾਲੇ) ਹਨ, ਜੋ ਹਰ ਰੋਜ਼ ਕੰਮ 'ਤੇ ਏਨੇ ਹੀ ਘੰਟੇ ਬਿਤਾਉਂਦੇ ਹਨ।

ਜ਼ਿਆਦਾ ਕੰਮ ਕਰਨ ਦੇ ਘੰਟਿਆਂ ਦੇ ਸਿਹਤ ਪ੍ਰਭਾਵਾਂ ਦਾ ਅਧਿਐਨ ਕਰਨਾ ਵੀ ਓਨਾ ਹੀ ਮਹੱਤਵਪੂਰਨ ਹੈ। ਇਹ ਇੱਕ ਚੰਗੀ ਤਰ੍ਹਾਂ ਪ੍ਰਵਾਨਤ ਤੱਥ ਹੈ ਕਿ ਜੇਕਰ ਕਰਮਚਾਰੀ ਸਿਹਤਮੰਦ ਅਤੇ ਖੁਸ਼ ਹਨ ਤਾਂ ਉਤਪਾਦਕਤਾ ਵਧਦੀ ਹੈ। ਇੱਕ ਥੱਕਿਆ ਹੋਇਆ ਵਿਅਕਤੀ ਕਦੇ ਵੀ ਵਧੀਆ ਉਤਪਾਦਨ ਨਹੀਂ ਦੇ ਸਕਦਾ। ਜ਼ਿਆਦਾ ਕੰਮ ਕਰਨ ਦੇ ਨਾਲ ਜ਼ਿਆਦਾ ਦੁਰਘਟਨਾਵਾਂ ਅਤੇ ਗਲਤੀਆਂ ਕਰਨ ਦੀ ਸੰਭਾਵਨਾ ਵਧਦੀ ਹੈ। ਸਾਡਾ ਸਰੀਰ ਲਗਾਤਾਰ 8 ਘੰਟੇ ਸਹੀ ਢੰਗ ਨਾਲ ਕੰਮ ਨਹੀਂ ਕਰ ਸਕਦਾ। ਇਹ, ਜਿਸ ਨੂੰ 'ਸਰਕੇਡੀਅਨ ਰਿਦਮ' ਕਿਹਾ ਜਾਂਦਾ ਹੈ, ਦੇ ਕਾਰਨ ਹੈ, ਭਾਵ ਸਾਡੇ ਰੋਜ਼ਾਨਾ ਜੈਵਿਕ ਚੱਕਰ ਦੇ ਕਾਰਨ। ਦਿਨ ਦੌਰਾਨ ਸਾਡਾ ਸਰੀਰ ਕਿਵੇਂ ਪ੍ਰਤੀਕ੍ਰਿਆ ਕਰਦਾ ਹੈ, ਇਹ ਬਹੁਤ ਸਾਰੇ ਕਾਰਕਾਂ 'ਤੇ ਨਿਰਭਰ ਕਰਦਾ ਹੈ: ਸਾਡੇ ਹਾਰਮੋਨ, ਸਾਡੀ ਖੁਰਾਕ, ਦਿਨ ਦੇ ਪ੍ਰਕਾਸ਼ ਨਾਲ ਸਾਡਾ ਸੰਪਰਕ। ਇਹਨਾਂ ਮੁੱਦਿਆਂ ਦਾ ਅਧਿਐਨ ਕਰਨ ਵਾਲੇ ਵਿਗਿਆਨੀਆਂ ਨੇ ਪਾਇਆ ਹੈ ਕਿ ਸਾਡੇ ਕੋਲ ਇੱਕ ਬਹੁਤ ਹੀ ਖਾਸ ਜੈਵਿਕ ਤਾਲ ਹੈ। ਇਸ ਤਰ੍ਹਾਂ, ਅਸੀਂ ਦਿਨ ਦੇ ਕੁਝ ਖਾਸ ਸਮੇਂ ਬੌਧਿਕ ਅਤੇ ਸਰੀਰਕ ਤੌਰ 'ਤੇ ਵਧੇਰੇ ਕੰਮ ਕਰ ਸਕਦੇ ਹਾਂ। ਇਹ ਗੱਲ ਭਾਵੇਂ ਸਰੀਰਕ ਕੰਮ ਜਾਂ ਫਿਰ ਦਿਮਾਗੀ ਕੰਮ ਕਰਨ ਦੋਨਾਂ 'ਤੇ ਲਾਗੂ ਹੁੰਦੀਹੈ। ਉਨ੍ਹਾਂ 'ਤੇ ਵੀ ਜੋ ਘਰ ਬੈਠ ਕੇ ਲੈਪਟਾਪ ਦੀ ਸਕਰੀਨ 'ਤੇ ਕੰਮ ਕਰਦੇ ਹਨ, ਜੋ ਕਿ ਅੱਜਕੱਲ ਬਹੁਤ ਸਾਰੇ ਨੌਜਵਾਨ ਕਰ ਰਹੇ ਹਨ।

ਹਾਲਾਂਕਿ ਪ੍ਰਬੰਧਕ ਉਮੀਦ ਕਰਦੇ ਹਨ ਕਿ ਉਹਨਾਂ ਦੇ ਕਰਮਚਾਰੀ ਦਿਨ ਦੇ ਹਰ ਘੰਟੇ ਵਿੱਚ ਪੂਰੇ ਜ਼ੋਰ-ਸ਼ੋਰ ਨਾਲ ਕੰਮ ਕਰਨ। ਇਹ ਇੱਕ ਅਵਿਸ਼ਵਾਸੀ ਉਮੀਦ ਹੈ। ਕਰਮਚਾਰੀ ਹਰ ਸਮੇਂ ਉਹਨਾਂ ਦਾ ਸਭ ਤੋਂ ਉੱਤਮ ਹੋਣਾ ਚਾਹ ਸਕਦੇ ਹਨ, ਪਰ ਉਹਨਾਂ ਦੀਆਂ ਕੁਦਰਤੀ ਸਰਕੇਡੀਅਨ ਲੈਅ ਹਮੇਸ਼ਾ ਇਸ ਇੱਛਾ ਨਾਲ ਮੇਲ ਨਹੀਂ ਖਾਂਦੀਆਂ।

25 ਸਤੰਬਰ 2017 ਨੂੰ ਪ੍ਰਕਾਸ਼ਤ ਇੱਕ ਲੇਖ 'ਕੀ ਛੋਟੇ ਕੰਮਕਾਜੀ ਦਿਨ ਇੱਕ ਖੁਸ਼ਹਾਲ, ਸਿਹਤਮੰਦ ਅਤੇ ਵਧੇਰੇ ਉਤਪਾਦਕ ਜੀਵਨ ਦਾ ਰਾਜ ਹਨ?' ਦੇ ਅਨੁਸਾਰ ਦਿਨ ਵਿੱਚ 8 ਘੰਟੇ ਤੋਂ ਵੱਧ ਦਫਤਰ ਵਿੱਚ ਰਹਿਣਾ ਸਮੁੱਚੇ ਤੌਰ 'ਤੇ ਮਾੜੀ ਸਿਹਤ ਨਾਲ ਜੁੜਿਆ ਹੋਇਆ ਹੈ। ਇਹਨਾਂ ਲੋਕਾਂ ਨੂੰ ਦਿਲ ਦੀ ਬਿਮਾਰੀ ਜਾਂ ਤਣਾਅ ਸੰਬੰਧੀ ਬਿਮਾਰੀਆਂ ਦੇ ਹੋਣ ਦੀ 40 ਫੀਸਦੀ ਵੱਧ ਸੰਭਾਵਨਾ ਰਹਿੰਦੀ ਹੈ। ਵਿਗਿਆਨੀ ਆਮ ਤੌਰ 'ਤੇ ਇਸ ਗੱਲ ਨਾਲ ਸਹਿਮਤ ਹੁੰਦੇ ਹਨ ਕਿ ਰੋਜ਼ਾਨਾ ਕੰਮ ਕਰਨ ਦਾ ਆਦਰਸ਼ ਸਮਾਂ ਲਗਭਗ 6 ਘੰਟੇ ਹੁੰਦਾ ਹੈ।

ਇੰਸ਼ੋਰੈਂਸ ਜਰਨਲ ਦੁਆਰਾ ਪ੍ਰਕਾਸ਼ਤ ਇੱਕ ਅਧਿਐਨ ਦੇ ਅਨੁਸਾਰ ਜ਼ਿਆਦਾ ਕੰਮ ਕਰਨ ਨਾਲ ਜ਼ਖਮੀ ਹੋਣ ਦਾ ਖਤਰਾ 61 ਪ੍ਰਤੀਸ਼ਤ ਵਧ ਜਾਂਦਾ ਹੈ, ਨਾਲ ਹੀ ਸ਼ੂਗਰ, ਗਠੀਆ ਅਤੇ ਕੈਂਸਰ ਵਰਗੀਆਂ ਲੰਮਾ ਸਮਾਂ ਰਹਿਣ ਵਾਲੀਆਂ ਬਿਮਾਰੀਆਂ ਹੋਣ ਦਾ ਖਤਰਾ ਵੀ ਵਧ ਜਾਂਦਾ ਹੈ।

ਵਿਸ਼ਵ ਸਿਹਤ ਸੰਗਠਨ ਦੇ ਇੱਕ ਅਧਿਐਨ ਵਿੱਚ ਪਾਇਆ ਗਿਆ ਹੈ ਕਿ ਔਸਤਨ 35-40 ਘੰਟੇ ਦੀ ਤੁਲਨਾ ਵਿੱਚ ਹਰ ਹਫਤੇ ਔਸਤਨ 55 ਘੰਟੇ ਜਾਂ ਇਸ ਤੋਂ ਵੱਧ ਕੰਮ ਕਰਨ ਨਾਲ ਸਟਰੋਕ, (ਦਿਮਾਗ ਦੀ ਨਾੜੀ 'ਤੇ ਅਸਰ) ਦਾ ਖਤਰਾ 35 ਪ੍ਰਤੀਸ਼ਤ ਅਤੇ ਦਿਲ ਦੀ ਬਿਮਾਰੀ ਨਾਲ ਮਰਨ ਦਾ ਜੋਖਮ 17 ਪ੍ਰਤੀਸ਼ਤ ਵਧ ਜਾਂਦਾ ਹੈ।

ਜ਼ਿਆਦਾ ਕੰਮ ਕਰਨ ਨਾਲ ਤਣਾਅ ਵਧਦਾ ਹੈ ਤੇ ਸਾਡੀ ਮਾਨਸਿਕਤਾ 'ਤੇ ਨਕਾਰਾਤਮਕ ਪ੍ਰਭਾਵ ਪੈਂਦਾ ਹੈ। ਜਿਹੜੇ ਲੋਕ ਲੰਮੇ ਸਮੇਂ ਤੱਕ ਕੰਮ ਕਰਦੇ ਹਨ, ਇੱਕ ਅਧਿਐਨ ਦੇ ਅਨੁਸਾਰ ਉਨ੍ਹਾਂ ਵਿੱਚ ਡਿਪਰੈਸ਼ਨ ਹੋਣ ਦੀ ਸੰਭਾਵਨਾ ਦੁੱਗਣੀ ਹੁੰਦੀ ਹੈ, ਖਾਸ ਕਰਕੇ ਜੇਕਰ ਉਹ ਪ੍ਰਤੀ ਦਿਨ 11 ਘੰਟੇ ਤੋਂ ਵੱਧ ਕੰਮ ਕਰਦੇ ਹਨ।

ਕਰਮਚਾਰੀਆਂ ਨੂੰ ਪ੍ਰੇਰਿਤ ਅਤੇ ਸੰਤੁਸ਼ਟ ਰੱਖਣ ਲਈ ਕਰਮਚਾਰੀਆਂ ਲਈ ਇੱਕ ਸਕਾਰਾਤਮਕ ਮਾਹੌਲ ਬਣਾਉਣਾ ਅਤੇ ਕਰਮਚਾਰੀਆਂ ਨੂੰ ਉਤਸ਼ਾਹਤ ਕਰਨਾ ਬਹੁਤ ਮਹੱਤਵਪੂਰਨ ਹੈ।

ਫੈਸਲੇ ਲੈਣ ਵਾਲਿਆਂ ਨੂੰ ਇਹ ਸਮਝਣਾ ਚਾਹੀਦਾ ਹੈ ਕਿ ਇੱਕ ਅਨੁਕੂਲ ਵਾਤਾਵਰਣ ਅਤੇ ਸੁਰੱਖਿਆ ਅਤੇ ਸਿਹਤ ਦੀ ਗਾਰੰਟੀ ਵਿੱਚ ਕੰਮ ਕਰਨ ਵਾਲੇ ਸਿਹਤਮੰਦ ਕਾਰਜ ਬਲ ਦੇ ਬਿਨਾਂ ਉਤਪਾਦਕਤਾ ਬੁਰੀ ਤਰ੍ਹਾਂ ਪ੍ਰਭਾਵਤ ਹੋਵੇਗੀ, ਜੋ ਦੇਸ਼, ਸਮਾਜ ਅਤੇ ਮਾਲਕਾਂ ਦੇ ਹਿੱਤਾਂ ਲਈ ਵੀ ਨੁਕਸਾਨਦੇਹ ਹੋਵੇਗੀ।

ਸ੍ਰੀ ਮੂਰਤੀ ਨੂੰ ਇਹ ਸਮਝਣਾਚਾਹੀਦਾ ਹੈ ਕਿ ਉਤਪਾਦਕਤਾ ਲਈ ਜ਼ਿਆਦਾ ਕੰਮ ਕਰਨ ਦੇ ਘੰਟੇ ਮਾਇਨੇ ਨਹੀਂ ਰੱਖਦੇ, ਬਲਕਿ ਇੱਕ ਅਨੁਕੂਲ ਵਾਤਾਵਰਣ ਵਿੱਚ ਕੰਮ ਕਰਨ ਵਾਲਾ ਖੁਸ਼ ਸਿਹਤਮੰਦ ਵਿਅਕਤੀ ਹੀ ਹੈ, ਜੋ ਉਤਪਾਦਕਤਾ ਨੂੰ ਵਧਾ ਸਕਦਾ ਹੈ। ਇਹ ਜਾਣਨਾ ਮਹੱਤਵਪੂਰਨ ਹੈ ਕਿ ਸਾਡੇ ਦੇਸ਼ ਵਿੱਚ ਲੱਖਾਂ ਲੋਕ ਨੌਕਰੀ ਦੀ ਤਲਾਸ਼ ਕਰ ਰਹੇ ਹਨ, ਜਿਨ੍ਹਾਂ ਦੀਆਂ ਸੇਵਾਵਾਂ ਨੂੰ ਸਹੀ ਯੋਜਨਾਬੰਦੀ ਦੁਆਰਾ ਨੌਕਰੀਆਂ ਦੇ ਕੇ ਵਰਤਣ ਦੀ ਲੋੜ ਹੈ।

ਨਰਾਇਣ ਮੂਰਤੀ ਨੂੰ ਇਸ ਦੀ ਬਜਾਏ ਮਹਿੰਗਾਈ ਦੇ ਹਿਸਾਬ ਨਾਲ ਮਜ਼ਦੂਰਾਂ ਦੀਆਂ ਉਜਰਤਾਂ ਬਾਰੇ ਗੱਲ ਕਰਨੀ ਚਾਹੀਦੀ ਸੀ ਅਤੇ ਉਨ੍ਹਾਂ ਦੀ ਉਜਰਤ ਨੂੰ ਕੰਪਨੀਆਂ ਦੇ ਅਸਲ ਮੁਨਾਫਿਆਂ ਨਾਲ ਮੇਲਣਾ ਚਾਹੀਦਾ ਸੀ। ਉਨ੍ਹਾਂ ਲੋਕਾਂ ਦਾ ਪਰਦਾ ਫਾਸ਼ ਕਰਨਾ ਚਾਹੀਦਾ ਸੀ, ਜੋ ਟੈਕਸ ਚੋਰੀ ਕਰ ਰਹੇ ਹਨ ਅਤੇ ਬੈਂਕਾਂ ਤੋਂ ਲਏ ਗਏ ਕਰਜ਼ੇ ਦੀ ਅਦਾਇਗੀ ਅਫਸਰਾਂ ਅਤੇ ਕੇਂਦਰ ਸਰਕਾਰ ਵਿੱਚ ਬੈਠੇ ਸਿਆਸਤਦਾਨਾਂ ਦੇ ਨਾਲ ਗੰਢਤੁੱਪ ਕਰਕੇ ਨਹੀਂ ਕਰ ਰਹੇ, ਜਿਸ ਦੇ ਨਤੀਜੇ ਵਜੋਂ ਪਿਛਲੇ 10 ਸਾਲਾਂ ਵਿੱਚ ਬੈਂਕਾਂ ਦਾ ਐਨ ਪੀ ਏ 25 ਲੱਖ ਕਰੋੜ ਰੁਪਏ ਹੋ ਗਿਆ ਹੈ।

**# ਸੰਪਰਕ : 94170-00360**

# ਹਵਾ ਪ੍ਰਦੂਸ਼ਣ ਸਭ ਤੋਂ ਵੱਡਾ ਹਤਿਆਰਾ



ਗੁਰਮੀਤ ਸਿੰਘ ਪਲਾਹੀ

ਦਿੱਲੀ 'ਚ ਪ੍ਰਦੂਸ਼ਿਤ ਹਵਾ ਨੇ ਸਥਿਤੀ ਗੰਭੀਰ ਬਣਾ ਦਿੱਤੀ ਹੈ। ਦਿੱਲੀ 'ਚ ਹਵਾ ਗੁਣਵੱਤਾ ਅੰਕ 483 'ਤੇ ਪਹੁੰਚ ਗਿਆ। ਦਿੱਲੀ ਸਰਕਾਰ ਨੇ ਪ੍ਰਾਇਮਰੀ ਸਕੂਲ 10 ਨਵੰਬਰ ਤੱਕ ਬੰਦ ਕਰ ਦਿੱਤੇ ਹਨ। ਦੁਨੀਆ ਦੇ ਸਭ ਤੋਂ ਪ੍ਰਦੂਸ਼ਿਤ ਸ਼ਹਿਰਾਂ ਵਿੱਚ ਦਿੱਲੀ ਦਾ ਨਾਂਅ ਸ਼ਾਮਲ ਹੋ ਗਿਆ ਹੈ। ਹਰ ਵਰ੍ਹੇ ਦਿੱਲੀ ਗੈਸ ਚੈਂਬਰ ਬਣਦੀ ਹੈ। ਹਰ ਵਰ੍ਹੇ ਹਾਹਾਕਾਰ ਮਚਦੀ ਹੈ। ਹਰ ਵਰ੍ਹੇ ਸਰਕਾਰਾਂ ਹਵਾ ਪ੍ਰਦੂਸ਼ਣ ਰੋਕਣ ਲਈ ਯਤਨ ਕਰਨ ਦਾ ਵਾਇਦਾ ਕਰਦੀਆਂ ਹਨ, ਪਰ ਜਦੋਂ ਪ੍ਰਦੂਸ਼ਣ ਥੋੜ੍ਹਾ ਥੰਮ੍ਹਦਾ ਹੈ, ਮੁੜ ਅਫ਼ਸਰਸ਼ਾਹੀ, ਸਿਆਸਤਦਾਨ ਚੁੱਪ ਕਰ ਜਾਂਦੇ ਹਨ ਅਤੇ ਲੋਕਾਂ ਨੂੰ ਉਨ੍ਹਾਂ ਦੇ ਰਹਿਮੋ-ਕਰਮ 'ਤੇ ਛੱਡ ਦਿੰਦੇ ਹਨ। ਪਰਾਲੀ ਸਾੜੇ ਜਾਣ ਕਾਰਨ ਪੰਜਾਬ ਦੀ ਹਵਾ 'ਚ ਜ਼ਹਿਰ ਘੁਲ ਗਿਆ ਹੈ ਅਤੇ ਧੁਆਂਖੀ ਧੁੰਦ ਕਾਰਨ ਸਾਹ ਲੈਣਾ ਵੀ ਔਖਾ ਹੈ। ਪੰਜਾਬ 'ਚ ਹਵਾ ਗੁਣਵੱਤਾ ਅੰਕ 375 ਤੱਕ ਦਰਜ ਕੀਤਾ ਗਿਆ। ਮਾਹਰਾਂ ਅਤੇ ਡਾਕਟਰਾਂ ਅਨੁਸਾਰ ਕਿਸੇ ਵੀ ਸਿਹਤਮੰਦ ਵਿਅਕਤੀ ਲਈ ਹਵਾ ਗੁਣਵੱਤਾ ਸੂਚਕ ਅੰਕ 50 ਤੋਂ ਘੱਟ ਹੋਣਾ ਚਾਹੀਦਾ ਹੈ।

ਹਵਾ ਪ੍ਰਦੂਸ਼ਣ ਦੇ ਮਾਮਲੇ 'ਤੇ ਸਿਆਸਤ ਵੀ ਗਰਮਾਈ ਹੋਈ ਹੈ। ਦਿੱਲੀ ਵੱਲੋਂ ਖ਼ਬਰਾਂ ਆ ਰਹੀਆਂ ਹਨ ਕਿ ਪੰਜਾਬ 'ਚ ਵਧ ਰਹੀਆਂ ਪਰਾਲੀ ਸਾੜਨ ਦੀਆਂ ਘਟਨਾਵਾਂ ਕਾਰਨ ਦਿੱਲੀ 'ਚ ਪ੍ਰਦੂਸ਼ਣ ਵਧਿਆ ਹੈ, ਹਾਲਾਂਕਿ ਇਸ ਵਰ੍ਹੇ 15 ਸਤੰਬਰ ਤੋਂ 5 ਨਵੰਬਰ ਤੱਕ ਪਰਾਲੀ ਸਾੜਨ ਦੀਆਂ ਜੋ ਘਟਨਾਵਾਂ ਵਾਪਰੀਆਂ, ਉਹ ਪਿਛਲੇ ਸਾਲ ਵਾਪਰੀਆਂ 29400 ਦੀਆਂ ਘਟਨਾਵਾਂ ਤੋਂ 41 ਫ਼ੀਸਦੀ ਘੱਟ ਹਨ। ਪੰਜਾਬ ਸਰਕਾਰ ਦੇ ਅਫ਼ਸਰ ਤੇ ਮਾਹਰ ਕਹਿੰਦੇ ਹਨ ਕਿ ਪਿਛਲੇ ਇਕ ਹਫ਼ਤੇ ਤੋਂ ਹਵਾ ਦੀ ਰਫ਼ਤਾਰ 1.1 ਕਿਲੋਮੀਟਰ ਪ੍ਰਤੀ ਘੰਟਾ ਰਹੀ ਹੈ। ਹਵਾ ਦੀ ਏਨੀ ਘੱਟ ਰਫ਼ਤਾਰ ਨਾਲ ਪਰਾਲੀ ਦੇ ਕਿਸੇ ਹੋਰ ਸੂਬੇ ਤੱਕ ਪਹੁੰਚਣਾ ਮੁਸ਼ਕਲ ਹੈ। ਪ੍ਰਦੂਸ਼ਣ ਨੂੰ ਦੂਰ ਤੱਕ ਪਹੁੰਚਣ ਲਈ 6 ਕਿਲੋਮੀਟਰ ਪ੍ਰਤੀ ਘੰਟਾ ਦੀ ਰਫ਼ਤਾਰ ਦੀ ਲੋੜ ਹੁੰਦੀ ਹੈ। ਮਾਹਰ ਇਹ ਵੀ ਕਹਿੰਦੇ ਹਨ ਕਿ ਤਾਪਮਾਨ ਦੀ ਗਿਰਾਵਟ ਅਤੇ ਹਵਾ ਦੀ ਗਤੀ ਦੀ ਕਮੀ ਕਾਰਨ ਪਰਾਲੀ ਦਾ ਪ੍ਰਦੂਸ਼ਣ ਸਿਰਫ਼ ਪੰਜਾਬ 'ਚ ਹੀ ਰਹਿ ਗਿਆ ਹੈ। ਉਪਰਲੀ, ਹੇਠਲੀ ਸਰਕਾਰ ਦਰਮਿਆਨ ਕਸ਼ਮਕਸ਼ ਜਾਰੀ ਹੈ, ਪਰ ਪੀੜਤ ਲੋਕਾਂ ਲਈ ਰਾਹਤ ਦੇਣ ਵੱਲ ਕੋਈ ਧਿਆਨ ਨਹੀਂ ਦੇ ਰਿਹਾ। ਆਰਜ਼ੀ ਪ੍ਰਬੰਧ ਜਿਸ ਵਿੱਚ ਵਾਹਨਾਂ ਨੂੰ ਟਾਂਕ, ਜਿਸਤ ਅਨੁਸਾਰ ਚਲਾ ਕੇ, ਸਕੂਲ ਬੰਦ ਕਰਕੇ ਡੰਗ ਟਪਾਉਣ ਦਾ ਯਤਨ, ਇਸ ਮੁਸੀਬਤ ਤੋਂ ਨਿਕਲਣ ਦਾ ਰਾਹ ਸ਼ਾਇਦ ਸਰਕਾਰਾਂ ਸਮਝਦੀਆਂ ਹਨ।

ਭਾਰਤ ਵਿੱਚ ਹਵਾ ਪ੍ਰਦੂਸ਼ਣ ਦਾ ਪੱਧਰ ਵਿਸ਼ਵ ਭਰ 'ਚ ਸਭ ਤੋਂ ਜ਼ਿਆਦਾ ਹੈ। ਇਹ ਪ੍ਰਦੂਸ਼ਣ ਦੇਸ਼ ਦੀ ਸਿਹਤ ਲਈ ਸਭ ਤੋਂ ਵੱਧ ਖਤਰਾ ਹੈ। ਭਾਰਤ ਵਿੱਚ ਲਗਭਗ ਪੂਰੀ ਆਬਾਦੀ ਆਪਣੇ ਚਾਰੇ ਪਾਸਿਆਂ ਤੋਂ ਹਾਨੀਕਾਰਕ ਪੱਧਰ 'ਤੇ ਹੈ। ਮੌਜੂਦਾ ਪੀ.ਐੱਮ. 2.5 ਕਣਾਂ ਦੇ ਸੰਪਰਕ ਵਿੱਚ ਹੈ, ਜੋ ਸਭ ਤੋਂ ਵੱਧ ਖਤਰਨਾਕ ਹਵਾ ਪ੍ਰਦੂਸ਼ਕ ਹੈ ਅਤੇ ਵੱਖੋ-ਵੱਖਰੇ ਸਰੋਤਾਂ ਤੋਂ ਨਿਕਲ ਕੇ ਹਵਾ ਵਿੱਚ ਫੈਲ ਰਿਹਾ ਹੈ, ਪਰ ਕੇਂਦਰ ਸਰਕਾਰ ਵੱਲੋਂ ਇਸ ਪ੍ਰਦੂਸ਼ਣ ਨੂੰ ਰੋਕਣ ਲਈ ਉਪਰਾਲੇ ਨਾਂਹ ਹੋਣ ਬਰਾਬਰ ਹਨ। ਉਂਜ ਜਿੰਨੇ ਵੀ ਯਤਨ ਦੇਸ਼ ਨੂੰ ਸਾਫ਼ ਰੱਖਣ ਤੇ ਪ੍ਰਦੂਸ਼ਣ ਘਟਾਉਣ ਲਈ ਹੋਏ ਹਨ, ਉਹ ਸਿਰਫ ਕਾਗਜ਼ਾਂ 'ਚ ਹੀ ਦਿਸਦੇ ਹਨ। ਜੋ ਕਾਨੂੰਨ ਗੰਦਗੀ, ਪ੍ਰਦੂਸ਼ਣ ਰੋਕਣ ਲਈ ਬਣੇ ਹਨ, ਉਹ ਲਾਗੂ ਨਹੀਂ ਹੋ ਰਹੇ। ਸਾਲ 2013 ਤੋਂ 2021 ਤੱਕ ਦੁਨੀਆ 'ਚ 59.1 ਫੀਸਦੀ ਤੱਕ ਹਵਾ ਦਾ ਪ੍ਰਦੂਸ਼ਣ ਵਧਿਆ ਹੈ। ਇਸੇ ਲਈ ਹਵਾ ਪ੍ਰਦੂਸ਼ਣ ਮਨੁੱਖੀ ਸਿਹਤ ਲਈ ਦੁਨੀਆ ਭਰ 'ਚ ਵੱਡਾ ਖਤਰਾ ਹੈ। ਇਹ ਖ਼ਤਰਾ ਦੁਨੀਆ ਭਰ 'ਚ ਬਰਾਬਰ ਪੱਧਰ 'ਤੇ ਨਹੀਂ ਹੈ। ਬੰਗਲਾਦੇਸ਼, ਭਾਰਤ, ਪਾਕਿਸਤਾਨ, ਚੀਨ, ਨਾਈਜੀਰੀਆ ਅਤੇ ਇੰਡੋਨੇਸ਼ੀਆ ਸਭ ਤੋਂ ਵੱਧ ਪ੍ਰਦੂਸ਼ਤ ਦੇਸ਼ ਹਨ। ਵਿਸ਼ਵ ਸਿਹਤ ਸੰਗਠਨ ਦੀ ਇੱਕ ਰਿਪੋਰਟ ਅਨੁਸਾਰ ਜੇਕਰ ਹਵਾ ਪ੍ਰਦੂਸ਼ਣ ਨੂੰ ਰੋਕਣ ਲਈ ਸਾਂਝੇ ਯਤਨ ਹੋਣ ਤਾਂ ਹਰ ਵਿਅਕਤੀ ਦੀ ਉਮਰ ਔਸਤਨ 23 ਵਰ੍ਹੇ ਵਧ ਸਕਦੀ ਹੈ ਅਤੇ ਕਰੋੜਾਂ ਲੋਕਾਂ ਨੂੰ ਪ੍ਰਤੀ ਸਾਲ ਮੌਤ ਦੇ ਮੂੰਹ ਜਾਣ ਤੋਂ ਰੋਕਿਆ ਜਾ ਸਕਦਾ ਹੈ। ਅਫਰੀਕਾ ਅਤੇ ਏਸ਼ੀਆ ਖਿੱਤੇ ਵਿੱਚ ਬੁਨਿਆਦੀ ਢਾਂਚੇ ਦੀ ਘਾਟ ਹੈ। ਇਸੇ ਕਰਕੇ ਇਥੇ ਪ੍ਰਦੂਸ਼ਣ ਵੱਧ ਹੈ। ਹਵਾ ਪ੍ਰਦੂਸ਼ਣ ਰੋਕਣ ਲਈ ਵੀ ਇਸ ਖਿੱਤੇ 'ਚ ਖ਼ਾਸ ਯਤਨ ਨਹੀਂ ਹੋ ਰਹੇ। ਐੱਚ.ਆਈ.ਵੀ. ਏਡਜ਼, ਮਲੇਰੀਆ, ਤਪਦਿਕ ਜਿਹੇ ਰੋਗਾਂ ਨੂੰ ਰੋਕਣ ਲਈ ਤਾਂ ਦੁਨੀਆ ਕੋਲ ਵੱਡੇ ਫੰਡ ਹਨ। ਹਰ ਸਾਲ ਚਾਰ ਅਰਬ ਅਮਰੀਕੀ ਡਾਲਰ ਇਨ੍ਹਾਂ ਬੀਮਾਰੀਆਂ ਨੂੰ ਰੋਕਣ ਲਈ ਖ਼ਰਚੇ ਜਾਂਦੇ ਹਨ, ਪਰ ਹਵਾ ਪ੍ਰਦੂਸ਼ਣ ਰੋਕਣ ਲਈ ਸਿਰਫ਼ ਤਿੰਨ ਅਰਬ ਅਮਰੀਕੀ ਡਾਲਰ ਹੀ ਉਪਲੱਬਧ ਹੁੰਦੇ ਹਨ। ਚੀਨ ਅਤੇ ਭਾਰਤ ਲਈ ਇਹ ਹਿੱਸਾ ਸਿਰਫ਼ 14 ਲੱਖ ਅਮਰੀਕੀ ਡਾਲਰ ਹੈ, ਜਦਕਿ ਯੂਰਪ, ਅਮਰੀਕਾ ਅਤੇ ਕੈਨੇਡਾ ਲਈ 3.4 ਕਰੋੜ ਅਮਰੀਕੀ ਡਾਲਰ ਉਪਲੱਬਧ ਹੁੰਦੇ ਹਨ।

ਇਹੋ ਕਾਰਨ ਹੈ ਕਿ 2019 ਵਿੱਚ ਦੁਨੀਆ ਭਰ 'ਚ 90 ਲੱਖ ਲੋਕ ਪ੍ਰਦੂਸ਼ਣ ਕਾਰਨ ਆਪਣੀ ਜੀਵਨ ਯਾਤਰਾ ਸਮੇਂ ਤੋਂ ਪਹਿਲਾਂ ਪੂਰੀ ਕਰ ਗਏ। ਇੰਜ ਹਵਾ ਪ੍ਰਦੂਸ਼ਣ ਕਾਰਨ 66.7 ਲੱਖ ਲੋਕਾਂ ਦੀ ਮੌਤ ਹੋਈ, 17 ਲੱਖ ਲੋਕਾਂ ਦੀ ਮੌਤ ਰਸਾਇਣਾਂ ਦੀ ਵਰਤੋਂ ਕਾਰਨ ਹੋਈ। ਇਨ੍ਹਾਂ ਵਿੱਚ ਮੌਤਾਂ ਦੀ ਵੱਡੀ ਗਿਣਤੀ ਦੁਨੀਆ ਦੇ ਦੋ ਵੱਡੀ ਆਬਾਦੀ ਵਾਲੇ ਦੇਸ਼ਾਂ ਚੀਨ ਅਤੇ ਭਾਰਤ ਵਿੱਚ ਦਰਜ ਹੋਈ।

ਦੇਸ਼ ਭਾਰਤ ਦੇ ਹਾਲਾਤ ਤਾਂ ਬਹੁਤ ਮਾੜੇ ਹਨ। ਹਵਾ ਪ੍ਰਦੂਸ਼ਣ ਦੇ ਕਾਰਨ 2019 ਵਿੱਚ 17 ਲੱਖ ਭਾਰਤੀ ਮਰੇ। ਭਾਰਤ ਵਿੱਚ ਕਰੀਬ 67.4 ਫੀਸਦੀ ਆਬਾਦੀ ਉਨ੍ਹਾਂ ਪ੍ਰਦੂਸ਼ਤ ਖੇਤਰਾਂ ਵਿੱਚ ਵਸਦੀ ਹੈ, ਜਿਥੇ ਸਲਾਨਾ ਔਸਤ ਦਾ ਪ੍ਰਦੂਸ਼ਣ ਪੱਧਰ ਬਹੁਤ ਜ਼ਿਆਦਾ ਹੁੰਦਾ ਹੈ। ਹਵਾ ਪ੍ਰਦੂਸ਼ਣ ਕਾਰਨ ਦਿਲ ਦੇ ਰੋਗਾਂ ਦੀਆਂ ਬੀਮਾਰੀਆਂ ਭਾਰਤੀਆਂ ਦੀ ਉਮਰ ਘਟਾ ਰਹੀਆਂ ਹਨ। ਬੱਚਿਆਂ ਦੇ ਕੁਪੋਸ਼ਣ ਕਾਰਨ ਲਗਭਗ 4.5 ਸਾਲ ਅਤੇ ਔਰਤਾਂ ਦੇ ਕੁਪੋਸ਼ਣ ਕਾਰਨ ਉਨ੍ਹਾਂ ਦੀ ਉਮਰ ਦੇ 1.8 ਸਾਲ ਤੱਕ ਘੱਟ ਹੋਏ ਹਨ। 'ਦੀ ਲਾਂਸੇਟ' ਦੀ ਇੱਕ ਰਿਪੋਰਟ ਪੜ੍ਹਨ ਵਾਲੀ ਹੈ। ਇਹ ਰਿਪੋਰਟ ਕਹਿੰਦੀ ਹੈ ਕਿ ਕੁੱਲ ਪ੍ਰਦੂਸ਼ਣ ਹਫਤੇ 'ਚ ਦੁਨੀਆ ਦੇ ਦਸ ਦੇਸ਼ ਜ਼ਿੰਮੇਵਾਰ ਹਨ। ਇਹ ਦਸ ਦੇਸ਼ ਪੂਰੀ ਤਰ੍ਹਾਂ ਉਦਯੋਗਿਕ ਦੇਸ਼ ਹਨ। ਇਨ੍ਹਾਂ ਦੇਸ਼ਾਂ ਵਿੱਚ ਫਰਾਂਸ, ਜਰਮਨੀ, ਬਰਤਾਨੀਆ, ਇਟਲੀ, ਨੀਦਰਲੈਂਡ, ਸਾਊਥ ਕੋਰੀਆ, ਸਵਿਟਜ਼ਰਲੈਂਡ, ਅਮਰੀਕਾ, ਜਪਾਨ, ਰੂਸ, ਸ਼ਾਮਲ ਹਨ। ਇਹਨਾਂ ਦੇਸ਼ਾਂ ਦੇ ਲਿੱਡ-ਏਸਿਡ ਬੈਟਰੀ ਅਤੇ ਈ-ਕਚਰੇ ਦੇ ਪੂਰਨ ਨਿਰਮਾਣ ਚੱਕਰ ਕਾਰਨ ਜਦੋਂ ਬਹੁਤੇ ਲੋਕ ਇਸ ਦੇ ਕਿਸੇ ਵੀ ਹਾਲਤ 'ਚ ਸੰਪਰਕ ਵਿੱਚ ਆਉਂਦੇ ਹਨ ਤਾਂ ਮਨੁੱਖੀ ਧਮਣੀਆਂ ਸਖ਼ਤ ਹੋ ਜਾਂਦੀਆਂ ਹਨ ਤੇ ਦਿਲ ਦੇ ਰੋਗ ਵਧਦੇ ਹਨ। ਦਿਮਾਗੀ ਵਿਕਾਸ ਰੁਕਦਾ ਹੈ। ਦਿਲ ਦੇ ਰੋਗਾਂ ਨਾਲ ਮੌਤ ਹੋ ਜਾਂਦੀ ਹੈ, ਪਰ ਹੈਰਾਨੀ ਦੀ ਗੱਲ ਹੈ ਕਿ ਇਹ ਦਸ ਵੱਡੇ ਦੇਸ਼ ਖ਼ਾਸ ਕਰਕੇ ਅਮਰੀਕਾ ਪ੍ਰਦੂਸ਼ਣ ਰੋਕਣ ਲਈ ਬਣਾਏ ਫੰਡ ਵਿੱਚ ਕੋਈ ਵੱਡੀ ਰਕਮ ਨਹੀਂ ਦਿੰਦਾ, ਜਿਸ ਨਾਲ ਡਬਲਯੂ.ਐੱਚ.ਓ. (ਵਿਸ਼ਵ ਸਿਹਤ ਸੰਗਠਨ) ਦੇ ਹਵਾ ਪ੍ਰਦੂਸ਼ਣ ਰੋਕਣ ਵਾਲੇ ਪ੍ਰਾਜੈਕਟਾਂ ਨੂੰ ਸਫਲਤਾਪੂਰਵਕ ਲਾਗੂ ਨਹੀਂ ਕੀਤਾ ਜਾ ਸਕਦਾ।

ਵਿਸ਼ਵ ਸਿਹਤ ਸੰਗਠਨ ਅਨੁਸਾਰ ਹਵਾ ਪ੍ਰਦੂਸ਼ਣ ਦੇ 10 ਕਾਰਕ ਗਿਣੇ ਹਨ, ਜਿਨ੍ਹਾਂ ਵਿੱਚ ਉਦਯੋਗਾਂ ਤੋਂ ਪੈਦਾ ਗੰਦਲੀ ਹਵਾ, ਜੰਗਲਾਂ ਵਿੱਚ ਅੱਗ, ਘਰਾਂ ਅੰਦਰ ਹਵਾ ਪ੍ਰਦੂਸ਼ਣ, ਈਂਧਣ ਦਾ ਅਧੂਰਾ ਜਲਣ, ਵਾਹਨਾਂ ਵੱਲੋਂ ਪੈਦਾ ਧੂੰਆਂ, ਕਚਰੇ ਦਾ ਖੁੱਲ੍ਹੇ ਵਿੱਚ ਸਾੜਨਾ, ਖੇਤੀ ਸੰਬੰਧੀ ਗਤੀਵਿਧੀਆਂ, ਰਸਾਇਣ ਅਤੇ ਸਿੰਥੈਟਕ ਉਤਪਾਦਾਂ ਦੀ ਵਰਤੋਂ ਆਦਿ ਹਨ। ਇਹ ਪ੍ਰਦੂਸ਼ਣ ਸਾਫ਼ ਹਵਾ ਗੰਦਲੀ ਕਰਦੇ ਹਨ। ਇੰਜ ਹਵਾ ਪ੍ਰਦੂਸ਼ਣ ਨਾਲ ਸਾਹ ਲੈਣ 'ਚ ਤੰਗੀ ਹੁੰਦੀ ਹੈ।

ਹਵਾ ਪ੍ਰਦੂਸ਼ਕਾਂ ਨੂੰ ਅਸੀਂ ਆਪਣੀ ਨੰਗੀ ਅੱਖ ਨਾਲ ਨਹੀਂ ਵੇਖ ਸਕਦੇ, ਇਸ ਲਈ ਸਾਨੂੰ ਵਧਦੇ ਪ੍ਰਦੂਸ਼ਣ ਦੇ ਪੱਧਰ ਦਾ ਅਹਿਸਾਸ ਨਹੀਂ ਹੁੰਦਾ, ਪਰ ਇਹ ਹਵਾ ਪ੍ਰਦੂਸ਼ਕਾਂ ਦੀ ਵਧਦੀ ਸੰਖਿਆ ਤਾਜ਼ੀ, ਸਾਫ਼-ਸੁਥਰੀ ਹਵਾ ਵਿੱਚ ਸਾਹ ਲੈਣਾ ਲਗਭਗ ਅਸੰਭਵ ਬਣਾ ਦਿੰਦੀ ਹੈ। ਅੱਜ ਦੇ ਸਮੇਂ ਹਵਾ ਪ੍ਰਦੂਸ਼ਣ ਸਭ ਤੋਂ ਵੱਡਾ ਹਤਿਆਰਾ ਹੈ। ਦਿੱਲੀ 'ਚ ਵਧ ਰਹੇ ਹਵਾ ਪ੍ਰਦੂਸ਼ਣ ਲਈ ਭਾਵੇਂ ਗੁਆਂਢੀ ਰਾਜਾਂ ਨੂੰ ਦੋਸ਼ ਦਿੱਤਾ ਜਾ ਰਿਹਾ ਹੈ, ਪਰ ਦਿੱਲੀ ਹਰ ਦਿਨ 9500 ਟਨ ਕਚਰਾ ਪੈਦਾ ਕਰਦੀ ਹੈ। ਇਹ ਕਚਰਾ ਖੁੱਲ੍ਹੇਆਮ ਜਲਾਉਣ ਨਾਲ ਹਵਾ ਵਿੱਚ ਬਲੈਕ ਕਾਰਬਨ, ਕਾਲਖ ਆਦਿ ਜਿਹੇ ਪਦਾਰਥ ਪੈਦਾ ਹੁੰਦੇ ਹਨ, ਜਿਹੜੇ ਸਾਹ ਦੀਆਂ ਬੀਮਾਰੀਆਂ, ਦਮਾ, ਦਿਲ ਦੇ ਰੋਗ ਆਦਿ ਪੈਦਾ ਕਰਦੇ ਹਨ। ਦਿੱਲੀ 'ਚ ਕਿਉਂਕਿ ਜਨਸੰਖਿਆ ਨਿੱਤ ਪ੍ਰਤੀ ਦਿਨ ਵਧ ਰਹੀ ਹੈ, ਨਿਰਮਾਣ ਵਧ ਰਿਹਾ ਹੈ। ਨਿਰਮਾਣ ਥਾਵਾਂ ਉਤੇ ਇੱਟਾਂ, ਕੰਕਰੀਟ ਜਿਹੇ ਕੱਚੇ ਮਾਲ ਨਾਲ ਧੁੰਦ, ਬਦਬੂ ਪੈਦਾ ਹੁੰਦੀ ਹੈ, ਜਿਹੜੀ ਬੱਚਿਆਂ, ਬਜ਼ੁਰਗਾਂ ਦੀ ਸਿਹਤ ਲਈ ਅਤਿਅੰਤ ਹਾਨੀਕਾਰਕ ਹੈ। ਦਿੱਲੀ 'ਚ ਵਾਹਨਾਂ ਦੀ ਗਿਣਤੀ 'ਚ ਵਾਧਾ ਪ੍ਰਦੂਸ਼ਣ ਪੈਦਾ ਕਰਦਾ ਹੈ। ਸੜਕਾਂ 'ਤੇ ਕਾਰਾਂ ਦੀ ਗਿਣਤੀ ਵਧ ਰਹੀ ਹੈ। ਜਦੋਂ ਕਾਰ ਗੈਸੋਲੀਨ ਜਲਾਉਂਦੀ ਹੈ ਤਾਂ ਹਵਾ ਵਿੱਚ ਪ੍ਰਦੂਸ਼ਣ ਪੈਦਾ ਕਰਦੀ ਹੈ, ਜੋ ਇੱਕ ਦਿਨ ਵਿੱਚ 10 ਸਿਗਰਟਾਂ ਪੀਣ ਦੇ ਬਰਾਬਰ ਹਾਨੀਕਾਰਕ ਹੈ।

ਦਿੱਲੀ ਦੀ ਵਧਦੀ ਆਬਾਦੀ ਇਨਡੋਰ ਪ੍ਰਦੂਸ਼ਣ ਦਾ ਕਾਰਨ ਹੈ। ਕਮਰੇ ਦੇ ਅੰਦਰ ਸਿਗਰਟਨੋਸ਼ੀ, ਰਸੋਈ ਘਰ 'ਚ ਜਾਂ ਕਮਰੇ 'ਚ ਲੱਕੜਾਂ, ਕੋਲੇ ਦਾ ਜਲਣਾ ਹਵਾ ਪ੍ਰਦੂਸ਼ਣ ਦਾ ਕਾਰਨ ਹੈ। ਸਾਲ 2018 ਦੀ ਇੱਕ ਰਿਪੋਰਟ ਅਨੁਸਾਰ ਨਮੋਨੀਆ, ਘਰ ਵਿੱਚ ਹਵਾ ਪ੍ਰਦੂਸ਼ਣ ਨਾਲ ਹੁੰਦਾ ਹੈ, ਜਿਸ ਨਾਲ 27 ਫੀਸਦੀ ਮੌਤਾਂ ਹੁੰਦੀਆਂ ਹਨ। ਪੰਜ ਸਾਲ ਤੋਂ ਘੱਟ ਉਮਰ ਦੇ ਬੱਚਿਆਂ ਵਿੱਚ ਨਿਮੋਨੀਆ ਕਾਰਨ 45 ਫੀਸਦੀ ਮੌਤਾਂ ਹੁੰਦੀਆਂ ਹਨ। ਰਿਪੋਰਟ ਕਹਿੰਦੀ ਹੈ ਕਿ 2020 ਵਿੱਚ ਘਰੇਲੂ ਹਵਾ ਪ੍ਰਦੂਸ਼ਣ ਹਰ ਸਾਲ 3.2 ਮਿਲੀਅਨ ਮੌਤਾਂ ਲਈ ਜ਼ੁੰਮੇਵਾਰ ਹੈ, ਇਸ ਨਾਲ ਪੰਜ ਸਾਲ ਤੋਂ ਘੱਟ ਉਮਰ ਦੇ ਬੱਚੇ ਪੀੜਤ ਹੁੰਦੇ ਹਨ ਅਤੇ ਸਿੱਟੇ ਵਜੋਂ 2,37,000 ਮੌਤਾਂ ਹਰ ਸਾਲ ਹੁੰਦੀਆਂ ਹਨ। ਕੀ ਮਨੁੱਖ ਦੁਆਰਾ ਆਪੇ ਫੈਲਾਏ 'ਮੌਤ ਦੇ ਜੰਤਰ' ਨੂੰ ਰੋਕਣ ਲਈ ਕੋਈ ਸਰਕਾਰੀ ਇੱਛਾ ਸ਼ਕਤੀ ਹੈ? ਕੀ ਅਸੀਂ ਪਾਣੀ ਪ੍ਰਦੂਸ਼ਣ ਤੋਂ ਔਖੇ ਜਿਵੇਂ ਪਾਣੀ ਦੀਆਂ ਬੋਤਲਾਂ ਹੱਥਾਂ ਵਿੱਚ ਫੜ ਕੇ ਘੁੰਮ ਰਹੇ ਹਾਂ, ਉਵੇਂ ਹੀ ਭਵਿੱਖ ਵਿੱਚ ਆਕਸੀਜਨ ਸਿਲੰਡਰ ਨਾਲ ਸਾਹ ਲੈਣ ਲਈ ਇਸ ਨੂੰ ਆਪਣੇ ਨਾਲ ਚੁੱਕੇ ਜਾਣ ਵਾਲੇ ਸਮੇਂ ਦੀ ਉਡੀਕ 'ਚ ਲੱਗੇ ਹਾਂ?

***# ਸੰਪਰਕ : 98158-02070***

# ਸਾਮਰਾਜੀ ਨੀਤੀ : ਅਨਾਜ 'ਤੇ ਕੰਟਰੋਲ, ਲੋਕਾਂ 'ਤੇ ਕੰਟਰੋਲ



ਪਵਨ ਕੁਮਾਰ ਕੌਸ਼ਲ

ਮਨੁੱਖ ਦਾ ਸਾਰਾ ਜੀਵਨ ਨਿਰਬਾਹ ਖਾਣ-ਪੀਣ ਦੀਆਂ ਵਸਤਾਂ ਉਪਰ ਨਿਰਭਰ ਕਰਦਾ ਹੈ, ਜਿਨ੍ਹਾਂ ਤੋਂ ਬਿਨਾਂ ਉਹ ਜਿਉਂਦਾ ਨਹੀਂ ਰਹਿ ਸਕਦਾ, ਜਿਸ ਤਰ੍ਹਾਂ ਅਨਾਜ, ਦਾਲਾਂ,ਤੇਲ, ਗੁੜ, ਕਪੜਾ ਆਦਿ। ਇਨ੍ਹਾਂ ਸਭ ਵਸਤੂਆਂ ਨੂੰ ਕਿਸਾਨ ਪੈਦਾ ਕਰਦਾ ਹੈ। ਅਗਰ ਕਿਸਾਨ ਨੂੰ ਖੇਤੀ ਦੇ ਧੰਦੇ 'ਚੋਂ ਬਾਹਰ ਕਰ ਦਿੱਤਾ ਜਾਵੇ ਤਾਂ ਇਕੱਲਾ ਕਿਸਾਨ ਹੀ ਨਹੀ, ਸਾਰੀ ਲੋਕਾਈ ਭੁੱਖਮਰੀ ਦਾ ਸ਼ਿਕਾਰ ਹੋ ਜਾਵੇਗੀ, ਜਾਂ ਫਿਰ ਅਨਾਜ ਦਾ ਭੰਡਾਰਣ ਤੇ ਵੰਡ ਕੁਝ ਕਾਰਪੋਰੇਟ ਘਰਾਣਿਆਂ ਅਧੀਨ ਆ ਜਾਵੇ, ਤਦ ਵੀ ਭੁੱਖਮਰੀ ਵਰਗੇ ਹਾਲਾਤ ਪੈਦਾ ਹੋ ਜਾਣਗੇ, ਜਿਸ ਤਰ੍ਹਾਂ ਬਰਤਾਨਵੀ ਰਾਜ ਸਮੇਂ 1943 ਵਿੱਚ ਬੰਗਾਲ ਵਿੱਚ ਮਸਨੂਈ ਅਕਾਲ ਪੈਦਾ ਕਰਕੇ 30 ਲੱਖ ਤੋਂ ਉਪਰ ਲੋਕ ਭੁੱਖਮਰੀ ਦਾ ਸ਼ਿਕਾਰ ਹੋਏ। ਅੱਜ ਵਿਸ਼ਵ ਅੰਦਰ ਅਫਰੀਕਨ ਦੇਸ਼ ਭੁੱਖਮਰੀ ਦਾ ਸ਼ਿਕਾਰ ਹਨ।

ਹੈਨਰੀ ਕਸਿੰਜਰ ਨੇ 1970 ਵਿੱਚ ਕਿਹਾ ਸੀ, 'ਤੇਲ ਨੂੰ ਕੰਟਰੋਲ ਕਰੋ ਅਤੇ ਤੁਸੀਂ ਰਾਸ਼ਟਰਾਂ ਨੂੰ ਕੰਟਰੋਲ ਕਰੋ; ਭੋਜਨ ਨੂੰ ਨਿਯੰਤਰਿਤ ਕਰੋ ਅਤੇ ਤੁਸੀਂ ਲੋਕਾਂ ਨੂੰ ਨਿਯੰਤਰਿਤ ਕਰੋ।' ਸੰਯੁਕਤ ਰਾਜ ਅਮਰੀਕਾ ਦੀ ਇਸ ਰਣਨੀਤੀ ਨੇ ਜਾਣਬੁੱਝ ਕੇ ਅਮਰੀਕਾ ਅਤੇ ਵਿਦੇਸ਼ਾਂ ਵਿੱਚ ਪਰਵਾਰਕ ਖੇਤੀ ਨੂੰ ਤਬਾਹ ਕਰ ਦਿੱਤਾ, ਜਿਸ ਨਾਲ ਵਿਸ਼ਵ ਦੇ ਸਾਰੇ ਅਨਾਜ ਭੰਡਾਰਾਂ ਦਾ 95 ਫੀਸਦੀ ਛੇ ਬਹੁ-ਕੌਮੀ ਖੇਤੀਬਾੜੀ ਨਿਗਮਾਂ/ਕਾਰਪੋਰੇਸ਼ਨਾਂ ਦੇ ਨਿਯੰਤਰਣ ਵਿੱਚ ਆਇਆ। ਜੀਨ ਸੋਧੀਆਂ ਫਸਲਾਂ ਅਤੇ ਬੀਜਾਂ ਰਾਹੀਂ ਮੋਨਸੈਂਟੋ ਵਰਗੀਆਂ ਦਿਓ-ਕੱਦ ਬਹੁ-ਕੌਮੀ ਕਾਰਪੋਰੇਸ਼ਨਾਂ ਅਨਾਜ ਉਪਰ ਕੰਟਰੋਲ ਕਰਨ ਲਈ ਪੱਬਾਂ ਭਾਰ ਹੋ ਰਹੀਆਂ ਹਨ।

ਅੱਜ ਸਾਮਰਾਜੀ ਮੁਲਕਾਂ ਦੀਆਂ ਸਥਾਪਤ ਬਹੁ-ਕੌਮੀ ਕਾਰਪੋਰੇਸ਼ਨਾਂ ਵਿਕਾਸਸ਼ੀਲ ਦੇਸ਼ਾਂ ਦੇ ਕੁੰਜੀਵਤ ਕਾਰੋਬਾਰਾਂ ਨੂੰ ਆਪਣੇ ਅਧੀਨ ਕਰਨ ਤੋਂ ਬਾਅਦ ਇੱਕੋ ਇੱਕ ਬਚਦੇ ਮਹੱਤਵਪੂਰਨ ਖੇਤਰ ਖੇਤੀ ਨੂੰ ਆਪਣੇ ਅਧੀਨ ਕਰਨ ਲਈ ਉਨ੍ਹਾਂ ਮੁਲਕਾਂ ਦੇ ਕਾਨੂੰਨਾਂ ਵਿੱਚ ਲੋਕ ਵਿਰੋਧੀ ਅਤੇ ਕਾਰਪੋਰੇਟ ਪੱਖੀ ਸੋਧਾਂ ਕਰਵਾ ਕੇ ਉਥੋਂ ਦੀ ਕਿਸਾਨੀ ਨੂੰ ਖੇਤੀ ਦੇ ਧੰਦੇ 'ਚੋਂ ਬਾਹਰ ਕਰਵਾ ਰਹੀਆਂ ਹਨ।

ਨੋਆਮ ਚੋਮਸਕੀ ਦੇ ਕਥਨ ਅਨੁਸਾਰ, ਪੁਰਾਣੇ ਅਤੇ ਨਵੇਂ ਦੋਵਾਂ ਵਿਸ਼ਵ ਆਦੇਸ਼ਾਂ ਵਿੱਚ ਕੇਂਦਰੀ ਟੀਚੇ ਨੇ ਨਿਯੰਤਰਣ ਦੇ ਮੁੱਦੇ ਨੂੰ ਕੇਂਦਰਿਤ ਕੀਤਾ ਹੈ: 'ਆਬਾਦੀ ਦਾ ਨਿਯੰਤਰਣ ਕਿਸੇ ਵੀ ਰਾਜ ਦਾ ਮੁੱਖ ਕੰਮ ਹੁੰਦਾ ਹੈ, ਜਿਸ ਦਾ ਘਰੇਲੂ ਸਮਾਜ ਦੇ ਵਿਸ਼ੇਸ਼ ਖੇਤਰਾਂ ਦੁਆਰਾ ਦਬਦਬਾ ਹੁੰਦਾ ਹੈ ਅਤੇ ਇਸ ਲਈ ਮੁੱਖ ਤੌਰ 'ਤੇ ਉਨ੍ਹਾਂ ਦੇ ਹਿੱਤ ਵਿੱਚ ਕੰਮ ਕਰਦਾ ਹੈ। ਅਜਿਹੇ ਖਾਸ ਖੇਤਰ ਜਿਨ੍ਹਾਂ ਦਾ ਜ਼ਿਕਰ ਕੀਤਾ ਗਿਆ ਹੈ, ਉਹ ਘੱਟ ਗਿਣਤੀ ਕੁਲੀਨ ਵਰਗ ਹਨ, ਜੋ ਆਪਣੇ ਉਦੇਸ਼ਾਂ ਦੇ ਅਨੁਸਾਰ 'ਇੰਜੀਨੀਅਰ' ਰਾਸ਼ਟਰ ਅਤੇ ਅੰਤਰਰਾਸ਼ਟਰੀ ਮਾਮਲਿਆਂ ਲਈ ਨਿਯੰਤਰਣ ਦੀਆਂ ਰਣਨੀਤੀਆਂ ਅਪਣਾਉਂਦੇ ਹਨ ਅਤੇ ਇਹ ਉਦੇਸ਼ ਜ਼ਿਆਦਾਤਰ ਲਾਲਚ ਅਤੇ ਸ਼ਕਤੀ ਦੇ ਅਧਾਰ 'ਤੇ ਹੁੰਦੇ ਹਨ ਅਤੇ ਜਨਤਾ ਨੂੰ ਸੰਤੁਸ਼ਟ ਅਤੇ ਸੰਜੀਦਾ ਰੱਖਣ ਦੀ ਜ਼ਰੂਰਤ ਹੈ।'

ਵਿਸ਼ਵ ਭਰ'ਚ ਮੁਲਕਾਂ ਦੇ ਕੁੰਜੀਵਤ ਖੇਤਰਾਂ ਨੂੰ ਬਹੁ-ਕੌਮੀ ਕਾਰਪੋਰਸ਼ਨਾਂ ਅਧੀਨ ਲਿਆਉਣ ਲਈ ਦਸਬੰਰ 2019 ਵਿੱਚ 'ਕੋਰੋਨਾ' ਦੇ ਆਉਣ ਨਾਲ ਇੱਕ ਗਿਣੀ-ਮਿਥੀ ਸਾਜ਼ਿਸ਼ ਅਧੀਨ ਇਸ ਨੂੰ ਅਖੌਤੀ ਮਹਾਂਮਾਰੀ ਘੋਸ਼ਿਤ ਕਰ ਦਿੱਤਾ ਗਿਆ। ਵਿਸ਼ਵ ਭਰ ਅੰਦਰ 'ਵਿਸ਼ਵ ਸਿਹਤ ਸੰਸਥਾਂ' ਦੀਆਂ ਹਦਾਇਤਾਂ ਮੁਤਾਬਕ ਤਾਲਾਬੰਦੀ /ਲੋਕਡਾਊਨ ਲਗਾ ਕੇ ਕਰੋੜਾਂ ਲੋਕਾਂ ਨੂੰ ਬੇਰੁਜ਼ਗਾਰ ਕਰ ਦਿੱਤਾ, ਗਰੀਬੀ ਤੇ ਭੁੱਖਮਰੀ ਵਿੱਚ ਧਕੇਲ ਦਿੱਤਾ ਅਤੇ ਕਾਰਪੋਰੇਟ ਘਰਾਣਿਆਂ ਨੂੰ ਪ੍ਰਫੁੱਲਤ ਕਰਨ ਲਈ ਮਜ਼ਦੂਰ, ਕਿਸਾਨ, ਲੋਕ ਵਿਰੋਧੀ ਤੇ ਕਾਰਪੋਰੇਟ ਘਰਾਣਿਆਂ ਪੱਖੀ ਕਾਨੂੰਨ ਬਣਾਏ। ਇਸ ਸਾਜ਼ਿਸ਼ ਵਿੱਚ ਵਿਸ਼ਵ ਸਿਹਤ ਸੰਸਥਾ, ਅੰਤਰ-ਰਾਸ਼ਟਰੀ ਮੋਨੇਟਰੀ ਫੰਡ, ਵਰਲਡ ਇਕਨਾਮਿਕ ਫੋਰਮ ਅਤੇ ਵਰਲਡ ਬੈਂਕ ਦੀ ਭੂਮਿਕਾ ਤੋਂ ਇਨਕਾਰ ਨਹੀ ਕੀਤਾ ਜਾ ਸਕਦਾ।

ਗਲੋਬਲ ਫੂਡ ਸਪਲਾਈਜ਼ ਦਾ ਨਿਯੰਤਰਣ ਅਤੇ ਪ੍ਰਬੰਧਨ ਦਹਾਕਿਆਂ ਤੋਂ ਇੱਕ ਕਾਰਪੋਰੇਟ ਅਤੇ ਰਾਜਨੀਤਕ ਤਰਜੀਹ ਰਿਹਾ ਹੈ, ਜਿਸ ਵਿੱਚ ਯੂ ਐੱਸ ਏ ਅਧਾਰਤ ਸਮੂਹ ਸੰਗਠਨ ਅਗਵਾਈ ਕਰ ਰਹੇ ਹਨ।

ਰੋਮ ਵਿੱਚ ਸੰਯੁਕਤ ਰਾਸ਼ਟਰ ਦੀ 1974 ਦੀ ਵਿਸ਼ਵ ਭੋਜਨ ਕਾਨਫਰੰਸ ਨੇ ਵਿਸ਼ਵ ਦੇ ਅਨਾਜ ਦੇ ਭੰਡਾਰਾਂ ਨੂੰ ਕਾਇਮ ਰੱਖਣ ਦੀ ਜ਼ਰੂਰਤ ਬਾਰੇ ਦੱਸਿਆ, 1970 ਦੇ ਦਹਾਕੇ ਵਿੱਚ ਯੂ ਐੱਸ ਦੀ ਨਿਰਯਾਤ ਰਣਨੀਤੀ ਭੋਜਨ ਦੀ ਸਪਲਾਈ ਨੂੰ ਹੋਰ ਨਿਯੰਤਰਿਤ ਕਰਨਾ ਸੀ। ਇਸ ਨਾਲ ਬਿਜਲੀ ਨੂੰ ਮਜ਼ਬੂਤ ਕਰਨ ਵੱਲ ਕਦਮ ਵਧਾਇਆ ਗਿਆ, ਕਿਉਂਕਿ ਦੁਨੀਆ ਦੇ ਸਾਰੇ ਅਨਾਜ ਭੰਡਾਰਾਂ ਦਾ 95 ਪ੍ਰਤੀਸ਼ਤ ਹਿੱਸਾ ਛੇ ਬਹੁ -ਕੌਮੀ ਖੇਤੀਬਾੜੀ ਕਾਰੋਬਾਰ ਨਿਗਮਾਂ - ਕਾਰਗਿਲ ਅਨਾਜ ਕੰਪਨੀ ਦੇ ਨਿਯੰਤਰਣ ਵਿੱਚ ਸੀ। ਮਹਾਂਦੀਪੀ ਅਨਾਜ ਕੰਪਨੀ ਕੁੱਕ ਇੰਡਸਟਰੀਜ਼, ਇੰਕ; ਡ੍ਰੇਫਸ; ਬੰਜ ਕੰਪਨੀ ਅਤੇ ਤੀਰਅੰਦਾਜ਼ ਡੇਨੀਅਲਸ ਮਿਡਲੈਂਡ-ਸਾਰੀਆਂ ਯੂ ਐੱਸ ਅਧਾਰਤ ਕੰਪਨੀਆਂ। ਸੰਯੁਕਤ ਰਾਜ ਅਮਰੀਕਾ ਦੀ ਲੰਮੀ ਮਿਆਦ ਦੀ ਰਣਨੀਤੀ ਅਨਾਜ ਅਤੇ ਖੇਤੀਬਾੜੀ ਵਸਤੂਆਂ ਦੇ ਵਿਸ਼ਵਵਿਆਪੀ ਬਾਜ਼ਾਰ ਉੱਤੇ ਹਾਵੀ ਹੋਣਾ ਸੀ, ਜਿਵੇਂ ਕਿ 1970 ਦੇ ਦਹਾਕੇ ਦੇ ਅਰੰਭ ਵਿੱਚ ਰਿਚਰਡ ਨਿਕਸਨ ਦੁਆਰਾ ਦਰਸਾਇਆ ਗਿਆ ਸੀ।

ਸੰਯੁਕਤ ਰਾਜ ਅਮਰੀਕਾ ਦੀ ਲੰਮੀ ਮਿਆਦ ਦੀ ਰਣਨੀਤੀ ਅਨਾਜ ਅਤੇ ਖੇਤੀਬਾੜੀ ਵਸਤੂਆਂ ਵਿੱਚ ਵਿਸ਼ਵ ਵਿਆਪੀ ਬਾਜ਼ਾਰ ਉੱਤੇ ਹਾਵੀ ਹੋਣਾ ਸੀ। ਹਾਲਾਂਕਿ, ਯੂ ਐੱਸ ਨੂੰ ਵਿਸ਼ਵ ਦਾ ਸਭ ਤੋਂ ਵੱਧ ਪ੍ਰਤੀਯੋਗੀ ਖੇਤੀਬਾੜੀ ਕਾਰੋਬਾਰੀ ਉਤਪਾਦਕ ਬਣਨ ਲਈ ਇਸ ਨੂੰ ਰਵਾਇਤੀ ਅਮਰੀਕੀ ਪਰਵਾਰ-ਅਧਾਰਤ ਖੇਤੀ ਨੂੰ ਹੁਣ ਵਿਆਪਕ ਵਿਸ਼ਾਲ 'ਫੈਕਟਰੀ-ਫਾਰਮ' ਉਤਪਾਦਨ ਨਾਲ ਬਦਲਣਾ ਪਿਆ। ਇਹ ਨੀਤੀ ਫਿਰ ਵਿਕਾਸਸ਼ੀਲ ਦੇਸ਼ਾਂ ਨੂੰ ਅਮਰੀਕਾ ਦੇ ਖੇਤੀਬਾੜੀ ਕਾਰੋਬਾਰ ਨੂੰ ਵਧੇਰੇ ਮੁਕਾਬਲੇ ਯੋਗ ਬਣਾਉਣ ਅਤੇ ਵਿਦੇਸ਼ੀ ਬਾਜ਼ਾਰਾਂ ਵਿੱਚ ਪਕੜ ਬਣਾਉਣ ਲਈ ਨਿਰਯਾਤ ਕੀਤੀ ਗਈ ਸੀ।

ਨਿਕਸਨ ਪ੍ਰਸ਼ਾਸਨ ਨੇ ਵਿਕਾਸਸ਼ੀਲ ਦੇਸ਼ਾਂ ਦੇ ਘਰੇਲੂ ਭੋਜਨ ਉਤਪਾਦਨ ਨੂੰ ਨਸ਼ਟ ਕਰਨ ਦੀ ਪ੍ਰਕਿਰਿਆ ਆਰੰਭ ਕੀਤੀ ਸੀ, ਕਿਉਂਕਿ ਅਮਰੀਕੀ ਭੋਜਨ ਨਿਰਯਾਤ ਵਿੱਚ ਇੱਕ 'ਸਮਰਥ' ਤੇ ਵਿਸ਼ਾਲ ਨਵੀ ਗਲੋਬਲ ਮਾਰਕੀਟ ਬਣਾਉਣ ਲਈ ਇੱਕ ਅਣ -ਐਲਾਨੀ ਜੰਗ ਵਿੱਚ ਸ਼ੁਰੂਆਤੀ ਸ਼ਾਟ ਵਜੋ ਸੀ।

ਹੈਨਰੀ ਕਸਿੰਜਰ ਦੀ 1974 ਦੀ ਰਿਪੋਰਟ 'ਨੈਸ਼ਨਲ ਸਕਿਉਰਿਟੀ ਸਟੱਡੀ ਮੈਮੋਰੰਡਮ' ਵਿੱਚ ਵਿਦੇਸ਼ੀ ਭੋਜਨ ਸਹਾਇਤਾ ਨੂੰ 'ਰਾਸ਼ਟਰੀ ਸ਼ਕਤੀ ਦੇ ਸਾਧਨ' ਵਜੋਂ ਸਿੱਧਾ ਨਿਸ਼ਾਨਾ ਬਣਾਇਆ। ਵੱਡੀਆਂ ਅਤੇ ਸ਼ਕਤੀਸ਼ਾਲੀ ਗਲੋਬਲ ਕਾਰਪੋਰੇਸ਼ਨਾਂ ਦੁਆਰਾ ਨਿਯਮਤ ਨਿੱਜੀ ਪਕੜ ਵਧ ਗਈ। ਇਸ ਨਾਲ ਕਾਰਪੋਰੇਟ ਰਲੇਵੇਂ ਵਿੱਚ ਵਾਧਾ ਹੋਇਆ ਅਤੇ ਅੰਤਰਰਾਸ਼ਟਰੀ ਕਾਰਪੋਰੇਸ਼ਨਾਂ ਦਾ ਉਭਾਰ ਹੋਇਆ। ਭਾਰਤ ਦੀ ਸਰਕਾਰ ਵੱਲੋਂ 20 ਸਤੰਬਰ 2020 ਨੂੰ ਪਾਸ ਕੀਤੇ ਤਿੰਨ ਵਿਵਾਦ ਪੂਰਨ ਕਾਨੂੰਨ ਇਨ੍ਹਾਂ ਨੀਤੀਆਂ ਦਾ ਹੀ ਸਿੱਟਾ ਹਨ। ਭਾਰਤ ਸਰਕਾਰ ਖੇਤੀ ਧੰਦੇ ਨੂੰ ਕਿਸਾਨੀ ਹੱਥੋਂ ਖੋਹ ਕੇ ਕਾਰਪੋਰੇਟ ਘਰਾਣਿਆਂ ਨੂੰ ਸੌਂਪਣਾ ਚਾਹੁੰਦੀ ਹੈ।

ਭਾਰਤ ਸਰਕਾਰ ਵੀ ਇਸੇ ਦਿਸ਼ਾ ਵਿੱਚ ਕੰਮ ਕਰ ਰਹੀ ਹੈ। ਭਾਰਤ ਦੇ ਅਹਿਮ ਤੇ ਮਹੱਤਵਪੂਰਨ ਖੇਤਰ ਖੇਤੀ ਨੂੰ ਕਾਰਪੋਰੇਟ ਘਰਾਣਿਆਂ ਨੂੰ ਸੌਂਪਣ ਲਈ ਭਾਰਤ ਸਰਕਾਰ ਨੇ ਪਾਰਲੀਮਾਨੀ ਜਮਹੂਰੀਅਤ ਨੂੰ ਛਿੱਕੇ ਟੰਗ ਕੇ 20 ਸਤੰਬਰ 2020 'ਚ ਰਾਜ ਸਭਾ ਅੰਦਰ ਬਿਨਾਂ ਵੋਟਿੰਗ ਕਰਾਏ ਅਤੇ ਬਹਿਸ ਦੇ ਤਿੰਨ ਵਿਵਾਦਪੂਰਨ ਕਿਸਾਨ ਵਿਰੋਧੀ ਕਾਨੂੰਨ ਪਾਸ ਕਰ ਦਿੱਤੇ। ਇਹ ਕਾਨੂੰਨ ਕਾਰਪੋਰੇਟ ਘਰਾਣਿਆਂ ਨੂੰ ਖੇਤੀ ਉਪਰ ਕਾਬਜ਼ ਕਰਾਉਣ ਲਈ ਹੀ ਬਣਾਏ ਗਏ ਸਨ। ਇਹ ਕਾਨੂੰਨ ਕੋਈ 80 ਫੀਸਦੀ ਤੋਂ ਉਪਰ ਕਿਸਾਨੀ ਨੂੰ ਅਤੇ ਕਾਰਪੋਰੇਟ ਖੇਤਰ ਤੋਂ ਬਿਨਾਂ ਦੇਸ਼ ਦੀ ਸਮੁੱਚੀ ਵਸੋਂ ਨੂੰ ਪ੍ਰਭਾਵਤ ਕਰਦੇ ਹਨ। ਆਪਣੀ ਰੋਟੀ-ਰੋਜ਼ੀ ਨੂੰ ਬਚਾਉਣ ਲਈ ਅਤੇ ਇਨ੍ਹਾਂ ਕਿਸਾਨ ਵਿਰੋਧੀ ਕਾਨੂੰਨਾਂ ਨੂੰ ਰੱਦ ਕਰਵਾਉਣ ਲਈ ਲੱਖਾਂ ਕਿਸਾਨ 26 ਨਵੰਬਰ 2020 ਤੋਂ ਲਗਾਤਾਰ ਦਿੱਲੀ ਦੇ ਬਾਰਡਰਾਂ ਉਪਰ ਧਰਨੇ ਤੇ ਬੈਠੇ ਸਨ।

ਭਾਰਤ ਸਰਕਾਰ ਦੇਸ਼ ਦੇ ਮਹਤੱਵਪੂਰਨ ਖੇਤਰ ਦੇ ਜਨਤਕ ਅਦਾਰਿਆਂ ਦਾ ਨਿੱਜੀਕਰਨ ਬੜੀ ਤੇਜ਼ੀ ਨਾਲ ਕਰ ਰਹੀ ਹੈ। ਓਨਾ ਨਿੱਜੀਕਰਨ ਪਿਛਲੇ 67 ਸਾਲਾਂ ਵਿੱਚ ਨਹੀ ਹੋਇਆ, ਜਿੰਨਾ 2014 ਤੋਂ ਭਾਜਪਾ ਸਰਕਾਰ ਦੇ ਹੋਂਦ ਵਿੱਚ ਆਉਣ ਨਾਲ 7 ਸਾਲਾਂ ਅੰਦਰ ਕਰ ਦਿੱਤਾ ਗਿਆ। ਸਰਕਾਰ ਨੇ ਇੱਕ ਤਾਜ਼ੇ ਫੈਸਲੇ ਨਾਲ ਰੇਲਵੇ, ਸੜਕਾਂ ਅਤੇ ਬਿਜਲੀ ਖੇਤਰ ਸਮੇਤ ਅਨੇਕਾਂ ਮੰਤਰਾਲਿਆਂ ਦੀਆਂ ਜਾਇਦਾਦਾਂ ਨਿੱਜੀ ਖੇਤਰ ਹਵਾਲੇ ਕਰਨ ਦਾ ਫੈਸਲਾ ਲਿਆ ਹੈ। 400 ਰੇਲ ਸਟੇਸ਼ਨ ਅਤੇ 150 ਰੇਲ ਗੱਡੀਆਂ ਨਿੱਜੀ ਪ੍ਰਬੰਧ ਅਧੀਨ ਦੇਣ ਦੀ ਪਹਿਲਾਂ ਹੀ ਤਜਵੀਜ਼ ਕਰ ਚੁੱਕੀ ਹੈ। ਇਸ ਤੋਂ ਬਿਨਾਂ ਆਉਣ ਵਾਲੇ ਸਮੇਂ ਅੰਦਰ ਹੋਰ ਬਹੁਤ ਕੁਝ ਨਿੱਜੀ ਖੇਤਰ ਹਵਾਲੇ ਕਰਨ ਦੀ ਵੀ ਯੋਜਨਾ ਹੈ।

***# ਸੰਪਰਕ : 98550-04500***

# ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਵੱਲੋਂ ਰੋਸ ਮੁਜ਼ਾਹਰਾ

## ਪੰਜਾਬ ਸਰਕਾਰ ਦੇ ਮੁਲਾਜ਼ਮ ਕਾਲੀ ਦੀਵਾਲੀ ਮਨਾਉਣ ਲਈ ਮਜਬੂਰ : ਬੁੱਟਰ



ਮੋਗਾ (ਅਮਰਜੀਤ ਬੱਬਰੀ)-ਪੰਜਾਬ ਗੌਰਮਿੰਟ ਟਰਾਂਸਪੋਰਟ ਵਰਕਰਜ਼ ਯੂਨੀਅਨ ਦੇ ਕਰਮਚਾਰੀਆਂ ਨੇ ਸਰਕਾਰ ਵਿਰੁੱਧ ਬੱਸ ਸਟੈਂਡ ਮੋਗਾ ਵਿਖੇ ਰੋਸ ਮੁਜ਼ਾਹਰਾ ਕੀਤਾ।ਸੂਬਾ ਸਰਕਾਰ ਦੀਆਂ ਮੁਲਾਜ਼ਮ ਮਾਰੂ ਨੀਤੀਆਂ ਵਿਰੁੱਧ ਬੋਲਦਿਆਂ ਜਥੇਬੰਦੀ ਦੇ ਸੀਨੀਅਰ ਮੀਤ ਪ੍ਰਧਾਨ ਕਾ. ਜਗਰਾਜ ਸਿੰਘ ਬੁੱਟਰ ਨੇ ਕਿਹਾ ਕਿ ਪੰਜਾਬ ਸਰਕਾਰ ਨੂੰ ਸੱਤਾ ਵਿੱਚ ਆਏ ਲਗਭਗ ਦੋ ਸਾਲ ਦਾ ਸਮਾਂ ਹੋ ਗਿਆ ਹੈ, ਪਰ ਆਪਣੇ ਕੀਤੇ ਹੋਏ ਵਾਅਦਿਆਂ ਪਤੀ ਗਰੀਬ ਨਹੀਂ ਹੈ। ਪਹਿਲੀਆਂ ਸਰਕਾਰਾਂ ਵਾਂਗ ਹੀ ਭਗਵੰਤ ਮਾਨ ਸਰਕਾਰ ਵੀ ਅਸਾਮੀਆਂ ਖ਼ਤਮ ਕਰ ਰਹੀ ਹੈ।ਵੱਡੇ ਪੱਧਰ 'ਤੇ ਪਬਲਿਕ ਅਦਾਰਿਆਂ ਵਿੱਚ ਅਸਾਮੀਆਂ ਖਤਮ ਕੀਤੀਆਂ ਜਾ ਰਹੀਆਂ ਹਨ, ਜੇਕਰ ਅਸਾਮੀਆਂ ਹੀ ਨਾ ਰਹੀਆਂ ਤਾਂ ਲੋਕਾਂ ਨੂੰ ਪੱਕਾ ਕੰਮ ਨਹੀਂ ਮਿਲ ਸਕਦਾ, ਨਤੀਜੇ ਵਜੋਂ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰਨ ਵਾਲੇ ਪਬਲਿਕ ਅਦਾਰੇ ਕਈ ਹੌਲੀ ਖਤਮ ਹੋ ਜਾਣਗੇ।ਮਨਿਸਟਰੀਅਲ ਕਾਮਿਆਂ ਦੀਆਂ ਮੁੱਖ ਅਹਿਮ ਮੰਗਾਂ ਵਿੱਚ ਮੁਲਜ਼ਮਾਂ ਦੀ ਪ੍ਰਮੋਸ਼ਨ, ਡੀ ਏ ਦੀਆਂ ਬਕਾਇਆ ਕਿਸ਼ਤਾਂ ਜਾਰੀ ਕਰਨੀਆਂ, ਪੁਰਾਣੀ ਪੈਨਸ਼ਨ ਸਕੀਮ ਲਾਗੂ ਕਰਨਾ, ਐੱਨ ਪੀ ਐੱਸ ਦੀ ਕਟੌਤੀ ਬੰਦ ਕਰਕੇ ਜੀ ਪੀ ਫੰਡ ਦੀ ਕਟੌਤੀ ਸ਼ੁਰੂ ਕਰਨਾ ਆਦਿ ਗੰਭੀਰ ਮੰਗਾਂ ਹਨ, ਜਿਨ੍ਹਾਂ ਨੂੰ ਫੌਰੀ ਤੌਰ 'ਤੇ ਸਰਕਾਰ ਵੱਲੋਂ ਪੂਰਾ ਕਰਨਾ ਬਣਦਾ ਹੈ ਅਤੇ ਸਮੁੱਚ ਵਿਭਾਗ ਵਿੱਚ ਮੁਲਜ਼ਮ ਵੱਡੀ ਪੱਧਰ 'ਤੇ ਕੱਚੇ ਹਨ, ਜੋ ਲੰਮੇ ਸਮੇਂ ਤੋਂ ਪੱਕੇ ਹੋਣ ਲਈ ਸੰਘਰਸ਼ ਕਰ ਰਹੇ ਹਨ। ਆਗੂ ਨੇ ਕਿਹਾ ਕਿ ਮੁਲਾਜ਼ਮ ਜਥੇਬੰਦੀ ਵਾਰ-ਵਾਰ ਸਰਕਾਰ ਤੇ ਵਿਭਾਗਾਂ ਨਾਲ ਮੀਟਿੰਗਾਂ ਕਰਨ ਦੇ ਬਾਵਜੂਦ ਕੋਈ ਨਤੀਜਾ ਸਾਹਮਣੇ ਨਹੀਂ ਆਉਂਦਾ, ਜਿਸ ਕਰਕੇ ਮੁਲਾਜ਼ਮ ਨਿਰਾਸ਼ਤਾ ਵਿੱਚ ਹਨ।ਉਨ੍ਹਾ ਸਰਕਾਰ ਪਾਸੋਂ ਮੰਗ ਕੀਤੀ ਕਿ ਉਕਤ ਮੰਗਾਂ ਨੂੰ ਪੂਰਾ ਕਰਨ ਲਈ ਸਰਕਾਰ ਜਲਦੀ ਕੋਈ ਠੋਸ ਕਦਮ ਚੁੱਕੇ, ਨਹੀਂ ਤਾਂ ਮੁਲਾਜ਼ਮ ਜਥੇਬੰਦੀਆਂ ਸਖਤ ਐਕਸ਼ਨ ਕਰਦੇ ਹੋਏ ਕਾਲੀ ਦੀਵਾਲੀ ਸਰਕਾਰ ਵਿਰੁੱਧ ਮਨਾਉਣ ਲਈ ਮਜਬੂਰ ਹੋਣਗੇ।ਇਸ ਮੌਕੇ ਮੋਗਾ ਡਿੱਪੂ ਦੇ ਸੁਰਿੰਦਰ ਸਿੰਘ, ਮਨਦੀਪ ਸਿੰਘ, ਹਰਵਿੰਦਰ ਸਿੰਘ, ਸਤਨਾਮ ਸਿੰਘ ਸਿਵੀਆ, ਗੁਰਦੀਪ ਸਿੰਘ, ਬਲਵਿੰਦਰ ਕੁਮਾਰ ਅਮਨਦੀਪ ਕੌਰ, ਇੰਦਰਪ੍ਰੀਤ ਕੌਰ, ਕਿਰਨਪਾਲ ਕੌਰ, ਗੁਰਮੀਤ ਕੌਰ, ਰਜਨੀ, ਦੀਪਕ ਘਈ, ਜਗਜੀਤ ਸਿੰਘ, ਲਵਲੀ ਚਾਵਲਾ, ਰਾਜੇਸ਼ ਕੁਮਾਰ ਪੀਐਸਐਮਐਸਯੂ ਜ਼ਿਲ੍ਹਾ ਪ੍ਰਧਾਨ ਕੁਲਦੀਪ ਸਿੰਘ, ਕੁਲਦੀਪ ਸਿੰਘ ਪੀ ਡਬਲਯੂ ਡੀ, ਹਰਜੀਤ ਸਿੰਘ ਜ਼ੀਰਾ, ਮਨਦੀਪ ਸਿੰਘ ਖਜ਼ਾਨਾ ਐਸੋਸੀਏਸ਼ਨ ਪ੍ਰਧਾਨ, ਰਾਜਦੀਪ ਜੈਦਕਾ, ਸੁਨੀਲ ਗੁਪਤਾ, ਗੁਰਮਨਦੀਪ ਸਿੰਘ ਕਰ ਵਿਭਾਗ, ਜੁਗਰਾਜ ਸਿੰਘ ਤੇ ਹੋਰ ਸਾਥੀ ਸ਼ਾਮਲ ਹੋਏ।

# ਵਿਦਿਆਰਥਣ ਨੂੰ ਜ਼ਲੀਲ ਕਰਨ ਵਾਲੇ ਦੋਸ਼ੀ ਤੁਰੰਤ ਗ੍ਰਿਫਤਾਰ ਕੀਤੇ ਜਾਣ : ਇਨਕਲਾਬੀ ਕੇਂਦਰ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)

ਬਨਾਰਸ ਹਿੰਦੂ ਯੂਨੀਵਰਸਿਟੀ ਦੀ ਵਿਦਿਆਰਥਣ ਨੂੰ ਘੇਰ ਕੇ ਨਿਰਵਸਤਰ ਕਰਨ ਤੇ ਉਸ ਦੀ ਵੀਡੀਓ ਬਣਾ ਕੇ ਜ਼ਲੀਲ ਕਰਨ ਦੀ ਇਨਕਲਾਬੀ ਕੇਂਦਰ ਪੰਜਾਬ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਜਥੇਬੰਦੀ ਦੇ ਪ੍ਰਧਾਨ ਨਰਾਇਣ ਦੱਤ, ਜਨਰਲ ਸਕੱਤਰ ਕੰਵਲਜੀਤ ਖੰਨਾ, ਮੁਖਤਿਆਰ ਪੂਹਲਾ, ਜਗਜੀਤ ਸਿੰਘ ਲਹਿਰਾ ਮੁਹੱਬਤ ਤੇ ਜਸਵੰਤ ਜੀਰਖ ਨੇ ਪ੍ਰੈਸ ਨੂੰ ਜਾਰੀ ਸਾਂਝੇ ਬਿਆਨ 'ਚ ਕਿਹਾ ਕਿ ਬਨਾਰਸ ਹਿੰਦੂ ਯੂਨੀਵਰਸਿਟੀ ਦੀ ਇਹ ਵਿਦਿਆਰਥਣ ਇੱਕ ਨਵੰਬਰ ਦੀ ਰਾਤ ਸਮੇਂ ਆਪਣੇ ਸਾਥੀ ਨਾਲ ਯੂਨੀਵਰਸਿਟੀ ਵਿੱਚ ਹੋਸਟਲ ਦੇ ਨੇੜੇ ਘੁੰਮ ਰਹੀ ਸੀ। ਤਿੰਨ ਬੁੱਲਟ-ਮੋਟਰਸਾਈਕਲ ਸਵਾਰਾਂ ਨੇ ਵਿਦਿਆਰਥਣ ਨੂੰ ਉਸ ਦੇ ਸਾਥੀ ਨਾਲੋਂ ਵੱਖ ਕਰਕੇ ਉਸ ਦੇ ਕੱਪੜੇ ਉਤਾਰ ਕੇ ਵੀਡੀਓ ਬਣਾਈ ਤੇ ਜ਼ਲੀਲ ਕੀਤਾ। ਘਟਨਾ ਵਾਪਰੀ ਨੂੰ 9 ਦਿਨ ਹੋਣ ਦੇ ਬਾਵਜੂਦ ਯੂਨੀਵਰਸਿਟੀ ਤੇ ਪੁਲਸ ਪ੍ਰਸ਼ਾਸਨ ਮੌਨ ਹੈ, ਜਿਸ ਕਾਰਨ ਵਿਦਿਆਰਥੀਆਂ ਵਿੱਚ ਯੂਨੀਵਰਸਿਟੀ ਤੇ ਪੁਲਸ ਪ੍ਰਸ਼ਾਸਨ ਖਿਲਾਫ਼ ਗੁੱਸਾ ਵਧ ਰਿਹਾ ਹੈ। ਵਿਦਿਆਰਥਣ ਨੂੰ ਇਨਸਾਫ਼ ਦਿਵਾਉਣ ਲਈ ਲੱਗ-ਭੱਗ ਛੇ ਹਜ਼ਾਰ ਵਿਦਿਆਰਥੀ ਸੰਘਰਸ਼ ਦੇ ਰਾਹ 'ਤੇ ਹਨ। ਉਹ ਵਾਈਸ ਚਾਂਸਲਰ ਦੇ ਦਫ਼ਤਰ ਅੱਗੇ ਪੱਕਾ ਮੋਰਚਾ ਲਗਾ ਕੇ ਬੈਠੇ ਹਨ। ਕਲਾਸਾਂ ਦਾ ਬਾਈਕਾਟ ਕਰਕੇ ਸੜਕਾਂ 'ਤੇ ਬੈਠ ਕੇ ਹੀ ਆਪਣੀ ਪੜ੍ਹਾਈ ਜਾਰੀ ਰੱਖ ਰਹੇ ਹਨ। ਬਨਾਰਸ ਪਾਰਲੀਮੈਂਟ ਹਲਕੇ ਦੀ ਪ੍ਰਤੀਨਿਧਤਾ ਕਰਨ ਵਾਲਾ ਵਿਸ਼ਵ ਗੁਰੂ ਮੌਨ ਹੈ।

ਗੋਦੀ ਮੀਡੀਆ ਲਈ ਇਹ ਖ਼ਬਰ ਕੋਈ ਮਾਅਨੇ ਨਹੀਂ ਰੱਖਦੀ। ਇਹ ਕੋਈ ਇੱਕਲੀ ਇਕਹਰੀ ਘਟਨਾ ਨਹੀਂ, ਸਗੋਂ ਮਰਦ ਪ੍ਰਧਾਨ ਸਮਾਜ ਅੰਦਰ ਅੱਧ ਸੰਸਾਰ ਦੀਆਂ ਮਾਲਕ ਔਰਤਾਂ ਨੂੰ ਪੈਰ-ਪੈਰ 'ਤੇ ਜ਼ਲੀਲ ਹੋਣਾ ਪੈਂਦਾ ਹੈ। ਇਨਕਲਾਬੀ ਕੇਂਦਰ ਨੇ ਮੰਗ ਕੀਤੀ ਕਿ ਵਿਦਿਆਰਥਣ ਨੂੰ ਜ਼ਲੀਲ ਕਰਨ ਵਾਲੇ ਗੁੰਡਾ ਅਨਸਰਾਂ ਨੂੰ ਗ੍ਰਿਫਤਾਰ ਅਤੇ ਯੂਨੀਵਰਸਿਟੀਆਂ ਤੇ ਕਾਲਜਾਂ ਸਮੇਤ ਹਰ ਥਾਂ 'ਤੇ ਔਰਤਾਂ ਲਈ ਸੁਰੱਖਿਅਤ ਮਾਹੌਲ ਪੈਦਾ ਕੀਤਾ ਜਾਵੇ।

# ਪਰਾਲੀ ਸਾੜਨ ਦੇ ਮਾੜੇ ਰੁਝਾਨ ਨੂੰ ਰੋਕਣ ਲਈ ਡੀ ਸੀ ਤੇ ਐੱਸ ਐੱਸ ਪੀ ਮੈਦਾਨ 'ਚ ਨਿੱਤਰੇ

ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)-ਪਰਾਲੀ ਸਾੜਨ ਦੇ ਮਾਮਲਿਆਂ ਨੂੰ ਘੱਟ ਤੋਂ ਘੱਟ ਕਰਨ ਲਈ ਡਿਪਟੀ ਕਮਿਸ਼ਨਰ ਸੰਗਰੂਰ ਜਤਿੰਦਰ ਜੋਰਵਾਲ ਦੀ ਅਗਵਾਈ ਵਿੱਚ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲਗਾਤਾਰ ਅਣਥੱਕ ਉਪਰਾਲੇ ਕੀਤੇ ਜਾ ਰਹੇ ਹਨ। ਇਨ੍ਹਾਂ ਉਪਰਾਲਿਆਂ ਦੀ ਕਮਾਨ ਸੰਭਾਲਦਿਆਂ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਤੇ ਐੱਸ.ਐੱਸ.ਪੀ. ਸੁਰੇਂਦਰ ਲਾਂਬਾ ਖੁਦ ਵੀ ਮੈਦਾਨ ਵਿੱਚ ਨਿੱਤਰ ਗਏ। ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਪ੍ਰਸ਼ਾਸਨਕ ਤੇ ਪੁਲਸ ਅਧਿਕਾਰੀਆਂ ਨਾਲ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕੀਤਾ ਅਤੇ ਜਿੱਥੇ ਵੀ ਕਿਸਾਨਾਂ ਵੱਲੋਂ ਪਰਾਲੀ ਨੂੰ ਅੱਗ ਲਗਾਈ ਗਈ ਸੀ, ਉੱਥੇ ਤੁਰੰਤ ਫਾਇਰ ਬ੍ਰਿਗੇਡ ਦੀ ਮਦਦ ਨਾਲ ਅੱਗ ਬੁਝਾਈ ਗਈ ਤੇ ਕਿਸਾਨਾਂ ਨੂੰ ਪਰਾਲੀ ਦੇ ਵਾਤਾਵਰਨ ਪੱਖੀ ਹੱਲ ਲਈ ਪ੍ਰੇਰਿਤ ਕੀਤਾ ਗਿਆ।

ਇਸ ਮੌਕੇ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀਆਂ ਹਦਾਇਤਾਂ ਉੱਪਰ ਸੰਗਰੂਰ ਜ਼ਿਲ੍ਹਾ ਪ੍ਰਸ਼ਾਸਨ ਕਿਸਾਨਾਂ ਨੂੰ ਪਰਾਲੀ ਦੇ ਯੋਗ ਪ੍ਰਬੰਧ ਲਈ ਹਰ ਸੰਭਵ ਮਦਦ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨੂੰ ਪਰਾਲੀ ਸਾੜਨ ਦੇ ਨੁਕਸਾਨਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਇਸ ਦੇ ਵਾਤਾਵਰਨ ਪੱਖੀ ਪ੍ਰਬੰਧ ਲਈ ਲੋੜੀਂਦੀ ਮਸ਼ੀਨਰੀ ਸਬਸਿਡੀ ਉੱਪਰ ਮੁਹੱਈਆ ਕਰਵਾਈ ਗਈ ਹੈ।



ਉਨ੍ਹਾਂ ਕਿਹਾ ਕਿ ਇਸਦੇ ਨਾਲ ਹੀ ਜਿਨ੍ਹਾਂ ਕਿਸਾਨਾਂ ਕੋਲ ਲੋੜੀਂਦੀ ਮਸ਼ੀਨਰੀ ਦੀ ਘਾਟ ਹੈ ਉਨ੍ਹਾਂ ਨੂੰ ਵੀ ਸਹਿਕਾਰੀ ਸਭਾਵਾਂ ਅਤੇ ਹੋਰਨਾਂ ਵਸੀਲਿਆਂ ਰਾਹੀਂ ਪਰਾਲੀ ਦੇ ਸੁਚੱਜੇ ਪ੍ਰਬੰਧ ਲਈ ਇਸਦਾ ਇੰਤਜ਼ਾਮ ਕਰਕੇ ਦਿੱਤਾ ਜਾ ਰਿਹਾ ਹੈ। ਇਸ ਮੌਕੇ ਐੱਸ.ਐੱਸ.ਪੀ. ਸੁਰੇਂਦਰ ਲਾਂਬਾ ਨੇ ਕਿਹਾ ਕਿ ਪਰਾਲੀ ਸਾੜਨ ਨਾਲ ਪੈਦਾ ਹੋਣ ਵਾਲੇ ਧੂੰਏਂ ਕਾਰਨ ਵਾਤਾਵਰਨ ਦਾ ਵੱਡੇ ਪੱਧਰ 'ਤੇ ਨੁਕਸਾਨ ਹੁੰਦਾ ਹੈ, ਜਿਸ ਕਰਕੇ ਹਰ ਕਿਸਾਨ ਨੂੰ ਪੂਰੀ ਸੰਜੀਦਗੀ ਨਾਲ ਇਸ ਦੇ ਸੁਚੱਜੇ ਪ੍ਰਬੰਧ ਲਈ ਕੰਮ ਕਰਨਾ ਚਾਹੀਦਾ ਹੈ। ਉਨ੍ਹਾ ਕਿਹਾ ਕਿ ਪੁਲਸ ਵਿਭਾਗ ਦੇ 400 ਤੋਂ ਜ਼ਿਆਦਾ ਅਧਿਕਾਰੀ ਤੇ ਕਰਮਚਾਰੀ ਕਿਸਾਨਾਂ ਨੂੰ ਪਰਾਲੀ ਸਾੜਨ ਵਿਰੁੱਧ ਲਾਮਬੰਦ ਕਰਨ ਦੇ ਨਾਲ-ਨਾਲ ਲੱਗੀ ਹੋਈ ਅੱਗ ਨੂੰ ਬੁਝਾਉਣ ਦਾ ਕੰਮ ਕਰ ਰਹੇ ਹਨ।

# ਨਵ-ਨਿਯੁਕਤ ਐਗਜ਼ੈਕਟਿਵ ਮੈਂਬਰ ਹਰਦੀਪ ਕੌਰ ਸਨਮਾਨਤ

## ਮਿਲੀ ਜ਼ਿੰਮੇਵਾਰੀ ਨੂੰ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਵਾਂਗੀ : ਮੈਂਬਰ ਹਰਦੀਪ ਕੌਰ



ਨਾਭਾ (ਵਰਿੰਦਰ ਵਰਮਾ)-ਸਥਾਨਕ ਗੁਰਦੁਆਰਾ ਅਕਾਲਗੜ੍ਹ ਸਾਹਿਬ ਵਿਖੇ ਸ਼੍ਰੋਮਣੀ ਕਮੇਟੀ ਮੈਂਬਰ ਬੀਬੀ ਹਰਦੀਪ ਕੌਰ ਖੋਖ ਨੂੰ ਸਿੱਖਾਂ ਦੀ ਸਿਰਮੌਰ ਸੰਸਥਾ ਸ੍ਰੀ ਹਰਿਮੰਦਰ ਸਾਹਿਬ ਅੰਮ੍ਰਿਤਸਰ ਦਾ ਐਗਜ਼ੈਕਟਿਵ ਮੈਂਬਰ ਬਣਨ 'ਤੇ ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਸ. ਮੱਖਣ ਸਿੰਘ ਲਾਲਕਾ ਦੀ ਅਗਵਾਈ 'ਚ ਸਨਮਾਨ ਕੀਤਾ ਗਿਆ। ਸ. ਮੱਖਣ ਸਿੰਘ ਲਾਲਕਾ ਨੇ ਕਿਹਾ ਕਿ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਮੁੜ ਤੀਜੀ ਵਾਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਚੁਣੇ ਗਏ ਹਨ, ਜਿਨ੍ਹਾਂ ਨੇ ਪੰਥ ਨੂੰ ਬੇਮਿਸਾਲ ਸੇਵਾਵਾਂ ਦਿੱਤੀਆਂ ਹਨ। ਨਵ-ਨਿਯੁਕਤ ਐਗਜ਼ੈਕਟਿਵ ਮੈਂਬਰ ਬੀਬੀ ਹਰਦੀਪ ਕੌਰ ਖੋਖ ਤੇ ਸ੍ਰ. ਲਾਲਕਾ ਨੇ ਦੱਸਿਆ ਕਿ ਵੱਖ ਵੱਖ ਜਿਲਿਆਂ ਤੋਂ ਪੁੱਜੇ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰਾਂ ਨੇ 118 ਵੋਟਾਂ ਦੇ ਕੇ ਐਡਵੋਕੇਟ ਧਾਮੀ ਨੂੰ ਇੱਕ ਵਾਰ ਮੁੜ ਤੋਂ ਐੱਸਜੀਪੀਸੀ ਦੇ ਪ੍ਰਧਾਨ ਬਣਨ ਦਾ ਮਾਣ ਦਿੱਤਾ ਹੈ, ਜਦਕਿ ਉਨ੍ਹਾਂ ਦੇ ਵਿਰੋਧੀ ਸੰਤ ਬਲਵੀਰ ਸਿੰਘ ਘੁੰਨਸ ਨੂੰ 17 ਵੋਟਾਂ ਹੀ ਪ੍ਰਾਪਤ ਹੋਈਆਂ ਹਨ, ਜਿੱਥੇ ਅਕਾਲੀ ਆਗੂਆਂ ਨੇ ਬੀਬੀ ਹਰਦੀਪ ਕੌਰ ਖੋਖ ਨੂੰ ਐਗਜ਼ੈਕਟਿਵ ਮੈਂਬਰ ਬਣਨ ਤੇ ਮੁਬਾਰਕਬਾਦ ਦਿੱਤੀ, ਉੱਥੇ ਹੀ ਅਰਦਾਸ ਉਪਰੰਤ ਗੁਰੂ ਮਹਾਰਾਜ ਦਾ ਓਟ ਆਸਰਾ ਲੈ ਕੇ ਸ਼ੁਕਰਾਨਾ ਕੀਤਾ। ਇਸ ਮੌਕੇ ਸਾਬਕਾ ਚੇਅਰਮੈਨ ਜੀ ਐੱਸ ਬਿੱਲੂ ਸਾਬਕਾ ਚੇਅਰਮੈਨ ਗੁਰਚਰਨ ਸਿੰਘ ਘਮਰੌਦਾ, ਬਲਤੇਜ ਸਿੰਘ ਖੋਖ, ਸਰਬਜੀਤ ਸਿੰਘ ਧੀਰੋਮਾਜਰਾ, ਕੌਮੀ ਜਥੇਬੰਦਕ ਸਕੱਤਰ ਹਰਜੀਤ ਸਿੰਘ ਖੰਗੂੜਾ, ਗੁਰਮੀਤ ਸਿੰਘ ਕੋਟ ਆਦਿ ਹਾਜ਼ਰ ਸਨ।

# ਡੀ ਸੀ ਨੇ ਵਿਸ਼ੇਸ਼ ਲੋੜਾਂ ਵਾਲੇ ਬੱਚਿਆਂ ਨਾਲ ਦੀਵਾਲੀ ਦੀ ਖੁਸ਼ੀ ਕੀਤੀ ਸਾਂਝੀ

ਸੰਗਤ ਮੰਡੀ (ਰਾਜਦੀਪ ਜੋਸ਼ੀ)

ਡਿਪਟੀ ਕਮਿਸ਼ਨਰ ਸ਼੍ਰੀ ਸ਼ੌਕਤ ਅਹਿਮਦ ਪਰੇ ਵੱਲੋਂ ਸਥਾਨਕ ਮਹੰਤ ਗੁਰਬੰਤਾ ਦਾਸ ਸਕੂਲ ਫਾਰ ਸਪੈਸ਼ਲੀ ਏਬਲਡ ਦਾ ਦੌਰਾ ਕਰਕੇ ਇੱਥੇ ਪੜ੍ਹ ਰਹੇ ਵਿਦਿਆਰਥੀਆਂ ਨੂੰ ਦੀਵਾਲੀ ਦੀ ਵਧਾਈ ਦਿੰਦਿਆਂ ਉਨ੍ਹਾਂ ਨਾਲ ਖ਼ੁਸ਼ੀ ਸਾਂਝੀ ਕੀਤੀ। ਇਸ ਦੌਰਾਨ ਵਿਦਿਆਰਥੀਆਂ ਨੂੰ ਮਿਠਾਈ ਵੀ ਵੰਡੀ ਗਈ। ਇਸ ਮੌਕੇ ਉਨ੍ਹਾ ਨਾਲ ਸਕੱਤਰ ਰੈੱਡ ਕਰਾਸ ਸ਼੍ਰੀ ਦਰਸ਼ਨ ਕੁਮਾਰ, ਐੱਨਸੀਸੀ ਨੇਵਲ ਯੂਨਿਟ ਦੇ ਸੀ ਓ ਸ਼੍ਰੀ ਦੀਪ ਕਰਨ ਸਿੰਘ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਡਿਪਟੀ ਕਮਿਸ਼ਨਰ ਦਾ ਫੁੱਲ ਭੇਟ ਕਰਕੇ ਭਰਵਾਂ ਸਵਾਗਤ ਕੀਤਾ ਗਿਆ।

ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਇੱਥੇ ਭਾਰਤੀ ਰੈੱਡ ਕਰਾਸ ਸੁਸਾਇਟੀ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਸੈਂਟਰ ਤੋਂ ਬਿਊਟੀਸ਼ਨ ਦੀ 6 ਮਹੀਨਿਆਂ ਦੀ ਸਿਖਲਾਈ ਲੈ ਚੁੱਕੀਆਂ ਲੜਕੀਆਂ ਨੂੰ ਕਿੱਟਾਂ ਤੇ ਸਰਟੀਫ਼ਿਕੇਟ ਦੇ ਕੇ ਸਨਮਾਨਤ ਕੀਤਾ ਗਿਆ। ਇਸ ਦੌਰਾਨ ਡਿਪਟੀ ਕਮਿਸ਼ਨਰ ਵੱਲੋਂ ਸਕੂਲ ਦੀਆਂ ਵੱਖ-ਵੱਖ ਜਮਾਤਾਂ ਦੀਆਂ ਵਿਦਿਆਰਥੀਆਂ ਵੱਲੋਂ ਦੀਵਾਲੀ ਦੇ ਤਿਉਹਾਰ ਦੇ ਮੱਦੇਨਜ਼ਰ ਵਰਤੋਂ ਵਿੱਚ ਆਉਣ ਵਾਲੀਆਂ ਵਸਤਾਂ ਦੀ ਲਗਾਈ ਪ੍ਰਦਰਸ਼ਨੀ ਦਾ ਦੌਰਾ ਕੀਤਾ ਤੇ ਉਨ੍ਹਾਂ ਵੱਲੋਂ ਵਿਦਿਆਰਥੀਆਂ ਦੁਆਰਾ ਹੱਥੀਂ ਤਿਆਰ ਕੀਤੀਆਂ ਗਈਆਂ ਵਸਤਾਂ ਦੀ ਸ਼ਲਾਘਾ ਕੀਤੀ ਗਈ। ਸਮਾਗਮ ਮੌਕੇ ਸਕੂਲ ਦੀਆਂ ਵਿਦਿਆਰਥੀਆਂ ਵੱਲੋਂ "ਵੈਲਕਮ ਗੀਤ", ਨਸ਼ਿਆਂ ਦੇ ਦੁਰਪ੍ਰਭਾਵਾਂ ਨੂੰ ਪ੍ਰਗਟਾਉਂਦੀ ਤੇ ਅਗਿਆਨਤਾ ਨੂੰ ਦੂਰ ਕਰਨ ਲਈ ਸਿੱਖਿਆ ਦੀ ਮਹੱਤਤਾ ਸਬੰਧੀ ਸਕਿੱਟ ਤੋਂ ਇਲਾਵਾ ਲੜਕੀਆਂ ਵੱਲੋਂ "ਸੰਮੀ ਤੇ ਜਾਗੋ" ਆਦਿ ਸ਼ਾਨਦਾਰ ਪੇਸ਼ਕਾਰੀ ਵੀ ਕੀਤੀ ਗਈ। ਇਸ ਮੌਕੇ ਕਮਲਜੀਤ ਸਿੰਘ ਮਹਿਤਾ, ਸਕੂਲ ਦੇ ਪ੍ਰਿੰਸੀਪਲ ਸ਼੍ਰੀਮਤੀ ਮਨਿੰਦਰ ਕੌਰ ਭੱਲਾ ਤੋਂ ਇਲਾਵਾ ਸਕੂਲ ਦਾ ਸਮੂਹ ਸਟਾਫ਼ ਤੇ ਵਿਦਿਆਰਥੀ ਆਦਿ ਹਾਜ਼ਰ ਸਨ।



# ਮਾਤਾ ਸਾਹਿਬ ਕੌਰ ਪਬਲਿਕ ਸਕੂਲ ਨੇ ਦਿੱਤਾ ਗ੍ਰੀਨ ਦੀਵਾਲੀ ਮਨਾਉਣ ਦਾ ਸੰਦੇਸ਼

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)

ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦੇ ਹੋਏ ਮਾਤਾ ਸਾਹਿਬ ਕੌਰ ਸੀਨੀਅਰ ਸੈਕੰਡਰੀ ਸਕੂਲ, ਗੁਰੂ ਹਰਸਹਾਏ ਦੇ ਬੱਚਿਆਂ ਨੇ ਸਕੂਲ ਵਿੱਚ ਗ੍ਰੀਨ ਦੀਵਾਲੀ ਮਨਾਉਣ ਦਾ ਸੰਦੇਸ਼ ਦਿੱਤਾ। ਇਸ ਸੰਦੇਸ਼ ਨੂੰ ਬਣਾਏ ਰੱਖਦੇ ਹੋਏ ਕਲਾਸ ਨੌਵੀਂ ਦੇ ਬੱਚਿਆਂ ਨੇ ਸਕੂਲ ਵਿੱਚ ਬੜੇ ਹੀ ਸੋਹਣੇ ਢੰਗ ਨਾਲ ਨੁੱਕੜ ਨਾਟਕ ਪੇਸ਼ ਕੀਤਾ। ਜਮਾਤ ਛੇਵੀਂ ਦੇ ਵਿਦਿਆਰਥੀਆਂ ਨੇ ਦੀਵਾਲੀ ਨੂੰ ਸਮਰਪਤ ਇੱਕ ਲੋਕ ਨਾਚ ਪੇਸ਼ ਕੀਤਾ। ਇਸ ਲੋਕ ਨਾਚ ਰਾਹੀਂ ਵਿਦਿਆਰਥੀਆਂ ਨੇ ਸੰਦੇਸ਼ ਦਿੱਤਾ ਕਿ ਸਾਨੂੰ ਪਟਾਕਿਆਂ ਆਦਿ ਤੋਂ ਦੂਰ ਰਹਿ ਕੇ ਸੋਹਣੇ ਢੰਗ ਨਾਲ ਦੀਵਾਲੀ ਮਨਾਉਣੀ ਚਾਹੀਦੀ ਹੈ। ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਨੁੱਕੜ ਨਾਟਕ ਰਾਹੀਂ ਸਾਰੇ ਸਕੂਲ ਤੋਂ ਪ੍ਰਣ ਲਿਆ ਕਿ ਇਸ ਵਾਰ ਦੀਵਾਲੀ ਪਟਾਕੇ ਰਹਿਤ ਹੋਵੇਗੀ। ਇਸ ਦੇ ਨਾਲ ਹੀ ਸਕੂਲ ਵਿੱਚ ਇੰਟਰ ਹਾਊਸ ਰੰਗੋਲੀ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਦੀਵਾਲੀ ਸਬੰਧਤ ਰੰਗੋਲੀਆਂ ਬਣਾਈਆਂ ਤੇ ਰੰਗੋਲੀ ਦੇ ਦੁਆਰਾ ਇਹ ਸੰਦੇਸ਼ ਦਿੱਤਾ ਕਿ ਸਮਾਜਿਕ ਬੁਰਾਈਆਂ ਨੂੰ ਜਿੰਨਾ ਖੁਦ ਤੋਂ ਦੂਰ ਕੀਤਾ ਜਾ ਸਕਦਾ ਹੈ, ਸਾਨੂੰ ਕਰਨਾ ਚਾਹੀਦਾ ਹੈ ਅਤੇ ਹਮੇਸ਼ਾ ਸਕਾਰਾਤਮਕ ਸੋਚ ਨੂੰ ਪਹਿਲ ਦੇਣੀ ਚਾਹੀਦੀ ਹੈ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਨੀਲਾਕਸ਼ੀ ਗੁਪਤਾ ਸਕੂਲ, ਮੈਨੇਜਮੈਂਟ ਕਮੇਟੀ ਦੇ ਮੈਂਬਰ ਮਹੀਪਾਲ ਸਿੰਘ, ਕਮਲਪਾਲ ਸਿੰਘ, ਗੁਰਿੰਦਰ ਸਿੰਘ ਤੇ ਸਕੂਲ ਦਾ ਬਾਕੀ ਸਟਾਫ ਵੀ ਮੌਜੂਦ ਸੀ।



# ਸੀ ਪੀ ਆਈ (ਐੱਮ) ਦੇ ਸੂਬਾ ਸਮਾਗਮ ਪ੍ਰਤੀ ਵਰਕਰਾਂ 'ਚ ਭਾਰੀ ਉਤਸ਼ਾਹ : ਕਾ. ਦਲਿਉਂ




ਭੀਖੀ (ਧਰਮਵੀਰ ਸ਼ਰਮਾ)

ਸੀਪੀ.ਆਈ. (ਐੱਮ) ਵੱਲੋਂ ਗਦਰ ਪਾਰਟੀ ਦੇ ਜਨਰਲ ਸਕੱਤਰ ਸ਼ਹੀਦ ਕਰਤਾਰ ਸਿੰਘ ਸਰਾਭਾ ਸਮੇਤ ਸੱਤ ਆਗੂਆਂ ਦੇ ਸ਼ਹਾਦਤ ਦਿਵਸ 'ਤੇ 16 ਨਵੰਬਰ ਨੂੰ ਜਲੰਧਰ ਵਿਖੇ ਸੂਬਾਈ ਸ਼ਹੀਦੀ ਸਮਾਗਮ ਪ੍ਰਤੀ ਮਾਨਸਾ ਜ਼ਿਲ੍ਹੇ ਦੇ ਵਰਕਰਾਂ ਵਿੱਚ ਭਾਰੀ ਉਤਸ਼ਾਹ ਹੈ ਤੇ ਵੱਡੀ ਗਿਣਤੀ ਵਿੱਚ ਵਰਕਰ ਇਸ ਸਮਾਗਮ ਵਿੱਚ ਪਹੁੰਚਣਗੇ।

ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਿੰਦ ਕਮਿਊਨਿਸਟ ਪਾਰਟੀ (ਮਾਰਕਸਵਾਦੀ) ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸਵਰਨਜੀਤ ਸਿੰਘ ਦਲਿਉਂ ਐਡਵੋਕੇਟ ਨੇ ਨੇੜਲੇ ਪਿੰਡ ਖੀਵਾ ਕਲਾਂ ਵਿਖੇ ਇੱਕ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਇਸ ਮੌਕੇ ਕਮਿਊਨਿਸਟ ਆਗੂਆਂ ਨੇ ਇਜ਼ਰਾਈਲ ਦੁਆਰਾ ਫ਼ਲਸਤੀਨੀ ਲੋਕਾਂ ਦੇ ਕੀਤੇ ਜਾ ਰਹੇ ਕਤਲੇਆਮ ਦੀ ਵੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਗਈ। ਕਾ. ਦਲਿਉਂ ਨੇ ਕਿਹਾ ਕਿ ਅੱਜ ਦੇਸ਼ ਦੀ ਮੋਦੀ ਸਰਕਾਰ ਦੇ ਲੋਕ ਵਿਰੋਧੀ ਫੈਸਲਿਆਂ ਕਾਰਨ ਆਮ ਜਨਤਾ ਵਿੱਚ ਸਰਕਾਰ ਪ੍ਰਤੀ ਭਾਰੀ ਰੋਸ ਹੈ, ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਖੇਤੀ ਦੇ ਕਾਲੇ ਕਾਨੂੰਨਾਂ ਨੂੰ ਲਾਗੂ ਕਰਨ ਦਾ ਕੋਝਾ ਅਸਫਲ ਯਤਨ, ਕਿਰਤੀਆਂ ਵਿਰੋਧੀ ਚਾਰ ਲੇਬਰ ਕੋਡ ਲਾਗੂ ਕਰਨਾ ਤੇ ਕਾਰਪੋਰੇਟ ਘਰਾਣਿਆਂ ਨੂੰ ਮੋਟੇ ਗੱਫੇ ਦੇਣਾ ਆਦਿ ਸ਼ਾਮਲ ਹੈ। ਉਨ੍ਹਾ ਕਿਹਾ ਕਿ ਫਿਰਕੂ ਫਾਸ਼ੀਵਾਦੀ ਤੇ ਕਾਰਪੋਰੇਟ ਗੱਠਜੋੜ ਖ਼ਿਲਾਫ਼ ਸਾਰੇ ਦੇਸ਼ ਵਿੱਚ ਮਾਹੌਲ ਬਣ ਰਿਹਾ ਹੈ ਤੇ ਦੇਸ਼ ਦੇ ਲੋਕ 2024 ਵਿੱਚ ਮੋਦੀ ਸਰਕਾਰ ਨੂੰ ਸੱਤਾ ਤੋਂ ਉਖਾੜ ਕੇ ਸੁੱਟ ਦੇਣਗੇ। ਇਸ ਮੌਕੇ ਸੀਟੂ ਦੇ ਜ਼ਿਲ੍ਹਾ ਸਕੱਤਰ ਕਾ. ਨਛੱਤਰ ਸਿੰਘ ਢੈਪਈ ਨੇ ਬੋਲਦਿਆਂ ਕਿਹਾ ਕਿ ਸ਼ਹੀਦ ਭਗਤ ਸਿੰਘ ਤੇ ਡਾਕਟਰ ਭੀਮ ਰਾਓ ਅੰਬੇਡਕਰ ਦੀ ਵਿਚਾਰਧਾਰਾ 'ਤੇ ਪਹਿਰਾ ਦੇਣ ਦਾ ਢਕਵੰਜ ਕਰਨ ਵਾਲੀ ਆਮ ਆਦਮੀ ਪਾਰਟੀ ਦੀ ਭਗਵੰਤ ਮਾਨ ਸਰਕਾਰ ਦਾ ਕਿਰਤੀਆਂ ਲਈ 12 ਘੰਟੇ ਕੰਮ ਦਾ ਨੋਟੀਫਿਕੇਸ਼ਨ ਜਾਰੀ ਕਰਨ ਨਾਲ ਅਸਲੀ ਚਿਹਰਾ ਨੰਗਾ ਹੋ ਗਿਆ ਹੈ। ਉਨ੍ਹਾ ਕਿਹਾ ਕਿ ਇਸ ਨੋਟੀਫਿਕੇਸ਼ਨ ਨੂੰ ਕਿਸੇ ਵੀ ਕੀਮਤ 'ਤੇ ਲਾਗੂ ਨਹੀਂ ਹੋਣ ਦਿੱਤਾ ਜਾਵੇਗਾ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਕਾ. ਹਰਨੇਕ ਸਿੰਘ ਖੀਵਾ, ਮਨਰੇਗਾ ਮਜ਼ਦੂਰ ਯੂਨੀਅਨ ਦੇ ਆਗੂ ਸ਼ਿੰਗਾਰਾ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਵਰਕਰ ਹਾਜ਼ਰ ਸਨ।

# ਸਹਿਜੜਾ 'ਚ ਲੁਕੇਸ਼ਨ ਚੈੱਕ ਕਰਨ ਆਈ ਪਾਵਰਕਾਮ ਟੀਮ ਦਾ ਕਿਸਾਨਾਂ ਵੱਲੋਂ ਘੇਰਾਓ

## ਸਰਕਾਰ ਪਰਾਲੀ ਪ੍ਰਬੰਧਨ ਮਾਮਲੇ 'ਚ ਬੁਰੀ ਤਰ੍ਹਾਂ ਫੇਲ੍ਹ : ਆਗੂ



ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)-ਪਿੰਡ ਸਹਿਜੜਾ ਵਿਖੇ ਪਰਾਲੀ ਨੂੰ ਸਾੜਨ ਦੀ ਲੁਕੇਸ਼ਨ ਚੈੱਕ ਕਰਨ ਆਏ ਪਾਵਰਕਾਮ ਟੀਮ ਦਾ ਕਿਸਾਨਾਂ ਨੇ ਘਿਰਾਓ ਕਰਕੇ ਸੂਬਾ ਸਰਕਾਰ ਖਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ। ਪ੍ਰਾਪਤ ਵੇਰਵਿਆਂ ਅਨੁਸਾਰ ਡਿਪਟੀ ਕਮਿਸ਼ਨਰ ਬਰਨਾਲਾ ਦੀਆਂ ਹਦਾਇਤਾਂ ਦੀ ਪਾਲਣਾ ਕਰਦਿਆਂ ਲੁਕੇਸ਼ਨ ਚੈੱਕ ਕਰਨ ਆਏ ਪਾਵਰਕਾਮ ਅਧਿਕਾਰੀਆਂ ਨੂੰ ਫੋਟੋਆਂ ਖਿੱਚਣ ਤੋਂ ਰੋਕਦਿਆਂ ਕਿਸਾਨਾਂ ਨੇ ਘਿਰਾਓ ਕਰਕੇ ਨਾਅਰੇਬਾਜ਼ੀ ਕੀਤੀ। ਇਸ ਮੌਕੇ ਕਿਸਾਨ ਆਗੂ ਜਗਮੇਲ ਸਿੰਘ, ਕਰਨੈਲ ਸਿੰਘ, ਮਨਜੀਤ ਸਿੰਘ ਆਦਿ ਦਾ ਕਹਿਣਾ ਹੈ ਕਿ ਸੂਬਾ ਸਰਕਾਰ ਕੋਈ ਮੁਆਵਜ਼ਾ ਦੇਣ ਦੀ ਥਾਂ ਸਿਰਫ ਖਾਲੀ ਹੱਥ ਹੀ, ਕਿਸਾਨਾਂ ਉੱਪਰ ਪਰਚੇ ਦਰਜ ਕਰਨ ਦਾ ਦਬਾਅ ਬਣਾ ਕੇ ਪਰਾਲੀ ਸਾੜਨ ਤੋਂ ਧੱਕੇ ਨਾਲ ਰੋਕ ਰਹੀ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਪਰਾਲੀ ਪ੍ਰਬੰਧਨ ਮਾਮਲੇ ਵਿੱਚ ਬੁਰੀ ਤਰਾਂ ਫੇਲ੍ਹ ਸਾਬਿਤ ਹੋਈ ਹੈ, ਕਿਸਾਨਾਂ ਨੂੰ ਲੋੜੀਂਦੀ ਮਸ਼ੀਨਰੀ, ਬੇਲਰ ਆਦਿ ਦਾ ਵੀ ਕੋਈ ਪ੍ਰਬੰਧ ਨਹੀਂ ਕੀਤਾ ਗਿਆ, ਸਗੋਂ ਕਿਸਾਨਾਂ ਦੇ ਖੇਤਾਂ 'ਚ ਪੁਲਸ ਨੂੰ ਨਾਲ ਲਿਜਾ ਕੇ ਉਨ੍ਹਾਂ ਉਪਰ ਪਰਚੇ ਦਰਜ ਕਰਨ ਲਈ ਕਿਹਾ ਜਾ ਰਿਹਾ। ਕਿਸਾਨਾਂ ਦਾ ਕਹਿਣਾ ਹੈ ਪਰਾਲੀ ਨੂੰ ਅੱਗ ਲਗਾਉਣਾ ਉਨ੍ਹਾਂ ਦਾ ਸੌਂਕ ਨਹੀਂ ਮਜਬੂਰੀ ਹੈ। ਜੇਕਰ ਸਰਕਾਰ ਕਿਸਾਨਾਂ ਨੂੰ ਪੰਜ ਹਜ਼ਾਰ ਰੁਪਏ ਪ੍ਰਤੀ ਏਕੜ ਮੁਆਵਜ਼ਾ ਤੁਰੰਤ ਜਾਰੀ ਕਰੇ ਤਾਂ ਕੋਈ ਵੀ ਕਿਸਾਨ ਪਰਾਲੀ ਨਹੀਂ ਸਾੜੇਗਾ, ਪਰ ਸਰਕਾਰ ਤਾਂ ਗੱਲੀ ਬਾਤੀਂ ਪਾਣੀ 'ਚ ਬੜੇ ਪਕਾ ਕੇ ਝੂਠੇ ਦਿਲਾਸਿਆਂ ਨਾਲ ਹੀ ਡੰਗ ਸਾਰਨਾ ਚਾਹੁੰਦੀ ਹੈ। ਪਾਵਰਕਾਮ ਟੀਮ ਦੇ ਅਧਿਕਾਰੀ ਕੁਲਵੀਰ ਸਿੰਘ ਔਲਖ, ਜੇ ਈ ਗੁਰਮੇਲ ਸਿੰਘ, ਲਾਈਨਮੈਨ ਸੁਖਪਾਲ ਸਿੰਘ ਨੇ ਦੱਸਿਆ ਕਿ ਡੀ ਸੀ ਬਰਨਾਲਾ ਵੱਲੋਂ ਜਾਰੀ ਸਖਤ ਹਦਾਇਤਾਂ ਅਨੁਸਾਰ ਹੀ ਉਹ ਤਾਂ ਲੁਕੇਸ਼ਨ ਚੈੱਕ ਕਰਨ ਆਏ ਸੀ, ਪਰ ਕਿਸਾਨਾਂ ਵੱਲੋਂ ਫੋਟੋਆਂ ਖਿੱਚਣ ਤੋਂ ਰੋਕ ਕੇ ਉਨ੍ਹਾਂ ਦਾ ਘਿਰਾਓ ਕਰ ਲਿਆ ਗਿਆ। ਇਸ ਮੌਕੇ ਪੁਲਸ ਥਾਣਾ ਮਹਿਲ ਕਲਾਂ ਦੇ ਮੁੱਖ ਅਫਸਰ ਕਮਲਜੀਤ ਸਿੰਘ ਗਿੱਲ ਨੇ ਪੁਲਸ ਪਾਰਟੀ ਸਮੇਤ ਪਹੁੰਚ ਕੇ ਸਥਿਤੀ ਨੂੰ ਸੰਭਾਲਿਆ।

# ਏਕਤਾ ਉੱਪਲ ਨੇ ਚੈੱਕ ਬਾਊਂਸ ਕੇਸ ਮਿਡੀਏਸ਼ਨ ਸੈਂਟਰ ਰਾਹੀਂ ਨਿਪਟਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ)

ਏਕਤਾ ਉੱਪਲ ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸਹਿਤ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਵੱਲੋਂ ਇੱਕ ਚੈੱਕ ਬਾਊਂਸ ਦਾ ਕੇਸ ਮਿਡੀਏਸ਼ਨ ਸੈਂਟਰ ਰਾਹੀਂ ਧਿਰਾਂ ਦੀ ਆਪਸੀ ਸਹਿਮਤੀ ਨਾਲ ਨਿਪਟਾਰਾ ਕਰਵਾਇਆ ਗਿਆ।ਉਕਤ ਕੇਸ ਨਵਜੀਤਪਾਲ ਕੌਰ, ਜੁਡੀਸ਼ੀਅਲ ਮੈਜਿਸਟ੍ਰੇਟ ਫਸਟ ਕਲਾਸ, ਫਿਰੋਜ਼ਪੁਰ ਦੀ ਅਦਾਲਤ ਵਿੱਚ ਲੰਬਿਤ ਸੀ ਅਤੇ ਉਨ੍ਹਾਂ ਵੱਲੋਂ ਉਕਤ ਕੇਸ ਮਿਡੀਏਸ਼ਨ ਸੈਂਟਰ ਫਿਰੋਜ਼ਪੁਰ ਵਿਖੇ ਭੇਜਿਆ ਗਿਆ ਤੇ ਮਿਸ ਏਕਤਾ ਉੱਪਲ, ਚੀਫ ਜੁਡੀਸ਼ੀਅਲ ਮੈਜਿਸਟ੍ਰੇਟ ਸਹਿਤ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪੁਰ ਵੱਲੋਂ ਬਤੌਰ ਮਿਡੀਏਟਰ ਉਕਤ ਕੇਸ ਦੀ ਸੁਣਵਾਈ ਕੀਤੀ ਅਤੇ ਦੋਵਾਂ ਧਿਰਾਂ ਦਾ ਰਾਜ਼ੀਨਾਮਾ ਕਰਵਾ ਦਿੱਤਾ।ਦੋਵਾਂ ਧਿਰਾਂ ਵਿੱਚ ਪੈਸੇ ਦੀ ਲੈਣ ਦੇਣ ਦਾ ਝਗੜਾ ਤਕਰੀਬਨ 8 ਸਾਲ ਤੋਂ ਚੱਲ ਰਿਹਾ ਸੀ, ਜੋ ਏਕਤਾ ਉੱਪਲ ਵੱਲੋਂ ਨਿਪਟਾਰਾ ਕਰ ਦਿੱਤਾ ਗਿਆ। ਏਕਤਾ ਉੱਪਲ ਨੇ ਦੱਸਿਆ ਕਿ ਮਿਡੀਏਸ਼ਨ ਸੈਂਟਰ ਵਿੱਚ ਪਰਿਵਾਰਕ ਝਗੜਿਆਂ ਦਾ ਹੱਲ ਰਾਜ਼ੀਨਾਮੇ ਨਾਲ ਕੀਤਾ ਜਾਂਦਾ ਹੈ ਤੇ ਉਹ ਲੋਕ, ਜਿਨ੍ਹਾਂ ਦੇ ਪਰਿਵਾਰਕ ਝਗੜੇ ਅਦਾਲਤਾਂ ਵਿੱਚ ਚੱਲ ਰਹੇ ਹਨ, ਉਹ ਆਪਣੇ ਕੇਸਾਂ ਦਾ ਹੱਲ ਮਿਡੀਏਸ਼ਨ ਸੈਂਟਰ ਰਾਹੀਂ ਕਰਵਾ ਸਕਦੇ ਹਨ ਅਤੇ ਉਹ ਲੋਕ, ਜਿਨ੍ਹਾਂ ਦੇ ਝਗੜੇ ਅਜੇ ਅਦਾਲਤ ਤੱਕ ਨਹੀਂ ਪਹੁੰਚੇ, ਉਹ ਹੀ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਫਿਰੋਜ਼ਪਰ ਵਿੱਚ ਦਰਖਾਸਤ ਦੇ ਕੇ ਆਪਣੇ ਝਗੜੇ ਦਾ ਨਿਪਟਾਰਾ ਮਿਡੀਏਸ਼ਨ ਸੈਂਟਰ ਰਾਹੀਂ ਕਰਵਾ ਸਕਦੇ ਹਨ।




AXIS BANK LTD.

ਸਰਫੇਸੀ ਐਕਟ 2002 ਤਹਿਤ ਕਬਜ਼ਾ ਨੋਟਿਸ

ਰਿਟੇਲ ਐਸੇਟ ਸੈਂਟਰ : ਐਕਸਿਸ ਬੈਂਕ ਲਿਮਟਿਡ, : ਦੂਜੀ ਮੰਜ਼ਲ, ਜਾਇਦਾਦ # 7-ਈ, ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001
ਕਾਰਪੋਰੇਟ ਦਫਤਰ : 'ਐਕਸਿਸ ਹਾਊਸ'', ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁਧਕਰ ਮਾਰਗ, ਵਰਲੀ, ਮੁੰਬਈ-400025
ਰਜਿਸਟਰਡ ਦਫਤਰ : 'ਤ੍ਰਿਸ਼ੂਲ', ਤੀਜੀ ਮੰਜ਼ਲ, ਸਾਹਮਣੇ ਸਮਰਥੇਸ਼ਵਰ ਮੰਦਰ, ਲਾਅ ਗਾਰਡਨ, ਐਲਿਸਬ੍ਰਿਜ ਅਹਿਮਦਾਬਾਦ-380006

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ, ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਿਟੀ ਇੰਟਰੈਸਟ ਐਕਟ 2002 ਅਤੇ ਸਕਿਉਰਿਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਲਿਖੇ ਕਰਜ਼ਦਾਰਾਂ ਨੂੰ ਉਕਤ ਨੋਟਿਸ ਮਿਲਣ ਦੀ ਮਿਤੀ ਤੋਂ 60 ਦਿਨਾਂ ਅੰਦਰ ਨੋਟਿਸ 'ਚ ਦਰਸਾਈ ਰਕਮ ਜਮ੍ਹਾਂ ਕਰਾਉਣ ਲਈ ਡਿਮਾਂਡ ਨੋਟਿਸ ਜਾਰੀ ਕੀਤਾ ਸੀ। ਕਰਜ਼ਦਾਰ ਰਕਮ ਦੀ ਅਦਾਇਗੀ 'ਚ ਨਾਕਾਮ ਰਹੇ ਹਨ। ਇਸ ਲਈ ਕਰਜ਼ਦਾਰਾਂ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਉਕਤ ਐਕਟ ਦੇ ਸੈਕਸ਼ਨ 13 (4) ਅਤੇ ਉਕਤ ਨਿਯਮ ਦੇ ਨਿਯਮ 8 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੇਠ ਦਰਜ ਮਿਤੀਆਂ ਨੂੰ ਹੇਠਾਂ ਦਰਜ ਜਾਇਦਾਦ ਦਾ ਕਬਜ਼ਾ ਲੈ ਲਿਆ ਹੈ।

ਕਰਜ਼ਦਾਰਾਂ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਕਿਸੇ ਤਰ੍ਹਾਂ ਦੇ ਲੈਣ-ਦੇਣ 'ਤੇ ਐਕਸਿਸ ਬੈਂਕ ਲਿ. ਵੱਲੋਂ ਵਸੂਲੀ ਕੀਤੀ ਜਾਵੇਗੀ।

| ਕਰਜ਼ਦਾਰ/ਸਹਿ-ਕਰਜ਼ਦਾਰ ਦਾ ਨਾਂਅ | ਰਹਿਣ ਕੀਤੀ ਜਾਇਦਾਦ ਦਾ ਵੇਰਵਾ | ਡਿਮਾਂਡ ਨੋਟਿਸ ਦੀ ਮਿਤੀ | ਕਬਜ਼ੇ ਦੀ ਮਿਤੀ | ਡਿਮਾਂਡ ਨੋਟਿਸ 'ਚ ਰਾਸ਼ੀ (ਰੁ:) |
|---|---|---|---|---|
| ਸ੍ਰੀ ਮਨੂੰ ਕਾਂਤ ਖੇੜਾ ਪੁੱਤਰ ਸ੍ਰੀ ਸੁਰਿੰਦਰ ਕੁਮਾਰ ਖੇੜਾ, ਮੇਨ ਬਜ਼ਾਰ, ਧੰਨੂ ਮੱਲ ਸਟਰੀਟ ਮੁਕਤਸਰ, ਪੰਜਾਬ-152026 ਇਹ ਵੀ : ਸ੍ਰੀ ਮਨੂੰ ਕਾਂਤ ਖੇੜਾ ਪੁੱਤਰ ਸ੍ਰੀ ਸੁਰਿੰਦਰ ਕੁਮਾਰ ਮਾਲਕ ਮੈਸ: ਨਾਨਕ ਚੰਦ ਰਾਮ ਸ਼ਾਪ ਨੰ: 173, ਸ੍ਰੀ ਮੁਕਤਸਰ ਸਾਹਿਬ -152026 ਇਹ ਵੀ : ਸ੍ਰੀ ਮਨੂੰ ਕਾਂਤ ਖੇੜਾ ਪੁੱਤਰ ਸ੍ਰੀ ਸੁਰਿੰਦਰ ਕੁਮਾਰ ਖੇੜਾ ਫਲੈਟ ਨੰ: 1028, 10ਵੀਂ ਮੰਜ਼ਲ, ਟਾਵਰ ਨੰ: 7, ਸਾਊਥ ਸਿਟੀ, ਵੀ ਆਈ ਪੀ ਰੋਡ, ਬਿਸ਼ਨਪੁਰਾ ਐੱਮ ਸੀ ਜ਼ੀਰਕਪੁਰ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ। | ਸ੍ਰੀ ਮਨੂੰ ਕਾਂਤ ਖੇੜਾ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ ਫਲੈਟ ਨੰ: 1028, 10ਵੀਂ ਮੰਜ਼ਲ, ਟਾਵਰ ਨੰ: 7, ਸਾਊਥ ਸਿਟੀ, ਵੀ ਆਈ ਪੀ ਰੋਡ, ਬਿਸ਼ਨਪੁਰਾ, ਐੱਮ ਸੀ ਜ਼ੀਰਕਪੁਰ, ਜ਼ਿਲ੍ਹਾ ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਖੱਤਾ ਨੰ: 193/259, ਖਸਰਾ ਨੰ: 420 (2-12), 421 (08), 422 (3-12), 415 (3-10), 412 (4-16), 413 (2-14), 414 (1-4), 406 (4-13), 407 (1-8), 409 (5-13), 410 (2-10), 411 (3-4) ਟੁਕੜੇ 12, ਖੇਤਰ (ਅਣਵੰਡੇ) ਹਿੱਸੇ 5/14480 ਦੇ 36 ਬਿੱਘੇ 4 ਬਿਸਵੇ ਰਕਬਾ 0 ਬਿੱਘਾ 0 ਬਿਸਵਾ 5 ਬਿਸਵਾਸੀ, ਛੱਤਿਆ ਖੇਤਰ 1396 ਵਰਗ ਫੁੱਟ, ਸੁਪਰ ਖੇਤਰ 1060 ਵਰਗ ਫੁੱਟ ਨਾਲ ਸੰਬੰਧਤ ਸਭ ਕੁਝ। ਬੈਨਾਮਾ ਦਸਤਾਵੇਜ਼ ਨੰ: 2020-21/21/13/1/10064, ਮਿਤੀ 02 ਫਰਵਰੀ 2021 | 17 ਜੂਨ 2023 | 7 ਨਵੰਬਰ 2023 ਚੰਡੀਗੜ੍ਹ ਵਿਖੇ | ਰੁਪਏ : 64,50,416.28/- (ਚੌਂਠ ਲੱਖ ਪੰਜਾਹ ਹਜ਼ਾਰ ਚਾਰ ਸੌ ਸੋਲਾਂ ਰੁਪਏ ਠਾਈ ਪੈਸੇ ਕੇਵਲ) |

ਉਕਤ ਦਰਜ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਾਰੰਟਰਾਂ ਨੂੰ ਰਕਮ ਦੀ ਅਦਾਇਗੀ ਲਈ 30 ਦਿਨਾਂ ਦਾ ਨੋਟਿਸ ਦਿੱਤਾ ਜਾਂਦਾ ਹੈ। ਨਹੀਂ ਤਾਂ ਰਹਿਣ ਕੀਤੀ ਜਾਇਦਾਦ ਇਸ ਨੋਟਿਸ ਦੀ ਪ੍ਰਕਾਸ਼ਨਾ ਤੋਂ 30 ਦਿਨਾਂ ਦਾ ਸਮਾਂ ਖਤਮ ਹੋ ਜਾਣ 'ਤੇ ਸਕਿਊਰਟੀ ਇੰਟਰੈਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਤੇ 9 ਦੀਆਂ ਵਿਵਸਥਾਵਾਂ ਅਨੁਸਾਰ ਵੇਚ ਦਿੱਤੀ ਜਾਵੇਗੀ।

ਮਿਤੀ : 11.11.2023, ਸਥਾਨ : ਜ਼ੀਰਕਪੁਰ ਸਹੀ/- (ਅਧਿਕਾਰਤ ਅਫਸਰ), ਐਕਸਿਸ ਬੈਂਕ ਲਿਮ:


# ਝਾੜ ਸਾਹਿਬ ਕਾਲਜ ਵੱਲੋਂ ਨਿਵੇਕਲੇ ਢੰਗ ਨਾਲ ਦੀਵਾਲੀ ਮਨਾਉਣ ਦਾ ਸੁਨੇਹਾ



ਸਮਰਾਲਾ (ਸੁਰਜੀਤ ਸਿੰਘ)

ਝਾੜ ਸਾਹਿਬ ਕਾਲਜ ਵਿੱਚ ਪ੍ਰਿੰ: ਰਜਿੰਦਰ ਕੌਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਕਾਲਜ ਦੀਆਂ ਵਿਦਿਆਰਥਣਾਂ ਨੇ ਨਵੇਕਲੇ ਢੰਗ ਨਾਲ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਸੱਦਾ ਦਿੱਤਾ। ਇਸ ਮੌਕੇ ਡਾ. ਰਣਜੀਤ ਕੌਰ ਮੁਖੀ ਹੋਮ ਸਾਇੰਸ ਵਿਭਾਗ, ਡਾ. ਮਹੀਪਿੰਦਰ ਕੌਰ ਮੁਖੀ ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ, ਜਸਬੀਰ ਕੌਰ ਪੰਜਾਬੀ ਸਾਹਿਤ ਸਭਾ ਦੀ ਅਗਵਾਈ ਹੇਠ ਕਾਲਜ ਦੀਆਂ ਵਿਦਿਆਰਥਣਾਂ ਵੱਲੋਂ ਦੀਵਾਲੀ ਮਨਾਈ ਗਈ। ਇਸ ਮੌਕੇ ਹੋਮ ਸਾਇੰਸ ਵਿਭਾਗ ਵੱਲੋਂ ਹੱਥੀਂ ਬਣਾਈ ਗਈ ਮਿਠਾਈਆਂ ਦੀ ਪ੍ਰਦਰਸ਼ਨੀ ਲਗਾਈ ਗਈ। ਇਸ ਦਾ ਉਦਘਾਟਨ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਕੱਤਰ ਵਿੱਦਿਆ ਸੁਖਮਿੰਦਰ ਸਿੰਘ ਨੇ ਕੀਤਾ। ਪ੍ਰਦਰਸ਼ਨੀ ਵਿੱਚ ਨਾਰੀਅਲ ਤੇ ਰਾਗੀ ਦੇ ਲੱਡੂ, ਅਲਸੀ ਦੀਆਂ ਪਿੰਨੀਆਂ ਤੋਂ ਇਲਾਵਾ ਵੇਸਣ-ਬਾਜ਼ਰੇ ਤੇ ਮਗਜ਼ ਦੀ ਬਣੀ ਮਠਿਆਈ ਦੇ ਕਈ ਪ੍ਰਕਾਰ ਦੇ ਦਿਲ ਖਿੱਚਵੇਂ ਨਮੂਨੇ ਪੇਸ਼ ਕੀਤੇ ਗਏ।

ਵਿਦਿਆਰਥਣਾਂ ਵੱਲੋਂ ਵੱਖ ਵੱਖ ਰੰਗਾਂ ਦੇ ਦੀਵੇ, ਰੰਗ-ਬਿਰੰਗੇ ਰੰਗੋਲੀ ਦੇ ਰੰਗ, ਕੱਪੜੇ ਦੇ ਡਿਜ਼ਾਈਨਰ ਨੈਪਕਿਨ ਤਿਆਰ ਕੀਤੇ ਗਏ। ਪੰਜਾਬੀ ਵਿਭਾਗ ਤੇ ਪੰਜਾਬੀ ਸਾਹਿਤ ਸਭਾ ਦੀਆਂ ਵਿਦਿਆਰਥਣਾਂ ਨੇ ਗਰੀਨ ਦੀਵਾਲੀ ਮਨਾਉਣ ਦੇ ਸੰਕਲਪ ਨੂੰ ਲਾਗੂ ਕਰਕੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਉਣ ਦਾ ਪ੍ਰਣ ਲਿਆ ਅਤੇ ਕਾਲਜ ਦੇ ਲਾਅਨ ਵਿਚ ਪੌਦੇ ਲਗਾਏ। ਇਸ ਮੌਕੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ, ਜਿਸ ਵਿੱਚ ਗਿਆਰਵੀਂ ਦੀ ਮਨਪ੍ਰੀਤ ਕੌਰ ਨੇ ਪਹਿਲਾ, ਇੰਦਰਪ੍ਰੀਤ ਕੌਰ ਐੱਮ ਏ ਪੰਜਾਬੀ ਨੇ ਦੂਜਾ ਤੇ ਜੀਵਨਜੋਤ ਕੌਰ ਪੀਜੀਡੀ ਸੀ ਏ ਨੇ ਵਿਸ਼ੇਸ਼ ਸਥਾਨ ਹਾਸਲ ਕੀਤਾ। ਗਿਆਰਵੀਂ ਜਮਾਤ ਦੀ ਕੋਮਲਪ੍ਰੀਤ ਕੌਰ ਨੇ ਕੋਰੀਓਗ੍ਰਾਫੀ ਪੇਸ਼ ਕੀਤੀ। ਇਸ ਮੌਕੇ ਵਿੱਦਿਆ ਸਕੱਤਰ ਸੁਖਮਿੰਦਰ ਸਿੰਘ ਨੇ ਕਿਹਾ ਕਿ ਅਜਿਹੇ ਪ੍ਰੋਗਰਾਮ ਵਿਦਿਆਰਥਣਾਂ ਨੂੰ ਆਪਣੇ ਪੈਰਾਂ 'ਤੇ ਖੜਾ ਹੋਣ ਲਈ ਬਹੁਤ ਸਹਾਈ ਸਿੱਧ ਹੁੰਦੇ ਹਨ।

ਉਨ੍ਹਾਂ ਨੇ ਵਿਦਿਆਰਥਣਾਂ ਵੱਲੋਂ ਤਿਆਰ ਕੀਤੀਆਂ ਮਠਿਆਈਆਂ ਤੇ ਵਿਆਰਥ ਵਸਤੂਆਂ ਨੂੰ ਕਲਾਤਮਕ ਢੰਗ ਨਾਲ ਪੇਸ਼ ਕਰਨ ਦੇ ਹੁਨਰ ਦੀ ਸ਼ਲਾਘਾ ਕੀਤੀ ਅਤੇ ਗਰੀਨ ਦੀਵਾਲੀ ਮਨਾਉਣ ਦੇ ਪ੍ਰਣ 'ਤੇ ਖੁਸ਼ੀ ਪ੍ਰਗਟ ਕੀਤੀ। ਕਾਲਜ ਪ੍ਰਿੰਸੀਪਲ ਡਾ. ਰਜਿੰਦਰ ਕੌਰ ਤੇ ਕਾਲਜ ਦੀ ਲੋਕਲ ਮੈਨੇਜਮੈਂਟ ਕਮੇਟੀ ਨੇ ਸਮੂਹ ਸਟਾਫ ਤੇ ਵਿਦਿਆਰਥਣਾਂ ਨੂੰ ਦੀਵਾਲੀ ਮੌਕੇ ਇਸ ਉਸਾਰੂ ਉਪਰਾਲੇ ਦੀ ਵਧਾਈ ਦਿੱਤੀ। ਪਿੰਸੀਪਲ ਨੇ ਕਿਹਾ ਕਿ ਸਾਨੂੰ ਈਕੋ ਫਰੈਂਡਲੀ ਦੀਵਾਲੀ ਮਨਾਉਣੀ ਚਾਹੀਦੀ ਹੈ। ਇਸ ਮੌਕੇ ਬਾਬਾ ਅਜੀਤ ਸਿੰਘ ਕਾਰ ਸੇਵਾ ਵਾਲੇ, ਰਜਿੰਦਰ ਸਿੰਘ ਗਿੱਲ ਸਮਾਜ ਸੇਵੀ, ਹਰਵਿੰਦਰ ਸਿੰਘ ਪੰਚ ਪਿੰਡ ਝਾੜ ਸਾਹਿਬ ਤੇ ਕਪਿਲ ਤ੍ਰਿਖਾ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

# ਸਪਰਿੰਗ ਫੀਲਡ ਕਾਨਵੈਂਟ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ



ਬਾਘਾ ਪੁਰਾਣਾ (ਮਨੀ ਸਿੰਗਲਾ)-ਸਪਰਿੰਗ ਫੀਲਡ ਕਾਨਵੈਂਟ ਸਕੂਲ ਬਾਘਾ ਪੁਰਾਣਾ ਵਿਖੇ ਦੀਵਾਲੀ ਦਾ ਤਿਉਹਾਰ ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਮਨਾਇਆ। ਸਟਾਫ਼ ਤੇ ਬੱਚਿਆਂ ਵੱਲੋਂ ਮੁੱਖ ਮਹਿਮਾਨ ਜਗਜੀਤ ਸਿੰਘ ਭੱਠਲ ਨੂੰ ਜੀ ਆਇਆਂ ਆਖਿਆ ਗਿਆ। ਸਟੇਜ ਸੰਚਾਲਨ ਦੀ ਭੂਮਿਕਾ ਰੰਜਨਦੀਪ ਕੌਰ ਤੇ ਜਸ਼ਨਪ੍ਰੀਤ ਕੌਰ +2 ਕਲਾਸ ਵੱਲੋਂ ਨਿਭਾਈ ਗਈ। ਬੱਚਿਆਂ ਨੇ ਆਪਣੀਆਂ ਕਲਾਸਾਂ ਤੇ ਸਕੂਲ ਦੀ ਫੁੱਲਾਂ ਤੇ ਹਾਰਾਂ ਦੀਆਂ ਲੜੀਆਂ ਲਾ ਕੇ ਸਜਾਵਟ ਕੀਤੀ। ਇਸ ਮੌਕੇ ਬੱਚਿਆਂ ਤੇ ਅਧਿਆਪਕ ਸਿਮਰਜੀਤ ਭੱਲਾ ਵੱਲੋਂ ਰੰਗੋਲੀ ਬਣਾਈ ਗਈ ਤੇ ਬੱਚਿਆਂ ਨੇ ਗੀਤ ਸੰਗੀਤ, ਕੋਰੀਓਗ੍ਰਾਫੀ ਤੇ ਹੋਰ ਬਹੁਤ ਸਾਰੀਆਂ ਦਿਲ ਖਿੱਚਵੀਆਂ ਆਈਟਮਾਂ ਪੇਸ਼ ਕੀਤੀਆਂ ਤੇ ਭੰਗੜਾ ਗਿੱਧਾ ਪਾ ਕੇ ਰੰਗ ਬੰਨ੍ਹਿਆਂ। ਸਕੂਲ ਪ੍ਰਿੰਸੀਪਲ ਬਾਇਜੂ ਵਿਜੇ ਨੇ ਦੀਵਾਲੀ ਦੇ ਤਿਉਹਾਰ, ਬੰਦੀਛੋੜ ਦਿਵਸ ਤੇ ਵਿਸ਼ਵਕਰਮਾ ਦੇ ਤਿਉਹਾਰ ਬਾਰੇ ਜਾਣਕਾਰੀ ਦਿੱਤੀ। ਚੇਅਰਮੈਨ ਨਰ ਸਿੰਘ ਬਰਾੜ ਨੇ ਸਟਾਫ਼ ਤੇ ਬੱਚਿਆਂ ਨੂੰ ਇਸ ਪਵਿੱਤਰ ਤਿਉਹਾਰ ਦੀ ਵਧਾਈ ਦਿੱਤੀ ਤੇ ਸਭ ਨੂੰ ਪ੍ਰੇਰਨਾ ਕੀਤੀ ਕਿ ਸਾਨੂੰ ਪ੍ਰਦੂਸ਼ਣ ਰਹਿਤ ਗਰੀਨ ਦੀਵਾਲੀ ਮਨਾਉਣੀ ਚਾਹੀਦੀ ਹੈ ਤਾਂ ਜੋ ਵਾਤਾਵਰਨ ਸ਼ੁੱਧ ਰੱਖਿਆ ਜਾ ਸਕੇ।

# ਸਿਹਤ ਬੀਮਾ ਕਾਰਡ ਨਾਲ 5 ਲੱਖ ਰੁਪਏ ਤੱਕ ਕਰਵਾਇਆ ਜਾ ਸਕਦਾ ਮੁਫ਼ਤ ਇਲਾਜ : ਸਿਵਲ ਸਰਜਨ

ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)-ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਯੋਗ ਲਾਭਪਾਤਰੀਆਂ ਦੇ ਬੀਮਾ ਕਾਰਡ ਬਣਾਉਣ ਲਈ ਸਿਹਤ ਵਿਭਾਗ ਵੱਲੋਂ 30 ਨਵੰਬਰ ਤੱਕ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੋਈ ਹੈ। ਡਾ. ਦਵਿੰਦਰਜੀਤ ਕੌਰ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਦੇ ਲਾਭਪਾਤਰੀਆਂ ਦੇ ਕਾਰਡ ਬਣਾਉਣ ਵਿਚ ਵਾਧਾ ਕਰਨ ਦੇ ਮਕਸਦ ਨਾਲ ਇਕ ਦੀਵਾਲੀ ਬੰਪਰ ਡਰਾਅ ਕੱਢਿਆ ਜਾ ਰਿਹਾ ਹੈ ਜਿਸ ਤਹਿਤ 16 ਅਕਤੂਬਰ ਤੋਂ 30 ਨਵੰਬਰ ਤੱਕ ਕਾਰਡ ਬਣਾਉਣ ਵਾਲੇ ਸਾਰੇ ਲਾਭਪਾਤਰੀਆਂ ਵਿਚੋਂ ਲੱਕੀ ਡਰਾਅ ਦੇ ਜ਼ਰੀਏ ਦਸ ਲੋਕਾਂ ਨੂੰ ਨਗਦ ਇਨਾਮ ਦਿੱਤੇ ਜਾਣਗੇ ਜਿਸ ਵਿਚ ਪਹਿਲਾ ਇਨਾਮ ਇਕ ਲੱਖ, ਦੂਜਾ ਇਨਾਮ ਪੰਜਾਹ ਹਜ਼ਾਰ, ਤੀਜਾ ਇਨਾਮ 25 ਹਜ਼ਾਰ, ਚੌਥਾ ਇਨਾਮ 10 ਹਜ਼ਾਰ, ਪੰਜਵਾਂ ਇਨਾਮ ਅੱਠ ਹਜ਼ਾਰ ਅਤੇ ਛੇਵੇਂ ਤੋਂ ਦਸਵੇ ਇਨਾਮ ਤੱਕ ਸਾਰੇ ਜੇਤੂਆਂ ਨੂੰ ਪੰਜ-ਪੰਜ ਹਜ਼ਾਰ ਰੁਪਏ ਦਿੱਤੇ ਜਾਣਗੇ। ਉਨ੍ਹਾ ਦੱਸਿਆ ਕਿ ਆਯੂਸ਼ਮਾਨ ਭਾਰਤ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਅਧੀਨ ਹਰ ਇਕ ਲਾਭਪਾਤਰੀ ਨੂੰ ਹਰ ਸਾਲ ਪੂਰੇ ਪਰਵਾਰ ਲਈ ਪੰਜ ਲੱਖ ਰੁਪਏ ਤੱਕ ਦੇ ਮੁਫਤ ਇਲਾਜ ਦੀ ਸਹੂਲਤ ਮੁਹੱਈਆ ਕੀਤੀ ਜਾਂਦੀ ਹੈ। ਉਨ੍ਹਾ ਦੱਸਿਆ ਕਿ ਪੰਜਾਬ ਸਰਕਾਰ ਵੱਲੋ ਕਾਰਡ ਬਣਾਉਣ ਵਾਲੇ ਲਾਭਪਾਤਰੀਆਂ ਨੂੰ ਉਤਸ਼ਾਹਤ ਕਰਨ ਲਈ ਦੀਵਾਲੀ ਅਤੇ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਗੁਰਪੁਰਬ ਮੌਕੇ ਬੰਪਰ ਡਰਾਅ 4 ਦਸੰਬਰ ਨੂੰ ਕੱਢਿਆ ਜਾਵੇਗਾ।

# ਨਹਿਰੂ ਸਿਧਾਂਤ ਕੇਂਦਰ ਟਰੱਸਟ ਵੱਲੋਂ ਸਤ ਪਾਲ ਮਿੱਤਲ ਨੈਸ਼ਨਲ ਐਵਾਰਡ ਪ੍ਰਦਾਨ

## ਸਪੀਕਰ ਸੰਧਵਾਂ ਨੇ ਜੇਤੂਆਂ ਨੂੰ ਮਾਨਵਤਾ ਦੀ ਸ਼ਾਨਦਾਰ ਸੇਵਾ ਲਈ ਕੀਤਾ ਸਨਮਾਨਤ



ਲੁਧਿਆਣਾ (ਜਸਦੀਪ ਵਰਤੀਆਂ)

ਸਵਰਗੀ ਸ੍ਰੀ ਸਤਪਾਲ ਮਿੱਤਲ ਵੱਲੋਂ 1983 ਵਿੱਚ ਸਥਾਪਤ ਨਹਿਰੂ ਸਿਧਾਂਤ ਕੇਂਦਰ ਟਰੱਸਟ ਵੱਲੋਂ ਸਤਪਾਲ ਮਿੱਤਲ ਨੈਸ਼ਨਲ ਐਵਾਰਡ ਤੇ ਸਾਲ 2023 ਲਈ ਵਜ਼ੀਫੇ ਵੰਡੇ ਗਏ। ਮੁੱਖ ਮਹਿਮਾਨ ਪੰਜਾਬ ਵਿਧਾਨ ਸਭਾ ਦੇ ਮਾਣਯੋਗ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਇਹ ਪੁਰਸਕਾਰ ਦਿੱਤੇ। ਇਸ ਮੌਕੇ ਨਹਿਰੂ ਸਿਧਾਂਤ ਕੇਂਦਰ ਟਰੱਸਟ ਦੇ ਪ੍ਰਧਾਨ ਸ੍ਰੀ ਰਾਕੇਸ਼ ਭਾਰਤੀ ਮਿੱਤਲ ਵੀ ਮੌਜੂਦ ਸਨ। ਸਤਪਾਲ ਮਿੱਤਲ ਨੈਸ਼ਨਲ ਐਵਾਰਡ 2023 ਪ੍ਰਾਪਤ ਕਰਨ ਵਾਲਿਆਂ ਨੂੰ ਪ੍ਰਸ਼ੰਸਾ ਪੱਤਰਾਂ ਦੇ ਨਾਲ 12 ਲੱਖ ਰੁਪਏ ਦੇ ਸਮੂਹਕ ਨਕਦ ਇਨਾਮ ਦਿੱਤੇ ਗਏ।

ਐਵਾਰਡ ਜੇਤੂਆਂ ਨੂੰ ਵਧਾਈ ਦਿੰਦੇ ਹੋਏ ਨਹਿਰੂ ਸਿਧਾਂਤ ਕੇਂਦਰ ਟਰੱਸਟ ਦੇ ਪ੍ਰਧਾਨ ਰਾਕੇਸ਼ ਭਾਰਤੀ ਮਿੱਤਲ ਨੇ ਕਿਹਾ ਕਿ ਨਹਿਰੂ ਸਿਧਾਂਤ ਕੇਂਦਰ ਟਰੱਸਟ ਸਮਾਜ ਵਿੱਚ ਸਥਾਈ ਤੇ ਸਕਾਰਾਤਮਕ ਤਬਦੀਲੀ ਲਿਆਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਅੱਜ, ਅਸੀਂ ਦਿਆਲਤਾ ਤੇ ਸੇਵਾ ਦੇ ਕੰਮਾਂ ਲਈ ਆਪਣੇ 'ਮਿਸਾਲਾਂ' ਦਾ ਜਸ਼ਨ ਮਨਾਉਂਦੇ ਹਾਂ, ਜਿਨ੍ਹਾਂ ਲਈ ਕੁਰਬਾਨੀ, ਸਮਝੌਤਾ ਤੇ ਭਾਵਨਾ ਦੀ ਲੋੜ ਹੁੰਦੀ ਹੈ, ਜੋ ਫਰਜ਼ ਦੇ ਸੱਦੇ ਤੋਂ ਪਰੇ ਹੈ। ਮੈਂ ਸਾਰੇ ਪੁਰਸਕਾਰ ਜੇਤੂਆਂ ਨੂੰ ਸਾਡੇ ਸਮਾਜ 'ਤੇ ਡੂੰਘਾ ਪ੍ਰਭਾਵ ਪਾਉਣ ਤੇ ਦੂਜਿਆਂ ਨੂੰ ਨਵੇਂ ਮੌਕਿਆਂ ਨਾਲ ਸ਼ਕਤੀਸ਼ਾਲੀ ਬਣਾਉਣ ਲਈ ਉਨ੍ਹਾਂ ਦੇ ਨਿਰਸਵਾਰਥ ਯਤਨਾਂ ਲਈ ਦਿਲੋਂ ਵਧਾਈ ਦਿੰਦਾ ਹਾਂ। ਮੈਂ ਅੰਤਰ-ਕਾਲਜ ਬਹਿਸ ਮੁਕਾਬਲੇ ਦੇ ਜੇਤੂ ਦੀ ਵੀ ਸ਼ਲਾਘਾ ਕਰਦਾ ਹਾਂ ਤੇ ਸਕਾਲਰਸ਼ਿਪ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਨੂੰ ਆਪਣੀਆਂ ਸ਼ੁੱਭ-ਕਾਮਨਾਵਾਂ ਦਿੰਦਾ ਹਾਂ।

ਮੁੱਖ ਮਹਿਮਾਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਮੈਂ ਨਹਿਰੂ ਸਿਧਾਂਤ ਕੇਂਦਰ ਟਰੱਸਟ ਦੀ ਸ਼ਲਾਘਾ ਕਰਨਾ ਚਾਹੁੰਦਾ ਹਾਂ ਕਿ ਉਨ੍ਹਾਂ ਨੇ ਸਾਡੇ ਭਾਈਚਾਰੇ ਦੀ ਸਹਾਇਤਾ ਤੇ ਸਸ਼ਕਤੀਕਰਨ ਲਈ ਬੇਮਿਸਾਲ ਸਮਰਪਣ ਕੀਤਾ ਹੈ। ਪੁਰਸਕਾਰ ਪ੍ਰਾਪਤ ਕਰਨ ਵਾਲਿਆਂ ਨੂੰ ਸਮਾਜ ਵਿੱਚ ਤਬਦੀਲੀ ਲਿਆਉਣ ਲਈ ਉਨ੍ਹਾਂ ਦੇ ਦ੍ਰਿੜ੍ਹ ਯਤਨਾਂ ਲਈ ਵਧਾਈ ਦਿੱਤੀ।

ਸਿੱਖਿਆ ਤਬਦੀਲੀ ਲਈ ਇੱਕ ਸ਼ਕਤੀਸ਼ਾਲੀ ਸਮਰੱਥਾ ਹੈ। ਇਹ ਮੇਰੀ ਉਮੀਦ ਹੈ ਕਿ ਵਿਦਿਆਰਥੀ ਆਪਣੀ ਸਰਵਉੱਚ ਸਮਰੱਥਾ ਨੂੰ ਖੋਲ੍ਹਣ ਦੀ ਕੋਸ਼ਿਸ਼ ਕਰਨਗੇ ਤੇ ਸਾਡੇ ਦੇਸ਼ ਦੀ ਆਰਥਿਕ ਖੁਸ਼ਹਾਲੀ ਵਿੱਚ ਯੋਗਦਾਨ ਪਾਉਣ 'ਤੇ ਧਿਆਨ ਕੇਂਦਰਤ ਕਰਨਗੇ। ਸਤ ਪਾਲ ਮਿੱਤਲ ਨੈਸ਼ਨਲ ਐਵਾਰਡ (ਪਲੈਟੀਨਮ) ਤੇ ਸਤ ਪਾਲ ਮਿੱਤਲ ਨੈਸ਼ਨਲ ਐਵਾਰਡ (ਗੋਲਡ) ਮਨੁੱਖਤਾ ਦੀ ਸ਼ਾਨਦਾਰ ਸੇਵਾ ਲਈ ਹਰ ਸਾਲ ਦਿੱਤੇ ਜਾਂਦੇ ਹਨ। ਡਾ. ਈ. ਸ੍ਰੀਧਰਨ, ਡਾ. ਐੱਸ. ਐੱਸ. ਬਦਰੀਨਾਥ, ਸ੍ਰੀਮਤੀ ਈਲਾ ਆਰ. ਭੱਟ, ਮਰਹੂਮ ਸ੍ਰੀ ਸੁਨੀਲ ਦੱਤ, ਸ੍ਰੀ ਅੰਨਾ ਹਜ਼ਾਰੇ, ਅਕਸੈ ਪਾਤਰਾ ਫਾਊਂਡੇਸ਼ਨ, ਐੱਸ.ਓ.ਐੱਸ. ਚਿਲਡਰਨ ਵਿਲੇਜ ਤੇ ਸਵਾਮੀ ਵਿਵੇਕਾਨੰਦ ਯੂਥ ਮੂਵਮੈਂਟ, ਨਵਜੋਤੀ ਦਿੱਲੀ ਪੁਲਸ ਫਾਊਂਡੇਸ਼ਨ ਫਾਰ ਕਰੈਕਸ਼ਨ ਨਸ਼ਾ ਛੁਡਾਊ ਅਤੇ ਮੁੜ ਵਸੇਬਾ ਸਮੇਤ ਹੋਰ ਪੁਰਸਕਾਰ ਪ੍ਰਾਪਤ ਕਰ ਚੁੱਕੇ ਪ੍ਰਮੁੱਖ ਹਨ।


ੴ ਵਾਹਿਗੁਰੂ ਜੀ ਕੀ ਫ਼ਤਹ॥

ਦੇਸ਼ ਵਿਦੇਸ਼ 'ਚ ਵੱਸਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ

ਬੰਦੀ ਛੋੜ ਦਿਵਸ

ਦੀਆਂ

ਹਾਰਦਿਕ ਵਧਾਈਆਂ

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਬੰਦੀ ਛੋੜ ਦਿਵਸ ੨੭ ਕੱਤਕ, ਸੰਮਤ ਨਾਨਕਸ਼ਾਹੀ ੫੫੫ (12 ਨਵੰਬਰ 2023) ਨੂੰ ਮਨਾਇਆ ਜਾ ਰਿਹਾ ਹੈ।

ਸਮਾਗਮਾਂ ਦਾ ਵੇਰਵਾ

- ਗੁਰਮਤਿ ਸਮਾਗਮ: 11, 12 ਤੇ 13 ਨਵੰਬਰ 2023 ਨੂੰ ਦੀਵਾਨ ਹਾਲ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਧਾਰਮਿਕ ਦੀਵਾਨ ਸਜਣਗੇ, ਜਿਸ ਵਿਚ ਢਾਡੀ, ਕਵੀਸ਼ਰ ਜਥੇ ਤੇ ਪ੍ਰਚਾਰਕ ਸੰਗਤਾਂ ਨੂੰ ਗੁਰ-ਇਤਿਹਾਸ ਸਰਵਣ ਕਰਵਾਉਣਗੇ।
- ਅੰਮ੍ਰਿਤ ਸੰਚਾਰ: 12 ਨਵੰਬਰ 2023 ਨੂੰ ਦੁਪਹਿਰ 12:00 ਵਜੇ ਸ੍ਰੀ ਅਕਾਲ ਤਖ਼ਤ ਸਾਹਿਬ ਵਿਖੇ ਅੰਮ੍ਰਿਤ ਸੰਚਾਰ ਹੋਵੇਗਾ।
- ਦੀਪਮਾਲਾ ਤੇ ਆਤਿਸ਼ਬਾਜ਼ੀ: 12 ਨਵੰਬਰ 2023 ਨੂੰ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੀਪਮਾਲਾ ਹੋਵੇਗੀ ਅਤੇ ਰਹਰਾਸਿ ਸਾਹਿਬ ਦੇ ਪਾਠ ਉਪਰੰਤ ਆਤਿਸ਼ਬਾਜ਼ੀ ਚਲਾਈ ਜਾਵੇਗੀ।

ਬੰਦੀ ਛੋੜ ਦਿਵਸ ਵਾਲੇ ਦਿਨ 12 ਨਵੰਬਰ 2023 ਨੂੰ ਸ਼ਾਮ ਦੇ 5:00 ਵਜੇ ਦਰਸ਼ਨੀ ਡਿਉਢੀ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਤੋਂ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਸਿੱਖ ਕੌਮ ਦੇ ਨਾਮ ਸੰਦੇਸ਼ ਦੇਣਗੇ।

ਸਮੂਹ ਸੰਗਤਾਂ ਨੂੰ ਸਮਾਗਮਾਂ ਵਿਚ ਸ਼ਾਮਲ ਹੋਣ ਲਈ ਹਾਰਦਿਕ ਸੱਦਾ ਹੈ।

ਗੁਰੂ ਪੰਥ ਦਾ ਦਾਸ,

ਐਡਵੋਕੇਟ ਹਰਜਿੰਦਰ ਸਿੰਘ ਧਾਮੀ

ਪ੍ਰਧਾਨ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ੍ਰੀ ਅੰਮ੍ਰਿਤਸਰ।

ਜਾਰੀ ਕਰਤਾ:- ਮੈਨੇਜਰ, ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ।

# ਮਿੱਡ-ਡੇ-ਮੀਲ ਕੁੱਕ ਯੂਨੀਅਨ ਦੇ ਸੰਘਰਸ਼ ਅੱਗੇ ਝੁਕੀ ਸਰਕਾਰ

## ■ ਟੇਬਲ-ਟਾਕ ਲਈ ਹੋਈ ਤਿਆਰ : ਚਿੰਡਾਲੀਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮਿੱਡ-ਡੇ-ਮੀਲ ਭਾਰਤੀਯ ਮਜ਼ਦੂਰ ਸੰਘ ਨਾਲ ਸਬੰਧਤ ਮਿੱਡ-ਡੇ-ਮੀਲ ਕੁੱਕ ਯੂਨੀਅਨ ਦੇ ਸੂਬਾ ਪ੍ਰਧਾਨ ਕਰਮਚੰਦ ਚਿਡਾਲੀਆ ਨੇ ਇੱਕ ਪ੍ਰੈੱਸ ਨੋਟ ਜਾਰੀ ਕਰਦੇ ਹੋਏ ਦੱਸਿਆ ਕਿ ਇਕੱਠ ਕਰਕੇ ਰੈਲੀ ਪੰਜਾਬ ਦੇ ਮਿੱਡ-ਡੇ-ਮੀਲ ਕੁੱਕਾਂ ਦੇ ਸਿਰਫ ਆਗੂਆਂ ਵੱਲੋਂ ਹੀ ਡਾਇਰੈਕਟਰ ਜਨਰਲ ਸਕੂਲ ਸਿੱਖਿਆ ਵਿਭਾਗ ਡੀਪੀਆਈ ਸਕੈਂਡਰੀ, ਡੀਪੀਆਈ ਐਲੀਮੈਂਟਰੀ ਮਿੱਡ-ਡੇ-ਮੀਲ ਸੁਸਾਇਟੀਆਂ ਦੇ ਅਧਿਕਾਰੀ ਤੇ ਡੀਜੀਐੱਸਸੀ ਦਾ ਅੱਜ ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ ਦਫ਼ਤਰਾਂ ਦੇ ਸਾਹਮਣੇ, ਮੇਨ ਗੇਟਾਂ ਅੱਗੇ ਖੜ ਕੇ ਜੰਮ ਕੇ ਨਾਅਰੇਬਾਜ਼ੀ ਕੀਤੀ ਅਤੇ ਇਨ੍ਹਾਂ ਅਧਿਕਾਰੀਆਂ ਦਾ ਘੇਰਾਓ ਕੀਤਾ।ਇਨ੍ਹਾਂ ਵੱਲੋਂ ਜਿੰਨੀ ਦੇਰ ਤੱਕ ਮੰਗਾਂ ਦਾ ਨਿਪਟਾਰਾ ਨਹੀਂ ਹੁੰਦਾ, ਉਦੋਂ ਤੱਕ ਅੰਦਰ ਜਾਣ ਤੋਂ ਰੋਕਿਆ ਗਿਆ।ਚਿੰਡਾਲੀਆ ਨੇ ਦੱਸਿਆ ਕਿ ਮਿੱਡ-ਡੇ-ਮੀਲ ਕੁੱਕਾਂ ਦੀਆਂ ਮੰਗਾਂ ਨੂੰ ਲੈ ਕੇ ਬੀ ਐੱਮ ਐੱਸ ਦੇ ਉੱਘੇ ਮਜ਼ਦੂਰ ਆਗੂ ਵਿਜੇ ਧੀਰ ਐਡਵੋਕੇਟ ਦੇ ਮਾਰਗ ਦਰਸ਼ਨ ਕਰਦੇ ਹੋਏ ਉਨ੍ਹਾਂ ਦੀ ਅਗਵਾਈ ਹੇਠ ਬੀਤੇ ਦਿਨਾਂ ਤੋਂ ਲਗਾਤਾਰ ਸੰਘਰਸ਼ ਕਰਦੇ ਆ ਰਹੇ ਹਨ ਅਤੇ ਟੇਬਲ ਟਾਕ ਮੀਟਿੰਗਾਂ ਵੀ ਕੀਤੀਆਂ ਸਰਕਾਰ ਵਾਅਦੇ ਕਰਕੇ ਮੁੱਕਰਦੀ ਰਹੀ।ਇਸ ਯੂਨੀਅਨ ਦੇ ਸੰਘਰਸ਼, ਰੈਲੀਆਂ ਸਦਕਾ ਪੰਜਾਬ ਸਰਕਾਰ ਇਨ੍ਹਾਂ ਮਜ਼ਦੂਰਾਂ ਮਿੱਡ-ਡੇ-ਮੀਲ ਕੁੱਕਾਂ ਦੀ ਏਕਤਾ ਮੂਹਰੇ ਝੁਕੀ ਤੇ ਮਿੱਡ-ਡੇ-ਮੀਲ ਦੇ ਸੀਨੀਅਰ ਬੀਐੱਮਐੱਸ ਦੇ ਆਗੂਆਂ ਨੇ ਕੁੱਕਾਂ ਦੀਆਂ ਮੰਗਾਂ ਨੂੰ ਪ੍ਰਧਾਨ ਕਰਮਚੰਦ ਚਿਡਾਲੀਆ ਦੀ ਅਗਵਾਈ ਵਿੱਚ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ, ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨਾਲ ਟੇਬਲ ਟਾਕ ਮੀਟਿੰਗ ਕਰਨ ਦਾ ਸਮਾਂ 1 ਦਸੰਬਰ 2023 ਸਮਾਂ 11 ਵਜੇ ਪੰਜਾਬ ਭਵਨ, ਚੰਡੀਗੜ੍ਹ ਵਿੱਚ ਦਿੱਤਾ ਗਿਆ। ਕਰਮਚੰਦ ਚਿਡਾਲੀਆ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਸੈਕਟਰੀ ਸਿੱਖਿਆ ਵਿਭਾਗ ਡੀਪੀਆਈ ਐਲੀਮੈਂਟਰੀ ਸਤਨਾਮ ਸਿੰਘ ਤੇ ਮਿੱਡ-ਡੇ-ਮੀਲ ਸੁਸਾਇਟੀ ਦੇ ਜਰਨਲ ਮੈਨੇਜਰ ਰਵਿੰਦਰ ਸਿੰਘ ਬਰਾੜ ਵੀ ਸ਼ਾਮਲ ਹੋਣਗੇ।ਇਸ ਮੌਕੇ ਗੇਟ ਦੇ ਬਾਹਰ ਆ ਕੇ ਸਤਨਾਮ ਸਿੰਘ ਡੀਪੀਆਈ ਐਲੀਮੈਂਟਰੀ ਤੇ ਰਵਿੰਦਰ ਸਿੰਘ ਬਰਾੜ ਦੋਵਾਂ ਅਫ਼ਸਰਾਂ ਨੇ ਇਨ੍ਹਾਂ ਕੁੱਕਾਂ ਦੀਆਂ ਮੰਗਾਂ ਸਬੰਧੀ ਇੱਕ ਮੰਗ ਪੱਤਰ ਪ੍ਰਾਪਤ ਕੀਤਾ।ਮੌਕੇ 'ਤੇ ਮਿੱਡ-ਡੇ-ਮੀਲ ਕੁੱਕ ਯੂਨੀਅਨ ਦੇ ਪੰਜਾਬ ਦੇ ਆਗੂ ਜ਼ਿਲ੍ਹਿਆਂ ਦੇ ਆਗੂ ਤੇ ਬਲਾਕਾਂ ਦੇ ਆਗੂਆਂ ਨੇ ਵੀ ਭਾਰੀ ਗਿਣਤੀ ਵਿੱਚ ਭਾਗ ਲਿਆ।

# ਪੈਨਸ਼ਨਰ ਐਸੋਸੀਏਸ਼ਨ ਵੱਲੋਂ ਮੰਗਾਂ ਨੂੰ ਲੈ ਕੇ ਰੋਸ ਰੈਲੀ

**ਧੂਰੀ (ਰਾਜੇਸ਼ਵਰ ਪਿੰਟੂ, ਬਿੰਨੀ ਗਰਗ)**-ਪੈਨਸ਼ਨਰ ਐਸੋਸੀਏਸ਼ਨ ਵੰਡ ਮੰਡਲ ਧੂਰੀ ਦੀ ਸੁਖਦੇਵ ਸਿੰਘ ਮੰਡਲ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਮੰਡਲ ਦਫ਼ਤਰ ਦੀ ਮੀਟਿੰਗ ਦੌਰਾਨ ਬਣੀਆਂ ਸਹਿਮਤੀਆਂ 'ਤੇ ਅਮਲ ਨਾ ਹੋਣ ਦੇ ਰੋਸ ਪ੍ਰਗਟ ਕੀਤਾ ਗਿਆ। ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ 200 ਰੁਪੈ ਡਿਵੈਲਪਮੈਂਟ ਟੈਕਸ ਦੀ ਕਟੌਤੀ ਬੰਦ ਕਰਨਾ, ਪੈਨਸ਼ਨਰਾਂ ਦਾ ਰੋਲ ਦੀ ਕਾਪੀ ਦੇਣਾ, ਜੋ ਕਿ ਪਿਛਲੇ 10/12 ਸਾਲਾਂ ਤੋਂ ਜਥੇਬੰਦੀ ਨੂੰ ਪੈਨਸ਼ਨਰਾਂ ਨੂੰ ਸਹੂਲਤ ਬਾਰੇ ਜਥੇਬੰਦੀ ਨੂੰ ਦਿੱਤਾ ਜਾ ਰਿਹਾ ਸੀ, ਪਰ ਹੁਣ ਅਚਨਚੇਤ ਬੰਦ ਕਰ ਦਿੱਤਾ ਗਿਆ ਹੈ। ਇਸ ਕਰਕੇ ਪਿਛਲੇ ਦੋ ਮਹੀਨਿਆਂ ਤੋਂ ਪੈਨਸ਼ਨਰਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ 01.01.2006 ਤੋਂ ਪਹਿਲਾਂ ਰਿਟਾਇਰ ਹੋਏ ਪੈਨਸ਼ਨਰਾਂ ਨੂੰ ਵਿੱਤ ਸਰਕੂਲਰ ਨੰਬਰ 15/2009 ਮੁਤਾਬਿਕ ਸੋਧਿਆ ਵਿੱਤ ਸਰਕੂਲਰ ਨੰਬਰ 23/2019 ਮੁਤਾਬਿਕ ਰਹਿੰਦੇ ਪੈਨਸ਼ਨਰਾਂ ਨੂੰ 01.12.2011 ਤੋਂ ਦੇਣ ਬਾਰੇ ਤੇ ਫੈਮਿਲੀ ਪੈਨਸ਼ਨਰਾਂ ਦਾ ਐੱਚ ਆਰ ਡਾਟਾ ਪੂਰਾ ਨਾ ਹੋਣ ਕਰਨ ਉਨ੍ਹਾਂ ਨੂੰ ਐੱਲ.ਟੀ.ਸੀ. ਅਤੇ ਓਲਡ ਏਜ ਅਲਾਊਂਸ ਨਹੀਂ ਲੱਗਦਾ, ਤੁਰੰਤ ਲਗਾਉਣ ਦੀ ਮੰਗ ਕੀਤੀ ਗਈ। ਸੀਨੀਅਰ ਸਿਟੀਜਨ ਪੈਨਸ਼ਨਰ ਨੂੰ ਦਫ਼ਤਰ ਵਿੱਚ ਆਉਣ 'ਤੇ ਬਣਦਾ ਮਾਣ ਸਨਮਾਨ ਨਾ ਦੇਣ ਦਾ ਮੁੱਦਾ ਵੀ ਵਿਚਾਰਿਆ ਗਿਆ। ਇਹਨਾਂ ਸਾਰੀਆਂ ਮੰਗਾਂ ਦੀ ਪੂਰਤੀ ਨਾ ਹੋਣ ਕਰਕੇ ਸੀਨੀਅਰ ਕਾਰਜਕਾਰੀ ਇੰਜੀਨੀਅਰ ਮੰਡਲ ਧੂਰੀ ਵੱਲੋਂ ਮੰਡਲ ਕਮੇਟੀ ਧੂਰੀ ਨੂੰ ਕਈ ਵਾਰ ਮਿਲਣ ਉਪਰੰਤ ਭਰੋਸਾ ਦਿੱਤਾ ਸੀ, ਪਰ ਇਸ ਭਰੋਸੇ ਨੂੰ ਪੂਰਾ ਨਹੀਂ ਕੀਤਾ ਗਿਆ, ਇਸ ਕਰਕੇ ਜਥੇਬੰਦੀ ਨੂੰ ਮਜਬੂਰਨ ਰੋਸ ਪ੍ਰਗਟ ਕਰਨ ਪਿਆ। ਰੋਸ ਰੈਲੀ ਨੂੰ ਅਮਰਜੀਤ ਸਿੰਘ ਅਮਨ, ਇੰਦਰਜੀਤ ਸਿੰਘ, ਜੋਗਿੰਦਰ ਸਿੰਘ ਹਰਚੰਦਪੁਰੀ, ਬਲਦੇਵ ਸਿੰਘ ਮੀਮਸਾ, ਸੰਤੋਖ ਸਿੰਘ, ਜਸਪਾਲ ਸਿੰਘ ਖੁਰਮੀ, ਬਲਵਿੰਦਰ ਸਿੰਘ ਚਾਂਗਲੀ, ਭੂਪ ਸਿੰਘ, ਦਲਜੀਤ ਸਿੰਘ, ਸੁਰਿੰਦਰ ਸ਼ਰਮਾ, ਕੇਹਰ ਸਿੰਘ ਤੇ ਸਰਕਲ ਬਰਨਾਲਾ ਦੇ ਪ੍ਰਧਾਨ ਪਿਆਰਾ ਲਾਲ, ਮੁਖਤਿਆਰ ਸਿੰਘ, ਬਲਵੰਤ ਸਿੰਘ, ਗੇਜਾ ਸਿੰਘ, ਅਵਿਨਾਸ਼ ਚੰਦਰ ਸ਼ਰਮਾ ਸੂਬਾ ਪ੍ਰਧਾਨ ਪੈਨਸ਼ਨਰ ਐਸੋਸੀਏਸ਼ਨ ਪੰਜਾਬ ਨੇ ਵੀ ਸੰਬੋਧਨ ਕੀਤਾ।

# ਨਸ਼ਾ ਤਸਕਰਾਂ ਦੇ ਘਰ ਬਾਹਰ ਪੋਸਟਰ ਚਿਪਕਾਏ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਗੌਰਵ ਯਾਦਵ ਡਾਇਰੈਕਟਰ ਜਨਰਲ ਪੁਲਸ, ਪੰਜਾਬ ਚੰਡੀਗੜ੍ਹ, ਡਿਪਟੀ ਇੰਸਪੈਕਟਰ ਜਨਰਲ, ਫਿਰੋਜ਼ਪੁਰ ਰੇਂਜ ਦੇ ਦਿਸ਼ਾ ਨਿਰਦੇਸ਼ਾਂ ਤੇ ਮਨਜੀਤ ਸਿੰਘ ਢੇਸੀ ਸੀਨੀਅਰ ਕਪਤਾਨ ਪੁਲਸ ਫਾਜ਼ਿਲਕਾ ਦੀ ਅਗਵਾਈ ਅਤੇ ਮਨਜੀਤ ਸਿੰਘ ਕਪਤਾਨ ਪੁਲਿਸ (ਇੰਨਵੈ) ਫਾਜ਼ਿਲਕਾ ਦੀ ਨਿਗਰਾਨੀ ਹੇਠ ਨਸ਼ਿਆਂ ਖਿਲਾਫ ਵਿੱਢੀ ਗਈ ਮੁਹਿੰਮ ਤਹਿਤ ਨਸ਼ਾ ਸਮੱਗਲਰਾਂ ਖਿਲਾਫ ਕਾਰਵਾਈ ਕਰਦੇ ਹੋਏ ਅਤੁਲ ਸੋਨੀ ਉਪ ਕਪਤਾਨ ਪੁਲਸ ਪੀ.ਬੀ.ਆਈ ਫਾਜ਼ਿਲਕਾ ਅਤੇ ਇੰਸਪੈਕਟਰ ਚੰਦਰ ਸ਼ੇਖਰ ਮੁੱਖ ਅਫਸਰ ਥਾਣਾ ਵੈਰੋਕਾ ਵੱਲੋਂ ਮੁਕੱਦਮਾ ਨੰਬਰ 52 ਮਿਤੀ 20-03-2018 ਜੁਰਮ 15/61/85 ਐਨ ਡੀ ਪੀ ਐਸ ਐਕਟ ਥਾਣਾ ਸਦਰ ਜਲਾਲਾਬਾਦ ਵਿੱਚ ਛਿੰਦੋ ਬਾਈ ਪਤਨੀ ਜਸਪਾਲ ਸਿੰਘ ਵਾਸੀ ਪਿੰਡ ਕਾਨਗੜ੍ਹ ਥਾਣਾ ਵੈਰੋਕਾ, ਜ਼ਿਲ੍ਹਾ ਫਾਜ਼ਿਲਕਾ ਦੀ ਕਰੀਬ 23,80,000 ਰੁਪਏ ਦੀ ਪ੍ਰਾਪਰਟੀ ਜਿਸ ਵਿੱਚ ਉਸ ਦਾ ਘਰ, ਦੁਕਾਨ ਅਤੇ ਇੱਕ ਮੋਟਰਸਾਈਕਲ ਸ਼ਾਮਲ ਹੈ, ਨੂੰ ਅਟੈਚ ਕਰਨ ਸਬੰਧੀ ਉਸਦੇ ਘਰ ਦੇ ਬਾਹਰ ਪੋਸਟਰ ਚਿਪਕਾਏ ਗਏ। ਅਤੁਲ ਸੋਨੀ ਡੀ ਐੱਸ ਪੀ ਨੇ ਦੱਸਿਆ ਕਿ ਦੋਸ਼ਣ ਛਿੰਦੋ ਬਾਈ ਪਾਸੋਂ ਪੋਸਤ ਬਰਾਮਦ ਹੋਣ 'ਤੇ ਮੁਕੱਦਮਾ ਦਰਜ ਕੀਤਾ ਗਿਆ ਸੀ, ਜਿਸ ਵਿੱਚ ਉਸ ਨੂੰ ਅਦਾਲਤ ਵੱਲੋਂ ਸਜ਼ਾ ਵੀ ਹੋ ਚੁੱਕੀ ਹੈ। ਇਸ ਦੀ ਪ੍ਰਾਪਰਟੀ ਬਾਰੇ ਪੜਤਾਲ ਕਰਨ 'ਤੇ ਪਤਾ ਚੱਲਿਆ ਹੈ ਕਿ ਇਸ ਨੇ ਆਪਣੀ ਉਪਰੋਕਤ ਪ੍ਰਾਪਰਟੀ ਗੈਰ-ਕਾਨੂੰਨੀ ਢੰਗ ਨਾਲ ਬਣਾਈ ਹੈ, ਜੋ ਇਹ ਹੁਣ ਇਸ ਨੂੰ ਵੇਚ ਨਹੀਂ ਸਕੇਗੀ ਅਤੇ ਨਾ ਹੀ ਇਸ ਮਕਾਨ ਵਿੱਚ ਕੋਈ ਨਵੀਂ ਉਸਾਰੀ ਕਰ ਸਕਦੀ ਹੈ।

# ਅਵਤਾਰ ਸਿੰਘ ਸਹਿਕਾਰੀ ਖੇਤੀਬਾੜੀ ਸਭਾ ਦੇ ਪ੍ਰਧਾਨ ਬਣੇ



**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)**-ਦੀ ਲਹਿਰਾ ਮੁਹੱਬਤ ਬਹੁ-ਮੰਤਵੀ ਖੇਤੀਬਾੜੀ ਸਹਿਕਾਰੀ ਸਭਾ ਲਿਮ: ਦੀ ਪਹਿਲਾਂ ਤੋਂ ਸਰਬਸੰਮਤੀ ਨਾਲ ਚੁਣੀ ਗਈ ਦਸ ਮੈਂਬਰੀ ਕਮੇਟੀ 'ਚੋਂ ਅੱਜ ਪ੍ਰਧਾਨ ਦੀ ਚੋਣ ਸਮੇਂ ਸਹਿਮਤੀ ਨਾ ਬਣਨ 'ਤੇ ਇੰਸਪੈਕਟਰ ਰੋਹਿਤ ਗੋਇਲ, ਸੈਕਟਰੀ ਸੁਖਮੰਦਰ ਸਿੰਘ ਤੇ ਸਹਾਇਕ ਸੈਂਬਰ ਸਿੰਘ ਦੀ ਮੌਜੂਦਗੀ ਦੌਰਾਨ ਵੋਟਿੰਗ ਦੁਆਰਾ ਕੀਤੀ ਗਈ। ਇਸ ਦੌਰਾਨ ਪ੍ਰਧਾਨਗੀ ਲਈ ਖੜੇ ਅਵਤਾਰ ਸਿੰਘ ਤੇ ਰਣਜੀਤ ਸਿੰਘ 'ਚੋਂ ਪ੍ਰਧਾਨ ਚੁਣੇ ਗਏ ਅਵਤਾਰ ਸਿੰਘ ਨੂੰ 7, ਜਦਕਿ ਰਣਜੀਤ ਸਿੰਘ ਨੂੰ 3 ਵੋਟਾਂ ਮਿਲੀਆਂ। ਇਸ ਤੋਂ ਇਲਾਵਾ ਜਗਸੀਰ ਸਿੰਘ ਨੂੰ ਮੀਤ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਮਨਸਾ ਸਿੰਘ, ਸਮਸ਼ੇਰ ਸਿੰਘ, ਗੁਰਸੇਵਕ ਸਿੰਘ, ਗੁਰਮੰਤਰ ਸਿੰਘ, ਚਰਨਜੀਤ ਕੌਰ, ਮਨਦੀਪ ਕੌਰ, ਰਣਜੀਤ ਸਿੰਘ ਤੇ ਬਲਵਿੰਦਰ ਸਿੰਘ (ਸਾਰੇ ਕਮੇਟੀ ਮੈਂਬਰਜ਼), ਆਮ ਆਦਮੀ ਪਾਰਟੀ ਦੇ ਪਿੰਡ ਇਕਾਈ ਪ੍ਰਧਾਨ ਗੁਰਪ੍ਰੀਤ ਸਿੰਘ ਤੇ ਮੀਤ ਪ੍ਰਧਾਨ ਚਰਨਜੀਤ ਸਿੰਘ ਤੋਂ ਇਲਾਵਾ ਲਛਮਣ ਸਿੰਘ, ਮੇਜਰ ਸਿੰਘ ਤੇ ਗੋਰਾ ਸਿੰਘ ਥਾਂਦੇ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਪ੍ਰਧਾਨ ਅਵਤਾਰ ਸਿੰਘ ਤੇ ਮੀਤ ਪ੍ਰਧਾਨ ਜਗਸੀਰ ਸਿੰਘ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੌਂਪੀ ਜ਼ਿੰਮੇਵਾਰੀ ਨੂੰ ਤਨਦੇਹੀ ਤੇ ਲਗਨ ਨਾਲ ਨਿਭਾਉਣਗੇ।

# ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਸੰਬਧੀ ਕੀਤਾ ਜਾਗਰੂਕ



**ਗੁਰੂ ਹਰਸਹਾਏ (ਫ਼ਕੀਰ ਚੰਦ ਸਿਕਰੀ)**-ਸਾਂਝ ਕੇਂਦਰ ਸਬ ਡਵੀਜ਼ਨ ਗੁਰੂ ਹਰਸਹਾਏ ਤੇ ਥਾਣਾ ਸਾਂਝ ਕੇਂਦਰ ਗੁਰੂ ਹਰਸਹਾਏ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਵਿਖੇ ਇੱਕ ਸੈਮੀਨਾਰ ਲਗਾਇਆ ਗਿਆ। ਇਸ ਮੌਕੇ ਸਬ ਡਵੀਜ਼ਨ ਸਾਂਝ ਕੇਂਦਰ ਤੋਂ ਪਹੁੰਚੇ ਨਵਤੇਜ ਸਿੰਘ, ਬਲਵਿੰਦਰ ਸਿੰਘ, ਗੁਰਦਿਆਲ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਨਸ਼ੇ ਦੇ ਮਾੜੇ ਪ੍ਰਭਾਵਾਂ ਬਾਰੇ ਅਤੇ ਵਿਦਿਆਰਥੀਆਂ ਨੂੰ ਚੰਗੀ ਜੀਵਨ ਸ਼ੈਲੀ ਅਪਣਾਉਣ ਬਾਰੇ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਵਿਦਿਆਰਥੀਆਂ ਨੂੰ ਦੱਸਿਆ ਕਿ ਨਸ਼ਾ ਸਾਡੇ ਸਰੀਰ ਨੂੰ ਬਰਬਾਦ ਕਰਕੇ ਰੱਖ ਦਿੰਦਾ ਹੈ, ਸਾਨੂੰ ਨਸ਼ਿਆਂ ਤੋਂ ਦੂਰ ਰਹਿ ਕੇ ਵੱਧ ਤੋਂ ਵੱਧ ਖੇਡਾਂ ਵੱਲ ਧਿਆਨ ਦੇਣਾ ਚਾਹੀਦਾ ਹੈ।

# ਜੀ ਬੀ ਇੰਟਰਨੈਸ਼ਨਲ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਮਨਾਇਆ



**ਨਾਭਾ (ਵਰਿੰਦਰ ਵਰਮਾ)**-ਜੀ ਬੀ ਇੰਟਰਨੈਸ਼ਨਲ ਸਕੂਲ ਦੇ ਚੇਅਰਮੈਨ ਸੰਦੀਪ ਬਾਂਸਲ ਤੇ ਡਾਇਰੈਕਟਰ ਅੰਸ਼ੂ ਬਾਂਸਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਕੂਲ ਵਿਖੇ ਦੀਵਾਲੀ ਦਾ ਤਿਉਹਾਰ ਬੜੀ ਧੂਮਧਾਮ ਨਾਲ ਮਨਾਇਆ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਭਗਵਾਨ ਰਾਮ ਤੇ ਮਾਂ ਸਰਸਵਤੀ ਦੇ ਭਜਨਾਂ ਦੇ ਗਾਇਨ ਨਾਲ ਹੋਈ। ਵਿਦਿਆਰਥੀਆਂ ਵੱਲੋਂ ਸੰਗੀਤ, ਨਾਟਕ, ਭਾਸ਼ਣ, ਡਾਂਸ ਆਦਿ ਵੱਖ-ਵੱਖ ਸੱਭਿਆਚਾਰਕ ਪ੍ਰੋਗਰਾਮਾਂ ਦੀਆਂ ਦਿਲ ਨੂੰ ਛੂਹ ਲੈਣ ਵਾਲੀਆਂ ਪੇਸ਼ਕਾਰੀਆਂ ਨਾਲ ਸਾਰਿਆਂ ਦਾ ਮਨ ਮੋਹ ਲਿਆ। ਇਸ ਮੌਕੇ ਜਿੱਥੇ ਇੱਕ ਪਾਸੇ ਵਿਦਿਆਰਥੀਆਂ ਨੇ 'ਦੀਆ ਪੇਂਟਿੰਗ, ਬੈਸਟ ਆਊਟ ਆਫ ਵੇਸਟ' ਦੀ ਮਦਦ ਨਾਲ ਦੀਵਾਲੀ ਨਾਲ ਸਬੰਧਤ ਆਕਰਸ਼ਕ ਚੀਜ਼ਾਂ ਬਣਾਈਆਂ, ਉੱਥੇ ਹੀ ਦੂਜੇ ਪਾਸੇ ਕੁਝ ਵਿਦਿਆਰਥੀਆਂ ਨੇ ਆਪਣੇ ਕਲਾਸ-ਰੂਮਾਂ ਨੂੰ ਬਹੁਤ ਹੀ ਸੁੰਦਰ ਢੰਗ ਨਾਲ ਸਜਾਇਆ। ਇਸ ਮੌਕੇ 9ਵੀਂ ਤੇ 10ਵੀਂ ਜਮਾਤ ਦੇ ਵਿਦਿਆਰਥੀਆਂ ਨੇ ਸੁੰਦਰ ਰੰਗੋਲੀਆਂ ਬਣਾ ਕੇ ਸਕੂਲ ਦੀ ਸੁੰਦਰਤਾ ਵਿੱਚ ਹੋਰ ਵਾਧਾ ਕੀਤਾ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਪ੍ਰਿੰਸੀਪਲ ਪੂਨਮ ਰਾਣੀ ਨੇ ਸਾਰੇ ਵਿਦਿਆਰਥੀਆਂ ਨੂੰ ਦੀਵਾਲੀ ਦੀ ਸਾਰਥਕਤਾ ਬਾਰੇ ਵਿਸਥਾਰ ਨਾਲ ਦੱਸਿਆ ਤੇ ਕਿਹਾ ਕਿ ਕਿਵੇਂ ਉਤਸ਼ਾਹ, ਖੁਸ਼ੀ ਤੇ ਆਸ ਦੁਆਰਾ ਅੱਜ ਵੀ ਸਫਲਤਾ ਦੇ ਰਾਹ ਨੂੰ ਪ੍ਰਾਪਤ ਕੀਤਾ ਜਾ ਸਕਦਾ ਹੈ। ਸਕੂਲ ਦੇ ਵਾਈਸ ਪ੍ਰਿੰਸੀਪਲ ਦਿਵਿਆ ਸ਼ਰਮਾ ਨੇ ਵਿਦਿਆਰਥੀਆਂ ਨੂੰ ਪ੍ਰਦੂਸ਼ਣ ਰਹਿਤ ਦੀਵਾਲੀ ਮਨਾਉਣ ਦਾ ਸੰਦੇਸ਼ ਦਿੰਦੇ ਹੋਏ ਦੀਵਾਲੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਕਾਤਰਾਂ

### ਅਮਲਾ ਸਿੰਘ ਵਾਲਾ ਵਿਖੇ ਔਰਤ ਜਾਗਰੂਕਤਾ ਕੈਂਪ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸਖੀ: ਵਨ ਸਟਾਪ ਸੈਂਟਰ ਬਰਨਾਲਾ ਵੱਲੋਂ ਪਿੰਡ ਅਮਲਾ ਸਿੰਘ ਵਾਲਾ ਦੇ ਸਰਕਾਰੀ ਪ੍ਰਾਇਮਰੀ ਸਕੂਲ ਵਿਖੇ ਔਰਤ ਜਾਗਰੂਕਤਾ ਕੈਂਪ ਲਗਾਇਆ ਗਿਆ। ਇਸ ਸਮੇਂ ਜਯੋਤੀ ਵੰਸ਼ (ਸੈਂਟਰ ਪ੍ਰਬੰਧਕ) ਦੀ ਅਗਵਾਈ ਹੇਠ ਜਸਬੀਰ ਕੌਰ (ਕੇਸ ਵਰਕਰ) ਤੇ ਨੀਲਮ ਰਾਣੀ (ਆਈ.ਟੀ. ਸਟਾਫ) ਵੱਲੋਂ ਸੈਂਟਰ ਦੁਆਰਾ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਕੋਈ ਵੀ ਔਰਤ, ਜੋ ਕਿਸੇ ਵੀ ਪ੍ਰਕਾਰ ਦੀ ਹਿੰਸਾ ਦੀ ਸ਼ਿਕਾਰ ਹੋਵੇ, ਉਹ ਸੈਂਟਰ ਵਿਖੇ ਪਹੁੰਚ ਕਰ ਸਕਦੀ ਹੈ, ਜਿੱਥੇ ਉਸ ਨੂੰ ਇੱਕ ਹੀ ਛੱਤ ਹੇਠ ਪੁਲਸ ਸਹਾਇਤਾ, ਡਾਕਟਰੀ ਸਹਾਇਤਾ, ਕਾਨੂੰਨੀ ਸਹਾਇਤਾ, ਕਾਊਂਸਲਿੰਗ ਤੇ ਸ਼ੈਲਟਰ ਦੀਆਂ ਸੁਵਿਧਾਵਾਂ ਦਿੱਤੀਆਂ ਜਾਂਦੀਆਂ ਹਨ। ਕੋਈ ਵੀ ਪੀੜਤ ਔਰਤ ਦਫਤਰ ਦੇ ਸੰਪਰਕ ਨੰਬਰ ਤੇ ਵੋਮੈਨ ਹੈਲਪ ਲਾਈਨ ਨੰ. 181, 112 ਤੇ ਆਪਣੀ ਸ਼ਿਕਾਇਤ ਦਰਜ ਕਰਵਾ ਸਕਦੀ ਹੈ।

### ਸਲੱਮ ਫਾਊਂਡੇਸ਼ਨ ਇੰਡੀਆ ਦੀ ਟੀਮ ਵੱਲੋਂ ਡੀ ਸੀ ਨੂੰ ਮੰਗ ਪੱਤਰ

**ਬੁਢਲਾਡਾ (ਅਸ਼ੋਕ ਲਾਕੜਾ)**-ਸਲੱਮ ਫਾਊਂਡੇਸ਼ਨ ਇੰਡੀਆ ਜ਼ਿਲ੍ਹਾ ਮਾਨਸਾ ਦੀ ਸਮੂਹ ਟੀਮ ਵੱਲੋਂ ਆਰ. ਕੇ. ਅਟਵਾਲ ਨੈਸ਼ਨਲ ਜਨਰਲ ਸੈਕਟਰੀ ਮੈਡਮ ਰੁਪਿੰਦਰ ਬਾਵਾ ਪੰਜਾਬ ਪ੍ਰਧਾਨ ਸਲੱਮ ਫਾਊਂਡੇਸ਼ਨ ਪੰਜਾਬ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਮਾਨਸਾ ਦੇ ਜ਼ਿਲ੍ਹਾ ਪ੍ਰਧਾਨ ਮੈਡਮ ਮੰਜੂ ਜਿੰਦਲ ਤੇ ਉਨ੍ਹਾਂ ਦੀ ਪੂਰੀ ਟੀਮ, ਪ੍ਰੀਤ ਸ਼ਰਮਾ ਜ਼ਿਲ੍ਹਾ ਯੂਥ ਪ੍ਰਧਾਨ, ਬਿੰਦੂ ਸ਼ਰਮਾ ਮੀਤ ਪ੍ਰਧਾਨ ਬੁਢਲਾਡਾ, ਮੈਡਮ ਪਰਮਜੀਤ ਕੌਰ ਸ਼ਹਿਰੀ ਪ੍ਰਧਾਨ ਬੁਢਲਾਡਾ, ਇਕਬਾਲ ਸ਼ਹਿਰੀ ਪ੍ਰਧਾਨ ਮਾਨਸਾ, ਰਾਜਵਿੰਦਰ ਕੌਰ ਸ਼ਹਿਰੀ ਪ੍ਰਧਾਨ, ਆਰਤੀ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ, ਕੰਚਨ ਮੈਦਾਨ ਜ਼ਿਲ੍ਹਾ ਜਨਰਲ ਸਕੱਤਰ ਵੱਲੋਂ ਤਿਉਹਾਰਾਂ ਨੂੰ ਦੇਖਦੇ ਹੋਏ ਖਾਣ-ਪੀਣ ਦੀਆਂ ਚੀਜ਼ਾਂ ਵਿੱਚ ਹੋ ਰਹੀ ਮਿਲਾਵਟ ਦੀ ਰੋਕਥਾਮ ਕਰਨ 'ਤੇ ਸਖਤ ਕਾਰਵਾਈ ਦੀ ਮੰਗ ਕਰਦਿਆਂ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਦਿੱਤਾ ਗਿਆ।

### ਸ਼ਹੀਦ ਛਤਰਪਤੀ ਯਾਦਗਾਰੀ ਸਮਾਰੋਹ 19 ਨੂੰ

**ਸਿਰਸਾ (ਸੁਰਿੰਦਰ ਪਾਲ ਸਿੰਘ)**-ਸਾਹਿਤਕ ਤੇ ਸਮਾਜਿਕ ਸਰੋਕਾਰਾਂ ਨੂੰ ਸਮਰਪਤ ਸੰਸਥਾ 'ਸੰਵਾਦ ਸਿਰਸਾ' ਵੱਲੋਂ 'ਦਿ ਵਾਇਰ' ਦੀ ਸੀਨੀਅਰ ਸੰਪਾਦਕ ਅਰਫਾ ਖਾਨਮ ਸ਼ੇਰਵਾਨੀ ਨੂੰ 'ਛੱਤਰਪਤੀ ਸਨਮਾਨ-2023' ਨਾਲ ਸਨਮਾਨਤ ਕੀਤਾ ਜਾਵੇਗਾ।ਸਮਾਗਮ ਦੇ ਸੰਯੋਜਕ ਮਾ: ਪਰਮਾਨੰਦ ਸ਼ਾਸਤਰੀ ਦੀ ਪ੍ਰਧਾਨਗੀ ਹੇਠ ਹੋਈ 'ਸੰਵਾਦ ਸਿਰਸਾ' ਦੀ ਮੀਟਿੰਗ ਵਿੱਚ ਇਹ ਫੈਸਲਾ ਲਿਆ ਗਿਆ ਕਿ ਅਰਫਾ ਖਾਨੁਮ ਸ਼ੇਰਵਾਨੀ ਨੂੰ ਇਹ ਸਨਮਾਨ ਸ਼ਹੀਦ ਪੱਤਰਕਾਰ ਰਾਮਚੰਦਰ ਛਤਰਪਤੀ ਦੇ ਸ਼ਹੀਦੀ ਦਿਹਾੜੇ ਮੌਕੇ 19 ਨਵੰਬਰ ਨੂੰ ਸਵੇਰੇ 10 ਵਜੇ ਪੰਚਾਇਤ ਭਵਨ ਸਿਰਸਾ ਵਿਖੇ ਕਰਵਾਏ ਜਾਣ ਵਾਲੇ 'ਛਤਰਪਤੀ ਯਾਦਗਾਰੀ ਸਮਾਗਮ' ਵਿੱਚ ਦਿੱਤਾ ਜਾਵੇਗਾ।ਇਸ ਮੌਕੇ ਪੰਜਾਬ ਤੇ ਹਰਿਆਣਾ ਬਾਰ ਕੌਂਸਲ ਦੇ ਸਾਬਕਾ ਚੇਅਰਮੈਨ ਗੁਰਿੰਦਰਪਾਲ ਸਿੰਘ ਐਡਵੋਕੇਟ 'ਭਾਰਤੀ ਨਿਆਂ ਪ੍ਰਣਾਲੀ ਅੱਗੇ ਚੁਣੌਤੀਆਂ' ਵਿਸ਼ੇ 'ਤੇ ਆਪਣੇ ਵਿਚਾਰ ਪ੍ਰਗਟ ਕਰਨਗੇ।

### ਲੋਕ ਸੇਵਾ ਸੁਸਾਇਟੀ ਦੀ ਜਨਰਲ ਹਾਊਸ ਦੀ ਮੀਟਿੰਗ

**ਜਗਰਾਓਂ (ਅਮਿਤ ਖੰਨਾ)**-ਲੋਕ ਸੇਵਾ ਸੁਸਾਇਟੀ ਜਗਰਾਓਂ ਦੀ ਜਨਰਲ ਹਾਊਸ ਦੀ ਹੋਈ ਮੀਟਿੰਗ ਵਿੱਚ ਅਹਿਮ ਫ਼ੈਸਲੇ ਲੈ ਗਏ। ਅਰੋੜਾ ਪ੍ਰਾਪਰਟੀ ਐਡਵਾਈਜ਼ਰ ਰੇਲਵੇ ਲਿੰਕ ਰੋਡ ਜਗਰਾਉਂ ਵਿਖੇ ਚੇਅਰਮੈਨ ਗੁਲਸ਼ਨ ਅਰੋੜਾ ਦੀ ਪ੍ਰਧਾਨਗੀ ਹੇਠ ਜਨਰਲ ਹਾਊਸ ਦੀ ਮੀਟਿੰਗ ਵਿੱਚ ਜਿੱਥੇ ਆਉਣ ਵਾਲੇ ਦੋ ਮਹੀਨਿਆਂ ਵਿੱਚ ਸਮਾਜ ਸੇਵਾ ਦੇ ਕੰਮਾਂ ਸਬੰਧੀ ਵਿਚਾਰਾਂ ਕੀਤੀਆਂ ਗਈਆਂ, ਉੱਥੇ ਸੁਸਾਇਟੀ ਦੇ ਪਰਿਵਾਰਕ ਮੈਂਬਰਾਂ ਦੇ ਮਨੋਰੰਜਨ ਲਈ ਪ੍ਰੋਗਰਾਮ ਕਰਵਾਉਣ ਬਾਰੇ ਕਈ ਅਹਿਮ ਫ਼ੈਸਲੇ ਰਹਿ ਗਏ। ਇਸ ਮੌਕੇ ਸੁਸਾਇਟੀ ਵੱਲੋਂ ਡੀ ਏ ਵੀ ਕਾਲਜ ਜਗਰਾਉਂ ਨੂੰ ਕੰਪਿਊਟਰ ਚੇਅਰ, ਆਰ ਕੇ ਸਕੂਲ ਜਗਰਾਉਂ ਨੂੰ ਸੈਂਟਰਲ ਟੇਬਲ, ਲਾਜਪਤ ਰਾਏ ਕੰਨਿਆ ਪਾਠਸ਼ਾਲਾ ਸਕੂਲ ਦੇ ਵਿਦਿਆਰਥੀਆਂ ਨੂੰ ਗਰਮ ਜਰਸੀਆਂ ਤੇ ਬੂਟ ਦੇਣ ਤੋਂ ਇਲਾਵਾ 26 ਨਵੰਬਰ ਨੂੰ ਅੱਖਾਂ ਦਾ ਕੈਂਪ, 10 ਦਸੰਬਰ ਨੂੰ ਦਿਲ ਦੇ ਰੋਗਾਂ ਦਾ ਕੈਂਪ, 14 ਦਸੰਬਰ ਨੂੰ ਅੱਖਾਂ ਦਾ ਕੈਂਪ, 17 ਦਸੰਬਰ ਨੂੰ ਮੈਡੀਕਲ ਕੈਂਪ ਤੇ 31 ਦਸੰਬਰ ਨੂੰ ਅੱਖਾਂ ਦੇ ਕੈਂਪ ਲਗਾਉਣ ਤੋਂ ਇਲਾਵਾ ਸੁਸਾਇਟੀ ਦਾ ਸਾਲਾਨਾ ਸਮਾਗਮ 24 ਦਸੰਬਰ ਨੂੰ ਕਰਵਾਉਣ ਦਾ ਫ਼ੈਸਲਾ ਲਿਆ ਗਿਆ। ਇਸ ਮੌਕੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਕੰਵਲ ਕੱਕੜ, ਸੈਕਟਰੀ ਕੁਲਭੂਸ਼ਣ ਗੁਪਤਾ, ਕੈਸ਼ੀਅਰ ਸੁਨੀਲ ਬਜਾਜ, ਰਾਜੀਵ ਗੁਪਤਾ, ਸੁਖਜਿੰਦਰ ਸਿੰਘ ਢਿੱਲੋਂ, ਰਾਜਿੰਦਰ ਜੈਨ ਕਾਕਾ, ਅਨਿਲ ਮਲਹੋਤਰਾ, ਮਨੋਹਰ ਸਿੰਘ ਟੱਕਰ, ਪ੍ਰਿੰਸੀਪਲ ਚਰਨਜੀਤ ਸਿੰਘ ਭੰਡਾਰੀ, ਪ੍ਰਸ਼ੋਤਮ ਅਗਰਵਾਲ, ਸੁਖਦੇਵ ਗਰਗ, ਪ੍ਰੇਮ ਬਾਂਸਲ, ਡਾਕਟਰ ਵਿਵੇਕ ਗੋਇਲ, ਮੁਕੇਸ਼ ਮਲਹੋਤਰਾ, ਅਮਿਤ ਅਰੋੜਾ ਆਦਿ ਹਾਜ਼ਰ ਸਨ।

# ਦੀਵਾਲੀ ਮੌਕੇ ਕਰਵਾਏ ਜਾ ਰਹੇ ਸਮਾਗਮ ਦੀਆਂ ਤਿਆਰੀਆਂ ਮੁਕੰਮਲ




**ਮੱਖੂ (ਰਛਪਾਲ ਸਿੰਘ ਸੰਧੂ)**

ਸਾਹਿਤਕ ਤੇ ਸਮਾਜਕ ਖੇਤਰ ਵਿੱਚ ਨਿਵੇਕਲੀਆਂ ਪੈੜਾਂ ਪਾਉਣ ਵਾਲੀ ਸਾਹਿਤਕ ਸੰਸਥਾ ਪੰਜਾਬੀ ਲਿਖਾਰੀ ਸਭਾ ਪੀਰ ਮੁਹੰਮਦ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਭਾ ਦੇ ਸਰਪ੍ਰਸਤ ਜਰਨੈਲ ਸਿੰਘ ਭੁੱਲਰ ਤੇ ਪ੍ਰਧਾਨ ਹਰਭਿੰਦਰ ਸਿੰਘ ਸੰਧੂ ਦੀ ਅਗਵਾਈ ਹੇਠ ਹਰੀ ਭਰੀ ਦੀਵਾਲੀ ਮਨਾਉਣ ਲਈ ਸਾਹਿਤਕ ਅਤੇ ਸਨਮਾਨ ਸਮਾਰੋਹ 12 ਨਵੰਬਰ ਨੂੰ ਸਰਕਾਰੀ ਸੀਨੀਅਰ ਸਕੂਲ ਪੀਰ ਮੁਹੰਮਦ ਵਿਖੇ ਕਰਵਾਉਣ ਸਬੰਧੀ ਜਾਣਕਾਰੀ ਦਿੰਦੇ ਹੋਏ ਸਭਾ ਦੇ ਪ੍ਰਧਾਨ ਹਰਭਿੰਦਰ ਸਿੰਘ ਸੰਧੂ ਨੇ ਦੱਸਿਆ ਕਿ ਇਸ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਵਿੱਚ ਹੀਰਾ ਸਿੰਘ ਨੰਬਰਦਾਰ ਮਸਤੇਵਾਲਾ ਤੇ ਸਾਹਿਲਦੀਪ ਸਿੰਘ ਸੰਧੂ ਬਤੌਰ ਮੁੱਖ ਮਹਿਮਾਨ ਵਜੋਂ ਹਾਜ਼ਰੀ ਭਰਨਗੇ। ਇਸ ਮੌਕੇ ਪਰਮਿੰਦਰ ਸਿੰਘ ਟਿਵਾਣਾ (ਟਿਵਾਣਾ ਰੇਡੀਓ), ਸਾਹਿਤਕਾਰ ਜਗਤਾਰ ਸੋਖੀ ਤੇ ਸਿਕੰਦਰ ਗਿੱਲ ਢੁੱਡੀਕੇ ਨੂੰ ਸਨਮਾਨਤ ਕੀਤਾ ਜਾਵੇਗਾ। ਇਸ ਮੌਕੇ ਕਵੀ ਦਰਬਾਰ ਵੀ ਕਰਵਾਇਆ ਜਾਵੇਗਾ, ਜਿਸ ਵਿੱਚ ਵੱਖ ਵੱਖ ਇਲਾਕਿਆਂ ਤੋਂ ਕਵੀ, ਲੇਖਕ, ਸਾਹਿਤਕਾਰ, ਬੁੱਧੀਜੀਵੀ ਤੇ ਸਮਾਜ ਸੇਵਕ ਆਪਣੀਆਂ ਰਚਨਾਵਾਂ ਤੇ ਵਿਚਾਰ ਪੇਸ਼ ਕਰਨਗੇ। ਇਸ ਮੌਕੇ ਗੁਰਮੀਤ ਸਿੰਘ ਭੁੱਲਰ, ਜਸਵੰਤ ਗੋਗੀਆ, ਪਿਆਰਾ ਘਾਰੂ, ਸਿੰਘ ਦੀਪ, ਨਸੀਬ ਦੀਵਾਨਾ, ਸੁਰਿੰਦਰ ਸੰਧੂ, ਸਾਰਜ ਭੁੱਲਰ ਆਦਿ ਹਾਜ਼ਰ ਸਨ।

# ਗੁਰੂ ਨਾਨਕ ਨੈਸ਼ਨਲ ਕਾਲਜ ਵਿਖੇ ਵੋਟਰ ਜਾਗਰੂਕਤਾ ਸੈਮੀਨਾਰ



**ਦੋਰਾਹਾ (ਹਰਮਿੰਦਰ ਸੇਠ)**-ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਵਿਖੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ-ਕਮ-ਉਪ ਮੰਡਲ ਮੈਜਿਸਟ੍ਰੇਟ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵੋਟਰ ਸਿੱਖਿਆ ਲਈ ਮੁਹਿੰਮ ਤਹਿਤ ਇੱਕ ਸੈਮੀਨਾਰ ਕੀਤਾ ਗਿਆ। ਸੈਮੀਨਾਰ ਦੇ ਆਰੰਭ ਵਿੱਚ ਡਾ. ਗੁਰਪ੍ਰੀਤ ਸਿੰਘ ਨੇ ਚੋਣਕਾਰ ਰਜਿਸਟਰੇਸ਼ਨ ਅਫ਼ਸਰ ਡਾ. ਪੂਨਮਪ੍ਰੀਤ ਕੌਰ ਪੀ ਸੀ ਐੱਸ ਤੇ ਸਵੀਪ ਨੋਡਲ ਅਫ਼ਸਰ ਸ਼੍ਰੀ ਬਿਕਰਮਜੀਤ ਸਿੰਘ ਦਾ ਸਵਾਗਤ ਕੀਤਾ। ਇਸ ਮੌਕੇ ਡਾ. ਪੂਨਮਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਚੰਗੇ ਤੇ ਸਮਝਦਾਰ ਨੇਤਾ ਚੁਣਨ ਲਈ ਆਪਣੀ ਵੋਟ ਦੇ ਅਧਿਕਾਰ ਦੀ ਸਹੀ ਢੰਗ ਨਾਲ ਵਰਤੋਂ ਕਰਨ ਲਈ ਪ੍ਰੇਰਿਆ। ਸਵੀਪ ਨੋਡਲ ਅਫ਼ਸਰ ਬਿਕਰਮਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਵੋਟ ਬਣਾਉਣ ਦੀ ਪ੍ਰਕਿਰਿਆ ਬਾਰੇ ਜਾਣਕਾਰੀ ਦਿੱਤੀ। ਇਸ ਮੌਕੇ ਡਾ. ਪੂਨਮਪ੍ਰੀਤ ਦੁਆਰਾ ਸਵੀਪ ਗਤੀਵਿਧੀਆਂ ਦੇ ਮੁਕਾਬਲਿਆਂ ਵਿੱਚ ਜੇਤੂ ਵਿਦਿਆਰਥੀਆਂ ਨੂੰ ਪ੍ਰਮਾਣ-ਪੱਤਰ ਦੇ ਕੇ ਸਨਮਾਨਤ ਕੀਤਾ ਗਿਆ। ਇਸ ਉਪਰੰਤ ਡਾ. ਲਵਲੀਨ ਬੈਂਸ ਦੀ ਅਗਵਾਈ ਵਿੱਚ ਪਰਾਲੀ ਸਾੜਨ ਦੇ ਦੁਸ਼ਪ੍ਰਭਾਵਾਂ ਦੀ ਨਿਸ਼ਾਨਦੇਹੀ ਕਰਦੇ ਗੀਤ ਨਾਟਕਦੀ ਪੇਸ਼ਕਾਰੀ ਕੀਤੀ ਗਈ। ਇਸ ਮੌਕੇ ਐੱਸ ਡੀ ਐੱਮ ਡਾ. ਪੂਨਮਪ੍ਰੀਤ ਕੌਰ ਨੂੰ ਕਾਲਜ ਵੱਲੋਂ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਅੰਤ ਵਿੱਚ ਕਾਰਜਕਾਰੀ ਪ੍ਰਿੰਸੀਪਲ ਡਾ. ਨਿਰਲੇਪ ਕੌਰ ਨੇ ਸੰਬੋਧਨ ਕਰਦਿਆਂ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਡਾ. ਲਵਲੀਨ ਬੈਂਸ, ਪ੍ਰੋ. ਗੁਰਦੀਪ ਸਿੰਘ, ਡਾ. ਗੁਰਪ੍ਰੀਤ ਸਿੰਘ, ਪ੍ਰੋ. ਸਨਦੀਪ ਸਿੰਘ ਹੁੰਦਲ, ਪ੍ਰੋ. ਗੁਰਪ੍ਰੀਤ ਕੌਰ, ਪ੍ਰੋ. ਹਰਪ੍ਰੀਤ ਕੌਰ ਕਾਹਲੋਂ, ਪ੍ਰੋ. ਜਸਪ੍ਰੀਤ ਕੌਰ, ਪ੍ਰੋ. ਲਵਪ੍ਰੀਤ ਕੌਰ, ਪ੍ਰੋ. ਸੁਖਜੀਤ ਕੌਰ ਤੇ ਸ਼੍ਰੀ ਹਰਪ੍ਰੀਤ ਸਿੰਘ ਹੈਰੀ ਹਾਜ਼ਰ ਸਨ। ਮੰਚ ਸੰਚਾਲਨ ਦੀ ਭੂਮਿਕਾ ਡਾ. ਗੁਰਪ੍ਰੀਤ ਸਿੰਘ ਨੇ ਅਦਾ ਕੀਤੀ।

# ਵੱਖ-ਵੱਖ ਥਾਵਾਂ 'ਤੇ ਫਸਲ ਦੀ ਰਹਿੰਦ ਖੂੰਹਦ ਸਾੜਨ ਦੇ ਮਾਮਲੇ ਦਰਜ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਜ਼ਿਲੇ 'ਚ ਵੱਖ-ਵੱਖ ਥਾਵਾਂ 'ਤੇ ਪੁਲਸ ਵੱਲੋਂ ਝੋਨੇ ਦੀ ਰਹਿੰਦ ਖੂੰਹਦ ਸਾੜਨ ਦੇ ਸਬੰਧ 'ਚ ਕੇਸ ਦਰਜ ਕਰਨ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਫਸਲ ਦੀ ਰਹਿੰਦ ਖੂੰਹਦ ਨੂੰ ਕਥਿਤ ਤੌਰ 'ਤੇ ਸਾੜਨ ਦੇ ਮਾਮਲਿਆਂ 'ਚ 8 ਨਵੰਬਰ ਨੂੰ ਵੱਖ-ਵੱਖ ਥਾਵਾਂ 'ਤੇ ਨਾਮਾਲੂਮ ਵਿਅਕਤੀਆਂ ਵਿਰੁੱਧ ਅ/ਧ 188 ਆਈ.ਪੀ.ਸੀ. ਤਹਿਤ ਕੀਤੀ ਗਈ ਕਾਰਵਾਈ ਤਹਿਤ ਥਾਣਾ ਖੇੜੀ ਨੌਧ ਸਿੰਘ ਦੀ ਪੁਲਸ ਵੱਲੋਂ ਮੁਕੱਦਮਾ ਨੰਬਰ 46,ਥਾਣਾ ਫ਼ਤਹਿਗੜ੍ਹ ਸਾਹਿਬ ਦੀ ਪੁਲਿਸ ਵੱਲੋਂ ਮੁਕੱਦਮਾ ਨੰਬਰ 132, ਨਬੀਪੁਰ ਚੌਕੀ ਦੀ ਪੁਲਸ ਵੱਲੋਂ ਥਾਣਾ ਸਰਹਿੰਦ ਵਿਖੇ ਮੁਕੱਦਮਾ ਨੰਬਰ 160, ਥਾਣਾ ਅਮਲੋਹ ਦੀ ਪੁਲਸ ਵੱਲੋਂ ਮੁਕੱਦਮਾ ਨੰਬਰ 152, ਥਾਣਾ ਮੂਲੇਪੁਰ ਦੀ ਪੁਲਸ ਵੱਲੋਂ ਮੁਕੱਦਮਾ ਨੰਬਰ 81, ਸੰਘੋਲ ਚੌਕੀ ਦੀ ਪੁਲਸ ਵੱਲੋਂ ਥਾਣਾ ਖਮਾਣੋਂ ਵਿਖੇ ਮੁਕੱਦਮਾ ਨੰਬਰ 104 ਤੇ ਥਾਣਾ ਖਮਾਣੋਂ ਦੀ ਪੁਲਸ ਵੱਲੋਂ ਮੁਕੱਦਮਾ ਨੰਬਰ 105 ਦਰਜ ਕੀਤੇ ਜਾਣ ਦੀ ਸੂਚਨਾ ਹੈ।

# ਕਬੱਡੀ 'ਚ ਦਸਮੇਸ਼ ਸਕੂਲ ਦੇ ਰਮਨਜੋਤ ਸਿੰਘ ਦੀ ਝੰਡੀ

## ■ ਰਾਜ ਪੱਧਰੀ ਮੁਕਾਬਲਿਆਂ ਲਈ ਹੋਈ ਚੋਣ



**ਤਲਵੰਡੀ ਸਾਬੋ (ਜਗਦੀਪ ਗਿੱਲ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਸ੍ਰੀ ਦਸਮੇਸ਼ ਸੀਨੀਅਰ ਸੈਕੰਡਰੀ ਸਕੂਲ ਤਲਵੰਡੀ ਸਾਬੋ ਦੇ ਵਿਦਿਆਰਥੀਆਂ ਵੱਲੋਂ ਜਿੱਥੇ ਪਿਛਲੇ ਦਿਨਾਂ 'ਚ ਵੱਖ-ਵੱਖ ਗਤੀਵਿਧੀਆਂ ਖਾਸ ਕਰਕੇ ਖੇਡਾਂ ਵਿੱਚ ਖੂਬ ਮੱਲਾਂ ਮਾਰੀਆਂ ਹਨ, ਉਥੇ ਸਕੂਲ ਦੇ ਵਿਦਿਆਰਥੀ ਰਮਨਜੋਤ ਸਿੰਘ ਵੱਲੋਂ ਪੁਜ਼ੀਸ਼ਨ ਹਾਸਲ ਕਰ ਸੰਸਥਾ ਤੇ ਮਾਪਿਆਂ ਦਾ ਨਾਮ ਰੌਸ਼ਨ ਕਰਦਿਆਂ ਰਾਜ ਪੱਧਰੀ ਮੁਕਾਬਲਿਆਂ ਵਿੱਚ ਆਪਣਾ ਨਾਮ ਦਰਜ ਕਰਵਾਇਆ ਹੈ।

ਸਕੂਲ ਪ੍ਰਿੰਸੀਪਲ ਸ੍ਰੀਮਤੀ ਸਾਨੀਆ ਕਾਮਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਕਬੱਡੀ ਨੈਸ਼ਨਲ ਸਟੈਨੋ ਅੰਡਰ-19 ਵਿੱਚ ਵਿੱਚ ਸਕੂਲ ਦੇ ਵਿਦਿਆਰਥੀ ਰਮਨਜੋਤ ਸਿੰਘ ਪੁੱਤਰ ਰਾਜਵੀਰ ਸਿੰਘ ਨੇ ਪੁਜ਼ੀਸ਼ਨ ਹਾਸਲ ਕਰ ਰਾਜ ਪੱਧਰੀ ਮੁਕਾਬਲਿਆਂ ਲਈ ਆਪਣਾ ਨਾਮ ਦਰਜ ਕਰਵਾਇਆ ਹੈ।

ਉਨ੍ਹਾ ਆਪਣੇ ਸਕੂਲ ਦੇ ਹੋਣਹਾਰ ਵਿਦਿਆਰਥੀਆਂ ਬਾਰੇ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਹੋਰ ਗਤੀਵਿਧੀਆਂ ਖਾਸ ਕਰਕੇ ਖੇਡਾਂ ਵਿੱਚ ਵਧੇਰੇ ਰੁਚੀ ਰੱਖਦੇ ਹੋਏ ਚੰਗੀਆਂ ਪੁਜ਼ੀਸ਼ਨਾਂ ਹਾਸਲ ਕਰ ਰਹੇ ਹਨ ਤੇ ਵਿਦਿਆਰਥੀ ਰਮਨਜੋਤ ਸਿੰਘ 'ਤੇ ਸੰਸਥਾ ਨੂੰ ਸਦਾ ਮਾਣ ਰਹੇਗਾ। ਉਨ੍ਹਾਂ ਉਕਤ ਵਿਦਿਆਰਥੀ, ਮਾਪਿਆਂ ਤੇ ਸਕੂਲ ਦੇ ਮਿਹਨਤੀ ਸਟਾਫ ਨੂੰ ਵਧਾਈ ਦਿੰਦਿਆਂ ਉਜਵਲ ਭਵਿੱਖ ਲਈ ਕਾਮਨਾ ਕੀਤੀ।

# ਗੁਰਮੇਲ ਸਿੰਘ ਮੌੜ ਨੇ ਸਾਬਕਾ ਮੁੱਖ ਮੰਤਰੀ ਚੰਨੀ ਨਾਲ ਕੀਤੀ ਮੀਟਿੰਗ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੀਨੀਅਰ ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ ਵੱਲੋਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨਾਲ ਮੀਟਿੰਗ ਕਰਕੇ ਵਿਚਾਰ ਵਿਟਾਂਦਰਾ ਕੀਤਾ ਗਿਆ। ਇਸ ਮੌਕੇ ਆਗੂ ਮੌੜ ਨੇ ਹਲਕਾ ਮਹਿਲ ਕਲਾਂ ਅੰਦਰ ਕਾਂਗਰਸ ਪਾਰਟੀ ਦੀਆਂ ਗਤੀਵਿਧੀਆਂ ਬਾਰੇ ਜਾਣੂ ਕਰਵਾਇਆ ਤੇ ਪਾਰਟੀ ਦੀ ਮਜ਼ਬੂਤੀ ਲਈ ਆਪਣੇ ਸੁਝਾਅ ਰੱਖੇ। ਇਸ ਉਪਰੰਤ ਆਗੂ ਮੌੜ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਵਾਲੀ ਕਾਂਗਰਸ ਸਰਕਾਰ ਮੌਕੇ ਹਲਕਾ ਮਹਿਲ ਕਲਾਂ ਦੇ ਲੰਮੇ ਸਮੇ ਲਟਕਦੇ ਆ ਰਹੇ ਕੰਮਾਂ, ਕੱਚੇ ਰਸਤਿਆਂ ਨੂੰ ਪੱਕਾ ਕਰਨ, ਤਹਿਸੀਲ ਬਣਾਉਣ ਤੇ ਅਧੂਰੇ ਪਏ ਵਿਕਾਸ ਕਾਰਜਾਂ ਨੂੰ ਮੁਕੰਮਲ ਕਰਵਾਉਣ ਲਈ ਵਿਸ਼ੇਸ਼ ਧਿਆਨ ਦਿੱਤਾ ਗਿਆ ਸੀ, ਹੁਣ ਆਪ ਸਰਕਾਰ ਵੱਲੋਂ ਗੁੰਮਰਾਹ ਕਰਕੇ ਪਹਿਲਾਂ ਕੀਤੇ ਕੰਮਾਂ ਨੂੰ ਆਪਣੇ ਵੱਲੋਂ ਕਰਵਾਏ ਦੱਸ ਕੇ ਦੁਬਾਰਾ, ਦੁਬਾਰਾ ਫੇਰ ਉਦਘਾਟਨ ਕੀਤੇ ਜਾ ਰਹੇ ਸਨ। ਆਗੂ ਮੌੜ ਨੇ ਕਿਹਾ ਕਿ ਹੁਣ ਲੋਕ ਇਨ੍ਹਾਂ ਦੀਆਂ ਗੁੰਮਰਾਹਕੁਨ ਚਾਲਾਂ ਤੋਂ ਚੰਗੀ ਤਰ੍ਹਾਂ ਜਾਣੂ ਹੋ ਗਏ ਹਨ, ਆਗਾਮੀ ਲੋਕ ਸਭਾ ਚੋਣਾਂ 'ਚ ਮੂੰਹ ਨਹੀਂ ਲਗਾਉਣਗੇ। ਕਾਂਗਰਸੀ ਆਗੂ ਮੌੜ ਨੇ ਸਮੂਹ ਲੋਕਾਂ ਨੂੰ ਗੁੰਮਰਾਹਕੁਨ ਪ੍ਰਚਾਰ ਕਰਨ ਵਾਲੇ ਲੋਕਾਂ ਤੋਂ ਸੁਚੇਤ ਹੋ ਕੇ ਕਾਂਗਰਸ ਪਾਰਟੀ ਦੀ ਅਗਵਾਈ ਹੇਠ ਲਾਮਬੰਦ ਹੋਣ ਦੀ ਅਪੀਲ ਕੀਤੀ।

# ਡੀ ਏ ਵੀ ਕਕਰਾਲਾ 'ਚ ਸੱਭਿਆਚਾਰਕ ਪ੍ਰੋਗਰਾਮ



**ਸਮਾਣਾ (ਇਕਬਾਲ ਸਿੰਘ)**-ਡੀ ਏ ਵੀ ਪਬਲਿਕ ਸਕੂਲ ਕਕਰਾਲਾ ਵਿਖੇ ਸੱਭਿਆਚਾਰਕ ਪ੍ਰੋਗਰਾਮ ਉਮੰਗ ਦਾ ਪਹਿਲਾ ਦਿਨ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ। ਪ੍ਰੋਗਰਾਮ ਦੇ ਪਹਿਲੇ ਦਿਨ ਤੀਜੀ ਤੋਂ ਬਾਰਵੀਂ ਜਮਾਤ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਮਨੋਜ ਕੁਮਾਰ ਸ਼ਰਮਾ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਸਰਸਵਤੀ ਵੰਦਨਾ ਨਾਲ ਸ਼ਮ੍ਹਾਂ ਰੌਸ਼ਨ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ ਗਈ। ਇਸ ਸਮੂਹਕ ਪ੍ਰੋਗਰਾਮ ਦਾ ਆਯੋਜਨ ਸੰਗੀਤ ਵਿਭਾਗ ਦੀ ਪ੍ਰਮੁੱਖ ਸ੍ਰੀਮਤੀ ਕਿਰਨ ਰਾਣੀ ਨੇ ਹੋਰਨਾਂ ਅਧਿਆਪਕਾਂ ਦੇ ਸਹਿਯੋਗ ਨਾਲ ਕੀਤਾ।

ਸੱਭਿਆਚਾਰਕ ਪ੍ਰੋਗਰਾਮ ਉਮੰਗ ਨੂੰ ਦੇਸ਼ ਦੀਆਂ ਵਿਲੱਖਣ ਪ੍ਰਤਿਭਾਵਾਂ ਦੀ ਲੜੀ ਵਜੋਂ ਪੇਸ਼ ਕੀਤਾ ਗਿਆ। ਸਕੂਲੀ ਵਿਦਿਆਰਥੀਆਂ ਦੀਆਂ ਸੱਭਿਆਚਾਰਕ ਤੇ ਦੇਸ਼ ਭਗਤੀ ਦੀਆਂ ਗਤੀਵਿਧੀਆਂ ਨੇ ਸਾਰੇ ਦਰਸ਼ਕਾਂ ਦਾ ਮਨ ਮੋਹ ਲਿਆ। ਇਸ ਪ੍ਰੋਗਰਾਮ ਵਿੱਚ ਇੱਕ ਪਾਸੇ ਜੀਵ ਜੰਤੂਆਂ ਦੀ ਸੁਰੱਖਿਆ, ਮੋਬਾਈਲ ਤੇ ਸੋਸ਼ਲ ਮੀਡੀਆ ਦੀ ਲਤ ਬਾਰੇ ਪੇਸ਼ ਕੀਤੀ ਗਈ ਕੋਰਿਓਗ੍ਰਾਫੀ ਰਾਹੀਂ ਸਾਰਿਆਂ ਨੂੰ ਜਾਗਰੂਕ ਕੀਤਾ ਗਿਆ ਤੇ ਦੂਜੇ ਪਾਸੇ ਚੰਦਰਯਾਨ 3 'ਤੇ ਆਧਾਰਤ ਵਿਸ਼ੇਸ਼ ਪੇਸ਼ਕਾਰੀ ਨੇ ਸਾਰਿਆਂ ਨੂੰ ਦੇਸ਼ ਭਗਤੀ ਦੀ ਭਾਵਨਾ ਨਾਲ ਭਰ ਦਿੱਤਾ।

ਵਿਦਿਆਰਥੀਆਂ ਵੱਲੋਂ ਪੇਸ਼ ਕੀਤਾ ਗਿੱਧਾ, ਭੰਗੜਾ ਤੇ ਹੋਰਨਾਂ ਰਾਜਾਂ ਦੇ ਨਾਚ ਖਿੱਚ ਦਾ ਮੁੱਖ ਕੇਂਦਰ ਰਹੇ। ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਦੇ ਪ੍ਰਿੰਸੀਪਲ ਮਨੋਜ ਕੁਮਾਰ ਸ਼ਰਮਾ ਨੇ ਵਿਦਿਆਰਥੀਆਂ ਦੇ ਨਾਲ-ਨਾਲ ਸਟਾਫ ਦੀ ਮਿਹਨਤ ਦੀ ਸ਼ਲਾਘਾ ਕੀਤੀ।

# ਸਾਂਝੇ ਮਜ਼ਦੂਰ ਮੋਰਚੇ ਵੱਲੋਂ ਕੈਬਨਿਟ ਮੰਤਰੀ ਖੁੱਡੀਆਂ ਦੇ ਘਰ ਮੂਹਰੇ ਦਿਨ-ਰਾਤ ਦੇ ਪੱਕੇ ਧਰਨੇ ਦਾ ਐਲਾਨ

## ■ 20 ਨੂੰ ਬਠਿੰਡਾ 'ਚ ਸਾਂਝੀ ਕਨਵੈਨਸ਼ਨ ਕਰਕੇ ਉਲੀਕੀ ਜਾਵੇਗੀ ਆਰ-ਪਾਰ ਦੇ ਘੋਲਾਂ ਦੀ ਰਣਨੀਤੀ

**ਬਠਿੰਡਾ (ਪਰਵਿੰਦਰ ਜੀਤ ਸਿੰਘ)**

'ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ' ਵਿੱਚ ਸ਼ਾਮਲ ਮਜ਼ਦੂਰ ਸੰਗਠਨਾਂ ਦੀ ਜ਼ਿਲ੍ਹਾ ਪੱਧਰੀ ਸਾਂਝੀ ਮੀਟਿੰਗ ਸਥਾਨਕ ਟੀਚਰਜ਼ ਹੋਮ ਵਿਖੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਜੋਰਾ ਸਿੰਘ ਨਸਰਾਲੀ ਦੀ ਪ੍ਰਧਾਨਗੀ ਹੇਠ ਹੋਈ।

ਮੀਟਿੰਗ ਵਿੱਚ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਰਾਮਪੁਰਾ, ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਜ਼ਿਲ੍ਹਾ ਜਨਰਲ ਸਕੱਤਰ ਪ੍ਰਕਾਸ਼ ਸਿੰਘ ਨੰਦਗੜ੍ਹ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਮੀਂ ਲਾਲ ਬਲਾਹੜ ਮਹਿਮਾ, ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਸੁਰਜੀਤ ਸਿੰਘ ਸਰਦਾਰਗੜ੍ਹ, ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾਈ ਆਗੂ ਮੰਗਾ ਸਿੰਘ ਆਜ਼ਾਦ ਅਤੇ ਸੱਤਾ ਸਿੰਘ ਰਾਮਪੁਰਾ ਸ਼ਾਮਲ ਹੋਏ। ਕਿਸੇ ਮਜਬੂਰੀ ਕਾਰਨ ਮੀਟਿੰਗ ਵਿੱਚ ਪੁੱਜਣੋਂ ਰਹਿ ਗਏ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਕੁਲਵੰਤ ਸਿੰਘ ਸੇਲਬਰਾਹ ਨੇ ਟੈਲੀਫੋਨ ਰਾਹੀਂ ਮੀਟਿੰਗ ਦੇ ਫੈਸਲਿਆਂ ਨਾਲ ਮੁਕੰਮਲ ਸਹਿਮਤੀ ਜਤਾਈ ਤੇ ਸਾਰੇ ਫੈਸਲੇ ਵਧ-ਚੜ੍ਹ ਕੇ ਲਾਗੂ ਕਰਨ ਦਾ ਭਰੋਸਾ ਦਿਵਾਇਆ। ਮੀਟਿੰਗ ਦੇ ਫੈਸਲੇ ਜਾਰੀ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਪੰਜਾਬ ਦੇ ਸੂਬਾ ਵਿੱਤ ਸਕੱਤਰ ਸਾਥੀ ਮਹੀਪਾਲ ਨੇ ਦੱਸਿਆ ਕਿ ਮੋਰਚੇ ਵੱਲੋਂ ਆਉਣ ਵਾਲੀ 20 ਨਵੰਬਰ ਨੂੰ ਟੀਚਰਜ ਹੋਮ ਬਠਿੰਡਾ ਦੇ 'ਸ਼ਹੀਦ ਭਗਤ ਸਿੰਘ ਹਾਲ' ਵਿਖੇ ਵਿਸ਼ਾਲ ਕਨਵੈਨਸ਼ਨ ਸੱਦੀ ਜਾਵੇਗੀ, ਜਿਸ ਵਿੱਚ ਮਾਲਵੇ ਦੇ ਸਾਰੇ ਜ਼ਿਲ੍ਹਿਆਂ 'ਚੋਂ ਨੁਮਾਇੰਦੇ ਸ਼ਾਮਲ ਹੋਣਗੇ। ਇਸ ਕਨਵੈਨਸ਼ਨ ਵੱਲੋਂ ਬੇਜ਼ਮੀਨੇ-ਸਾਧਨਹੀਣ ਪੇਂਡੂ ਪਰਿਵਾਰਾਂ ਦੀ ਪੰਜਾਬ ਸਰਕਾਰ ਵੱਲੋਂ ਕੀਤੀ ਜਾ ਰਹੀ ਮੁਜਰਮਾਨਾ ਅਣਦੇਖੀ ਖ਼ਿਲਾਫ਼ ਬੱਝਵੇਂ, ਫੈਸਲਾਕੁਨ ਸੰਘਰਸ਼ਾਂ ਦੀ ਵਿਉਂਤਬੰਦੀ ਕੀਤੀ ਜਾਵੇਗੀ। ਉਨ੍ਹਾ ਦੱਸਿਆ ਕਿ 28 ਨਵੰਬਰ ਨੂੰ ਬਠਿੰਡਾ ਸ਼ਹਿਰੀ ਤੇ ਦਿਹਾਤੀ ਦੇ ਵਿਧਾਨਕਾਰਾਂ ਜਗਰੂਪ ਸਿੰਘ ਗਿੱਲ ਤੇ ਅਮਿਤ ਰਤਨ ਕੋਟ ਫੱਤਾ ਨੂੰ, 29 ਨਵੰਬਰ ਨੂੰ ਭੁੱਚੋ ਮੰਡੀ ਤੇ ਰਾਮਪੁਰਾ ਦੇ ਵਿਧਾਇਕਾਂ ਜਗਸੀਰ ਸਿੰਘ ਤੇ ਬਲਕਾਰ ਸਿੰਘ ਸਿੱਧੂ ਨੂੰ ਤੇ 30 ਨਵੰਬਰ ਨੂੰ ਤਲਵੰਡੀ ਸਾਬੋ ਤੇ ਮੌੜ ਦੇ ਵਿਧਾਇਕਾਂ ਪ੍ਰੋਫੈਸਰ ਬਲਜਿੰਦਰ ਕੌਰ ਤੇ ਸੁਖਬੀਰ ਸਿੰਘ ਮਾਈਸਰ ਖਾਨਾ ਨੂੰ ਮੋਰਚੇ ਦੇ ਵਿਸ਼ਾਲ ਵਫਦਾਂ ਵੱਲੋਂ ਬੇਜ਼ਮੀਨੇ-ਸਾਧਨਹੀਣ ਪੇਂਡੂ ਮਜ਼ਦੂਰਾਂ ਦੀ ਅਤਿ ਲੋੜੀਂਦੀਆਂ ਮੰਗਾਂ ਦੇ ਯੋਗ ਨਿਪਟਾਰੇ ਲਈ ਯਾਦ ਪੱਤਰ ਸੌਂਪੇ ਜਾਣਗੇ। ਚੇਤੇ ਰਹੇ ਅਜਿਹੀਆਂ ਹੀ ਕਨਵੈਨਸ਼ਨਾਂ ਕ੍ਰਮਵਾਰ 19 ਤੇ 21 ਦਸੰਬਰ ਨੂੰ ਜਲੰਧਰ ਅਤੇ ਸ਼੍ਰੀ ਅੰਮ੍ਰਿਤਸਰ ਸਾਹਿਬ ਵਿਖੇ ਵੀ ਸੱਦੀਆਂ ਜਾ ਰਹੀਆਂ ਹਨ।

ਸਾਥੀ ਮਹੀਪਾਲ ਨੇ ਦੱਸਿਆ ਕਿ 9-10-11 ਦਸੰਬਰ 2023 ਨੂੰ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੇ ਘਰ ਮੂਹਰੇ ਦਿਨ-ਰਾਤ ਦਾ ਧਰਨਾ ਮਾਰਿਆ ਜਾਵੇਗਾ, ਜਿਸ ਵਿੱਚ ਮਾਲਵੇ ਦੇ ਅੱਧੇ ਜ਼ਿਲ੍ਹਿਆਂ ਹਜ਼ਾਰਾਂ ਮਜ਼ਦੂਰ ਪਰਵਾਰਾਂ ਸਮੇਤ ਸ਼ਾਮਲ ਹੋਣਗੇ। ਜ਼ਿਕਰਯੋਗ ਹੈ ਕਿ ਇਨ੍ਹਾਂ ਹੀ ਤਰੀਕਾਂ ਨੂੰ ਕੈਬਨਿਟ ਮੰਤਰੀਆਂ ਹਰਪਾਲ ਸਿੰਘ ਚੀਮਾ, ਹਰਭਜਨ ਸਿੰਘ ਈਟੀਓ ਤੇ ਬਲਕਾਰ ਸਿੰਘ ਦੇ ਘਰਾਂ ਮੂਹਰੇ ਵੀ ਅਜਿਹੇ ਹੀ ਰੋਸ ਧਰਨੇ ਮਾਰੇ ਜਾਣਗੇ। ਮੀਟਿੰਗ ਦੇ ਆਰੰਭ ਵਿਚ ਇਜ਼ਰਾਇਲ ਵੱਲੋਂ ਫਲਸਤੀਨੀਆਂ ਦੀ ਨਸਲਕੁਸ਼ੀ ਦੇ ਕੋਝੇ ਮਕਸਦ ਲਈ ਛੇੜੀ ਗਈ ਜੰਗ ਵਿਚ ਮਾਰੇ ਗਏ ਨਿਰਦੋਸ਼ ਲੋਕਾਂ, ਵਿਸ਼ੇਸ਼ ਕਰਕੇ ਮਾਸੂਮ ਬਾਲਾਂ ਤੇ ਇਸਤਰੀਆਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਵਿਸ਼ਵ ਭਾਈਚਾਰੇ ਨੂੰ ਇਹ ਨਿਹੱਕੀ ਤੇ ਅਸਾਵੀਂ ਜੰਗ ਫੌਰੀ ਬੰਦ ਕਰਵਾਉਣ ਲਈ ਜਨਤਕ ਦਬਾਅ ਬਣਾਉਣ ਦੀ ਅਪੀਲ ਕੀਤੀ ਗਈ।

# ਭਾਕਿਯੂ ਏਕਤਾ ਉਗਰਾਹਾਂ ਦੇ ਸਰਗਰਮ ਵਰਕਰ ਮਿੱਠੂ ਸਿੰਘ ਭਲਾਈਆਣਾ ਨੂੰ ਅੰਤਿਮ ਸੂਹੀ ਲਾਲ ਸਲਾਮ ਤੇ ਸ਼ਰਧਾਂਜਲੀ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਇਕਾਈ ਭਲਾਈਆਣਾ ਦੇ ਸਰਗਰਮ ਵਰਕਰ ਸਾਥੀ ਮਿੱਠੂ ਸਿੰਘ ਭਲਾਈਆਣਾ ਲੰਮੇ ਸਮੇਂ ਤੋਂ ਜਥੇਬੰਦੀ ਨਾਲ ਜੁੜੇ ਹੋਏ ਸਨ। ਵੱਖ ਵੱਖ ਕਰਜ਼ਾ ਮੁਕਤੀ ਕਿਸਾਨ ਬਚਾਓ ਜ਼ਮੀਨ ਬਚਾਓ ਤਿੰਨ ਖੇਤੀ ਵਿਰੋਧੀ ਕਾਲੇ ਕਾਨੂੰਨਾਂ ਖਿਲਾਫ ਮੋਰਚਿਆਂ ਵਿੱਚ ਮੋਹਰੀ ਭੂਮਿਕਾ ਨਿਭਾਈ, ਜੋ ਪਿਛਲੇ ਦਿਨੀਂ ਸੰਖੇਪ ਬਿਮਾਰੀ ਤੋਂ ਬਾਅਦ ਸਾਥੋਂ ਸਦਾ ਲਈ ਜਿਸਮਾਨੀ ਤੌਰ 'ਤੇ ਵਿੱਛੜ ਗਏ ਨੂੰ ਅੰਤਿਮ ਅਰਦਾਸ ਮੌਕੇ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਸੂਹੀ ਲਾਲ ਸਲਾਮ ਤੇ ਸ਼ਰਧਾਂਜਲੀ ਭੇਟ ਕੀਤੀ ਗਈ। ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਲਈ ਪ੍ਰੇਰਿਤ ਕੀਤਾ। ਕੀਰਤਨ ਭਾਈਆਂ ਨੇ ਗੁਰੂਜਸ ਸ਼ਬਦ ਬਾਣੀ ਨਾਲ ਜੋੜਿਆ। ਜ਼ਿਲ੍ਹਾ ਪ੍ਰਧਾਨ ਹਰਬੰਸ ਸਿੰਘ ਕੋਟਲੀ ਜਨਰਲ ਸਕੱਤਰ, ਗੁਰਭਗਤ ਸਿੰਘ ਭਲਾਈਆਣਾ ਸਹਾਇਕ ਸਕੱਤਰ, ਗੁਰਮੀਤ ਸਿੰਘ ਬਿੱਟੂ ਮੱਲਣ ਨੇ ਦੱਸਿਆ ਕਿ ਜਦੋਂ ਭਾਰਤ ਸਰਕਾਰ ਦੇ ਇਸ਼ਾਰਿਆਂ 'ਤੇ 1990-91 ਵਿਸ਼ਵ ਵਪਾਰ ਸੰਸਥਾ ਡਬਲਿਊ ਟੀ ਓ ਸੰਸਾਰ ਬੈਂਕ ਦੀਆਂ ਸ਼ਰਤਾਂ ਤਹਿਤ ਕੈਪਟਨ ਅਮਰਿੰਦਰ ਦੀ ਕਾਂਗਰਸ ਸਰਕਾਰ ਨੇ ਧੌਲਾ ਛੰਨਾ ਸੰਘੇੜਾ (ਬਰਨਾਲਾ) ਦੇ ਕਿਸਾਨਾਂ ਦੀ 376 ਏਕੜ ਜ਼ਮੀਨ ਜਬਰੀ ਅਕਵਾਇਰ ਕਰਨ ਖਿਲਾਫ ਤੇ ਜ਼ਮੀਨ ਵੱਲ ਵਧ ਰਹੇ 600 ਤੋਂ ਵੱਧ ਕਿਸਾਨਾਂ ਮਜ਼ਦੂਰਾਂ ਨੂੰ ਗ੍ਰਿਫਤਾਰ ਕਰਕੇ ਵੱਖ ਵੱਖ ਜੇਲ੍ਹਾਂ 'ਚ ਬੰਦ ਕਰ ਦਿੱਤਾ ਸੀ, ਉਸ ਸਮੇਂ ਸਾਥੀ ਮਿੱਠੂ ਸਿੰਘ ਭਲਾਈਆਣਾ ਨੂੰ ਵੀ ਪਟਿਆਲਾ ਜੇਲ੍ਹ 'ਚ 1 ਮਹੀਨੇ ਤੋਂ ਵੱਧ ਸਮਾਂ ਜੇਲ੍ਹਾਂ ਵਿੱਚ ਬੰਦ ਰਹੇ, ਪਰ ਪਰਵਾਰਾਂ ਸਮੇਤ ਅਡੋਲ ਰਹੇ। ਜਥੇਬੰਦੀ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਆਗੂਆਂ ਨੇ ਸਾਥੀ ਮਿੱਠੂ ਸਿੰਘ ਭਲਾਈਆਣਾ ਦੇ ਧੀਆਂ ਪੁੱਤਰ ਸਮੇਤ ਪਰਵਾਰ ਨੂੰ ਜਥੇਬੰਦੀ ਦਾ ਝੰਡਾ ਦੇ ਕੇ ਸਨਮਾਨਤ ਕੀਤਾ ਅਤੇ ਉਨ੍ਹਾਂ ਦੇ ਪਾਏ ਪੂਰਨਿਆਂ 'ਤੇ ਚੱਲਣ ਦਾ ਪ੍ਰਣ ਵੀ ਕੀਤਾ। ਇਸ ਮੌਕੇ ਬਲਾਕ ਗਿੱਦੜਬਾਹਾ ਦੇ ਸੀਨੀਅਰ ਮੀਤ ਪ੍ਰਧਾਨ ਅਜੈਬ ਸਿੰਘ ਮੱਲਣ, ਮੀਤ ਜੋਗਿੰਦਰ ਸਿੰਘ ਬੁੱਟਰ ਸਰੀਂਹ, ਸੁਖਦੇਵ ਦਾਸ, ਸੱਜਣ ਸਿੰਘ, ਮੰਦਰ ਸਿੰਘ ਭਲਾਈਆਣਾ, ਸਾਧੂ ਸਿੰਘ, ਗੁਰਦੇਵ ਸਿੰਘ ਛੱਤੇਆਣਾ, ਰਣਜੀਤ ਸਿੰਘ ਬੁੱਟਰ ਬਖੂਹਾ, ਜਗਰਾਜ ਸਿੰਘ, ਗੁਰਮੇਲ ਸਿੰਘ ਸੁਖਨਾ, ਲੋਕ ਮੋਰਚਾ ਦੇ ਆਗੂ ਪਿਆਰਾ ਲਾਲ ਦੋਦਾ, ਖੇਤ ਮਜ਼ਦੂਰ ਯੂਨੀਅਨ ਦੇ ਆਗੂ ਬਾਜ ਸਿੰਘ ਭੁੱਟੀਵਾਲਾ, ਆਰ ਐੱਮ ਪੀ ਡਾਕਟਰ ਲਖਵਿੰਦਰ ਸਿੰਘ ਜੌਹਲ, ਸਰਪੰਚ ਗੁਰਚਰਨ ਸਿੰਘ ਸੰਧੂ ਸਮੇਤ ਵੱਡੀ ਗਿਣਤੀ ਨਗਰ ਨਿਵਾਸੀ, ਰਿਸ਼ਤੇਦਾਰ ਅੰਤਿਮ ਅਰਦਾਸ ਮੌਕੇ ਸ਼ਾਮਲ ਹੋਏ।

# ਧਾਮੀ ਦੀ ਜਿੱਤ ਨਾਲ ਅਕਾਲੀ ਦਲ ਦੀ ਸਥਿਤੀ ਮਜ਼ਬੂਤ ਹੋਈ : ਹਨੀ ਫੱਤਣਵਾਲਾ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਐੱਸ.ਜੀ.ਪੀ.ਸੀ. ਦੀ ਪ੍ਰਧਾਨਗੀ ਦੀ ਚੋਣ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੂੰ ਬਹੁਤ ਵੱਡਾ ਫਤਵਾ ਮਿਲਿਆ। ਜਿੰਨੀਆਂ ਵੀ ਅਕਾਲੀ ਵਿਰੋਧੀ ਸ਼ਕਤੀਆਂ ਇਕੱਠੀਆਂ ਹੋ ਕੇ ਸ਼ੁਰੂ ਤੋਂ ਅਕਾਲੀ ਦਲ ਤੇ ਬਾਦਲ ਪਰਿਵਾਰ ਵਿਰੁੱਧ ਸਾਜ਼ਿਸ਼ਾਂ ਕਰਦੇ ਰਹੇ ਹਨ, ਉਨ੍ਹਾਂ ਸਭ ਨੂੰ ਮੂੰਹ ਦੀ ਖਾਣੀ ਪਈ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਤੇ ਮਾਰਕਿਟ ਕਮੇਟੀ ਦੇ ਸਾਬਕਾ ਚੇਅਰਮੈਨ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਨੇ ਕੋਟਕਪੂਰਾ ਰੋਡ ਸਥਿਤ ਆਪਣੇ ਗ੍ਰਹਿ ਫੱਤਣਵਾਲਾ ਨਿਵਾਸ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਐਡਵੋਕੇਟ ਧਾਮੀ ਨੂੰ 118 ਵੋਟਾਂ ਪਈਆਂ ਤੇ ਉਨ੍ਹਾਂ ਦੇ ਵਿਰੋਧੀ ਉਮੀਦਵਾਰ ਨੂੰ ਸਿਰਫ 17 ਵੋਟਾਂ ਹੀ ਮਿਲੀਆਂ, ਜਿਸ ਨਾਲ ਪਾਰਟੀ ਵਿੱਚ ਸੁਖਬੀਰ ਸਿੰਘ ਬਾਦਲ ਦਾ ਕੱਦ ਹੋਰ ਉੱਚਾ ਹੋਇਆ ਹੈ। ਹਨੀ ਫੱਤਣਵਾਲਾ ਨੇ ਕਿਹਾ ਕਿ ਪੰਜਾਬ ਦੀ ਤਰੱਕੀ ਲਈ ਅਕਾਲੀ ਦਲ ਦਾ ਤਕੜਾ ਹੋਣਾ ਬਹੁਤ ਜ਼ਰੂਰੀ ਸੀ ਤੇ ਆਉਣ ਵਾਲੀਆਂ ਸਭ ਚੋਣਾਂ ਵਿੱਚ ਲੋਕ ਅਕਾਲੀ ਦਲ ਨੂੰ ਭਾਰੀ ਬਹੁੱਮਤ ਨਾਲ ਜਿਤਾਉਣਗੇ।

ਇਸ ਦੌਰਾਨ ਸਾਬਕਾ ਚੇਅਰਮੈਨ ਹਨੀ ਬਰਾੜ ਨੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਦੀ ਜਿੱਤ 'ਤੇ ਸੁਖਬੀਰ ਸਿੰਘ ਬਾਦਲ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਨੂੰ ਤੇ ਸਮੁੱਚੇ ਪੰਥ ਨੂੰ ਵਧਾਈ ਦਿੱਤੀ।

# ਪਰਾਲੀ ਦੀ ਸਮੱਸਿਆ ਲਈ ਸਰਕਾਰਾਂ ਦੀਆਂ ਕਿਸਾਨ ਵਿਰੋਧੀ ਨੀਤੀਆਂ ਜ਼ਿੰਮੇਵਾਰ : ਨਾਗਰਾ

## ■ ਪੁਲਸੀਆ ਜਬਰ ਖਿਲਾਫ ਕੀਤਾ ਜਾਵੇਗਾ ਤਿੱਖਾ ਸੰਘਰਸ਼

**ਸਮਰਾਲਾ (ਸੁਰਜੀਤ ਸਿੰਘ)**-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਪ੍ਰਧਾਨ ਸੰਤੋਖ ਸਿੰਘ ਨਾਗਰਾ ਤੇ ਜ਼ਿਲ੍ਹਾ ਸਕੱਤਰ ਨਿਰਮਲ ਸਿੰਘ ਨੇ ਪ੍ਰੈੱਸ ਨੋਟ ਜਾਰੀ ਕਰਕੇ ਕਿਹਾ ਕਿ ਬੇਸ਼ੱਕ ਜਥੇਬੰਦੀ ਪਰਾਲੀ ਨੂੰ ਅੱਗ ਲਾਉਣ ਦੇ ਹੱਕ ਵਿੱਚ ਨਹੀਂ ਹੈ, ਪਰ ਇਹ ਨੌਬਤ ਸਰਕਾਰਾਂ ਦੀਆਂ ਕਿਸਾਨ ਮਜ਼ਦੂਰ ਵਿਰੋਧੀ ਤੇ ਕਾਰਪੋਰੇਟ ਪੱਖੀ ਨੀਤੀਆਂ ਦੀ ਦੇਣ ਹੈ। ਉਨ੍ਹਾਂ ਕਿਹਾ ਕਿ ਕਿਸਾਨੀ ਨੂੰ ਆਰਥਿਕ ਸੰਕਟ ਵਿੱਚੋਂ ਕੱਢਣ ਲਈ ਜਥੇਬੰਦੀਆਂ ਸਮੇਤ ਖੇਤੀ ਮਾਹਰ ਮੰਨਦੇ ਹਨ ਕਿ ਝੋਨੇ ਤੋਂ ਇਲਾਵਾ ਹੋਰ ਫਸਲਾਂ 'ਤੇ ਵੀ ਐੱਮ ਐੱਸ ਪੀ ਦਿੱਤੀ ਜਾਵੇ, ਜਿਸ ਨਾਲ ਝੋਨੇ ਦੀ ਫਸਲ ਦੇ ਬਦਲ ਵਜੋਂ ਆਰਥਿਕਤਾ ਨੂੰ ਖਤਰੇ ਬਿਨਾਂ ਹੋਰ ਫਸਲਾਂ ਬੀਜੀਆਂ ਜਾਣ ਤੇ ਸਰਕਾਰ ਦੁਆਰਾ ਮਸ਼ੀਨਰੀ ਮੁਹੱਈਆ ਕਰਕੇ ਪਰਾਲੀ ਨੂੰ ਖੇਤ ਵਿੱਚ ਗਾਲਣ ਦਾ ਪ੍ਰਬੰਧ ਕੀਤਾ ਜਾਵੇ। ਉਨ੍ਹਾ ਕਿਹਾ ਕਿ ਕੁੱਲ ਪ੍ਰਦੂਸ਼ਣ ਦਾ 51% ਪ੍ਰਦੂਸ਼ਣ ਕਰਨ ਵਾਲੀ ਇੰਡਸਟਰੀਜ਼ ਅਤੇ 25% ਪ੍ਰਦੂਸ਼ਣ ਦੇ ਖਿਲਾਫ ਇਵੇਂ ਦੀਆਂ ਕੋਈ ਤਲਖ ਟਿੱਪਣੀਆਂ ਨਹੀਂ ਆਉਂਦੀਆਂ, ਜਦਕਿ ਕਿਸਾਨ ਦੀ ਫਸਲ ਜੇਕਰ 8% ਪ੍ਰਦੂਸ਼ਣ ਕਰਦੀ ਹੈ ਤਾਂ ਸਾਲ ਭਰ ਉਹੀ ਫਸਲਾਂ ਆਕਸੀਜਨ ਦੇ ਕੇ ਹਵਾ ਨੂੰ ਸਾਫ ਕਰਨ ਵਿੱਚ ਸਹਾਈ ਸਿੱਧ ਹੁੰਦੀਆਂ ਹਨ, ਜਦਕਿ ਇੰਡਸਟਰੀ ਦੀ ਵਾਤਾਵਰਨ ਨੂੰ ਕੋਈ ਅਜਿਹੀ ਦੇਣ ਨਹੀਂ।

ਉਨ੍ਹਾਂ ਕਿਹਾ ਕਿ ਮਾਣਯੋਗ ਸੁਪਰੀਮ ਕੋਰਟ ਨੂੰ ਬੇਨਤੀ ਹੈ ਕਿ ਉਨ੍ਹਾਂ ਨਿਰਦੇਸ਼ਾਂ ਦਾ ਵੀ ਨੋਟਿਸ ਲਿਆ ਜਾਵੇ, ਜੋ ਅਦਾਲਤ ਵੱਲੋਂ ਕਿਸਾਨਾਂ ਦੇ ਹੱਕ ਵਿੱਚ ਦਿੱਤੇ ਗਏ ਹਨ, ਪਰ ਸਰਕਾਰ ਵੱਲੋਂ ਲਾਗੂ ਨਹੀਂ ਕੀਤੇ ਜਾਂਦੇ। ਉਨ੍ਹਾਂ ਕਿਹਾ ਕਿ ਜੇਕਰ ਰਿਕਾਰਡ ਝੋਨਾ ਪੈਦਾ ਹੋਵੇਗਾ ਤਾਂ ਪਰਾਲੀ ਵੀ ਹੋਏਗੀ, ਜਿਸ ਤਰ੍ਹਾਂ ਇਸ ਵਾਰ 200 ਲੱਖ ਟਨ ਪਰਾਲੀ ਪੈਦਾ ਹੋਣ ਦਾ ਅਨੁਮਾਨ ਹੈ, ਜਿਸ ਵਿੱਚੋਂ ਸਿਰਫ 20 ਲੱਖ ਟਨ ਨੂੰ ਸਾਂਭਣ ਦਾ ਹੀ ਪ੍ਰਬੰਧ ਹੋਇਆ ਹੈ ਅਤੇ 180 ਲੱਖ ਟਨ ਅਜੇ ਵੀ ਕਿਸਾਨਾਂ ਦੇ ਗਲੇ ਦੀ ਹੱਡੀ ਬਣੀ ਹੈ। ਉਨ੍ਹਾ ਕਿਹਾ ਕਿ ਪਿੰਡ ਨਹੀਆਂ ਵਾਲਾ ਮਹਿਮਾਂ ਵਿਖੇ ਕਿਸਾਨਾਂ 'ਤੇ ਕੀਤੇ ਗਏ ਪਰਚੇ ਦੀ ਜਥੇਬੰਦੀ ਨਿੰਦਾ ਕਰਦੀ ਹੈ ਤੇ ਇਸ ਮਸਲੇ 'ਤੇ ਸਰਕਾਰ ਖਿਲਾਫ ਚੱਲ ਰਹੇ ਸੰਘਰਸ਼ ਦੀ ਹਮਾਇਤ ਕਰਦੀ ਹੈ ਅਤੇ ਮੰਗ ਕਰਦੀ ਹੈ ਕਿ ਸਰਕਾਰ ਸਾਰੇ ਕਿਸਾਨਾਂ 'ਤੇ ਦਰਜ ਕੀਤੇ ਪਰਚੇ ਵਾਪਸ ਲਵੇ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਝੂਠਾ ਪ੍ਰਚਾਰ ਬੰਦ ਕਰੇ ਤੇ ਜਿਵੇਂ ਡੀ.ਜੀ.ਪੀ. ਪੰਜਾਬ ਵੱਲੋਂ ਆਹਲਾ ਅਧਿਕਾਰੀਆਂ ਨੂੰ ਕਿਸਾਨਾਂ 'ਤੇ ਸਖਤ ਕਾਰਵਾਈ ਦੇ ਨਿਰਦੇਸ਼ ਦਿੱਤੇ ਗਏ ਹਨ, ਜੇਕਰ ਸਰਕਾਰ ਪਰਾਲੀ ਸਾਂਭਣ 'ਚ ਸਹਾਇਤਾ ਨਾ ਕਰਕੇ ਕਿਸਾਨਾਂ ਨੂੰ ਮੁਜਰਮ ਬਣਾ ਕੇ ਪੁਲਸੀਆ ਕਾਰਵਾਈ ਕਰਦੀ ਹੈ ਤਾਂ ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਵੱਲੋਂ ਤਿੱਖਾ ਸੰਘਰਸ਼ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮਾਛੀਵਾੜਾ ਦੇ ਬਲਾਕ ਪ੍ਰਧਾਨ ਜੰਗ ਸਿੰਘ, ਮੇਜਰ ਸਿੰਘ ਭਾਰਥਲਾ, ਮੇਵਾ ਸਿੰਘ ਬੌਂਦਲੀ, ਸੁਖਵਿੰਦਰ ਸਿੰਘ ਭਰਥਲਾ, ਗੁਰਮੇਲ ਸਿੰਘ ਹਰਿਓਂ ਆਦਿ ਹਾਜ਼ਰ ਸਨ।

# ਸੁਪਰੀਮ ਇੰਟਰਨੈਸ਼ਨਲ ਸਕੂਲ 'ਚ ਜਾਗਰੂਕਤਾ ਸੈਮੀਨਾਰ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਸੁਪਰੀਮ ਇੰਟਰਨੈਸ਼ਨਲ ਸਕੂਲ ਮਹਿਲ ਕਲਾਂ ਵਿਖੇ ਪ੍ਰਿੰਸੀਪਲ ਸ਼ਿਆਮਾ ਨਾਇਰ ਦੀ ਅਗਵਾਈ ਹੇਠ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ। ਇਸ ਮੌਕੇ ਵਿਦਿਆਰਥੀਆ ਨੂੰ ਨੈਤਿਕ ਕਦਰਾਂ ਕੀਮਤਾਂ ਬਾਰੇ ਜਾਣੂ ਕਰਵਾ ਕੇ ਜ਼ਿੰਦਗੀ 'ਚ ਇਨ੍ਹਾਂ ਗੁਣਾਂ ਨੂੰ ਅਪਣਾਉਣ ਬਾਰੇ ਵਿਸਥਾਰ ਪੂਰਬਕ ਜਾਣਕਾਰੀ ਦਿੱਤੀ ਗਈ। ਪ੍ਰਿੰਸੀਪਲ ਸ਼ਿਆਮਾ ਨਾਇਰ ਨੇ ਕਿਹਾ ਕਿ ਉਸਾਰੂ ਵਿਚਾਰਾਂ 'ਚ ਪ੍ਰਪੱਕ ਹੋ ਕੇ ਹੀ ਚੰਗੇ ਨਾਗਰਿਕ ਬਣਿਆ ਜਾ ਸਕਦਾ ਹੈ, ਵਿਦਿਆਰਥੀਆਂ ਨੂੰ ਜ਼ਿੰਦਗੀ 'ਚ ਮਾਫੀ ਮੰਗਣ, ਕਿਰਪਾ ਕਰਕੇ, ਧੰਨਵਾਦ ਵਰਗੇ ਸ਼ਬਦਾਂ ਨੂੰ ਅਪਣਾਉਣ ਬਾਰੇ ਦੱਸਿਆ, ਜਿਨ੍ਹਾਂ ਤੋਂ ਅੱਜਕੱਲ੍ਹ ਦੇ ਵਿਦਿਆਰਥੀ ਗੁਰੇਜ ਕਰਦੇ ਹਨ। ਵਿਦਿਆਰਥੀ ਆਪਣੇ ਮਾਤਾ-ਪਿਤਾ ਤੇ ਅਧਿਆਪਕਾਂ ਦੁਆਰਾ ਦਿੱਤੇ ਚੰਗੇ ਗੁਣਾਂ ਨੂੰ ਅਪਣਾ ਕੇ ਹੀ ਆਪਣਾ ਸਰਬਪੱਖੀ ਵਿਕਾਸ ਕਰ ਸਕਦੇ ਹਨ। ਸੰਸਥਾ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਨਾਲ ਆਪਣੇ ਸੱਭਿਆਚਾਰ, ਵਾਤਾਵਰਣ ਨਾਲ ਜੋੜਨ ਦਾ ਉਪਰਾਲਾ ਕੀਤਾ ਗਿਆ ਹੈ। ਮੈਨੇਜਿੰਗ ਡਾਇਰੈਕਟਰ ਡਾ: ਚਰਨ ਸਿੰਘ, ਚੇਅਰਮੈਨ ਯੋਗਿੰਦਰ ਸ਼ਰਮਾ ਨੇ ਪ੍ਰਿੰਸੀਪਲ ਤੇ ਸਟਾਫ ਦੇ ਇਸ ਉੱਦਮ ਦੀ ਸ਼ਲਾਘਾ ਕਰਦਿਆਂ ਆਪਣੇ ਵੱਲੋਂ ਹਰ ਸੰਭਵ ਸਹਿਯੋਗ ਦੇਣ ਦਾ ਵਿਸ਼ਵਾਸ, ਦੁਆਇਆ।

# ਪੰਜਾਬ ਤੋਂ ਸੱਤ ਮੈਂਬਰੀ ਡੈਲੀਗੇਸ਼ਨ ਕੌਮੀ ਪੈਨਸ਼ਨਰਜ਼ ਕਾਨਫਰੰਸ ਚੇਨਈ 'ਚ ਹੋਇਆ ਸ਼ਾਮਲ



**ਜਲੰਧਰ:( ਰਾਜੇਸ਼ ਥਾਪਾ)**- ਆਲ ਇੰਡੀਆ ਸਟੇਟ ਗੌਰਮਿੰਟ ਪੈਨਸ਼ਨਰਜ ਫੈਡਰੇਸਨ ਦੀ ਪਹਿਲੀ ਕਾਨਫਰੰਸ ਚੇਨਈ (ਤਾਮਿਲਨਾਡੂ) ਵਿਖੇ ਸ਼ੁਰੂ ਹੋਈ। ਇਸ ਕੌਮੀ ਕਾਨਫਰੰਸ ਵਿੱਚ ਪੰਜਾਬ ਸਟੇਟ ਪੈਨਸ਼ਨਰਜ ਕੰਨਫੈਡਰੇਸ਼ਨ (ਰਜਿਸਟਰਡ) ਦੇ ਪ੍ਰਧਾਨ ਕਰਮ ਸਿੰਘ ਧਨੋਆ ਅਤੇ ਕੌਮੀ ਕਮੇਟੀ ਦੇ ਸਕੱਤਰ ਮੈਂਬਰ ਮਨਜੀਤ ਸਿੰਘ ਸੈਣੀ ਦੀ ਅਗਵਾਈ ਵਿੱਚ ਸੱਤ ਮੈਂਬਰੀ ਡੈਲੀਗੇਸ਼ਨ ਸ਼ਾਮਲ ਹੋਇਆ। ਪਹਿਲੀ ਕਾਨਫਰੰਸ ਦੀ ਸ਼ੁਰੂਆਤ ਪ੍ਰਧਾਨ ਸਾਥੀ ਅਸ਼ੋਕ ਥੂਲੇ ਦੀ ਪ੍ਰਧਾਨਗੀ ਹੇਠ ਮਹਾਂਰਾਸ਼ਟਰਾ ਮੰਡਲ ਵਿਖੇ ਹੋਈ। ਕਾਨਫਰੰਸ ਦਾ ਉਦਘਾਟਨ ਕਰਦੇ ਹੋਏ ਆਲ ਇੰਡੀਆ ਸਟੇਟ ਗੌਰਮਿੰਟ ਇੰਪਲਾਈਜ ਫੈਡਰੇਸ਼ਨ ਦੇ ਕੌਮੀ ਜਨਰਲ ਸਕੱਤਰ ਏ ਸ੍ਰੀ ਕੁਮਾਰ ਨੇ ਕਿਹਾ ਕਿ ਦੇਸ਼ ਭਰ ਦੇ ਪੈਨਸ਼ਨਰਾਂ ਵਲੋਂ ਕੌਮੀ ਫੈਡਰੇਸ਼ਨ ਸਥਾਪਿਤ ਕਰਨਾ ਸ਼ਲਾਘਾਯੋਗ ਹੈ। ਉਹਨਾਂ ਨੇ ਕੇਂਦਰ ਸਰਕਾਰ ਦੀਆਂ ਕਾਰਪੋਰੇਟ ਪੱਖੀ ਘਰਾਣਿਆਂ ਨੂੰ ਹਰ ਪੱਧਰ 'ਤੇ ਵੱਡੇ ਲਾਭ ਪਹੁੰਚਾਉਣ ਦੀਆਂ ਨੀਤੀਆਂ ਦੀ ਚੀਰ ਫਾੜ ਕਰਦਿਆਂ ਮੁਲਾਜਮਾਂ, ਪੈਂਨਸਨਰਾਂ ਅਤੇ ਹੋਰ ਕਿਰਤੀ ਵਰਗਾਂ ਨੂੰ ਵੱਡੇ ਪੱਧਰ 'ਤੇ ਲਾਮਬੰਦ ਹੋ ਕੇ ਸਾਂਝੇ ਸੰਘਰਸਾਂ ਵਿੱਚ ਵੱਧ ਤੋਂ ਵੱਧ ਯੋਗਦਾਨ ਪਾਉਣ ਦਾ ਸੱਦਾ ਦਿੱਤਾ। ਪੰਜਾਬ ਦੇ ਡੈਲੀਗੇਸਨ ਦੇ ਸਾਥੀ ਸੁਖਦੇਵ ਸਿੰਘ ਢਿੱਲੋਂ ਵਲੋਂ ਅੱਠਵਾਂ ਵੇਤਨ ਆਯੋਗ ਸਥਾਪਤ ਕਰਨ ਸੰਬੰਧੀ ਮਤਾ ਪੇਸ਼ ਕੀਤਾ ਗਿਆ। ਇਸੇ ਤਰ੍ਹਾਂ ਕਾਨਫਰੰਸ ਵਿੱਚ ਵੱਖ-ਵੱਖ ਡੈਲੀਗੇਟ ਸਾਥੀਆਂ ਵਲੋਂ ਵੱਧਦੀ ਮਹਿੰਗਾਈ ,ਪੀ ਐੱਫ ਆਰ ਡੀ ਏ ਰੱਦ ਕਰਨ, ਪੁਰਾਣੀ ਪੈਂਨਸ਼ਨ ਦੀ ਬਹਾਲੀ, ਡੀ ਏ ਦੇ ਬਕਾਇਆ, ਪਾਰਲੀਮੈਂਟ ਸਟੈਂਡਿੰਗ ਕਮੇਟੀ ਦੀਆਂ ਸਿਫਾਰਸ਼ਾਂ ਲਾਗੂ ਕਰਨ ਅਤੇ ਪੈਂਨਸ਼ਨ ਕਮਿਊਟੇਸ਼ਨ ਦੀ ਰਿਕਵਰੀ ਪੰਦਰਾਂ ਸਾਲ ਵਿੱਚ ਕਰਨ ਨੂੰ ਬੰਦ ਕਰਨ ਬਾਰੇ ਆਦਿ ਮਤੇ ਪੇਸ਼ ਕਰਕੇ ਪਾਸ ਕੀਤੇ ਗਏ। ਪਹਿਲੀ ਕਾਨਫਰੰਸ ਵਿੱਚ ਪੰਜਾਬ ਸਟੇਟ ਪੈਂਨਸ਼ਨਰਜ ਕੰਨਫੈਡਰੇਸ਼ਨ (ਰਜਿਸਟਰਡ) ਦੇ ਪ੍ਰਧਾਨ ਸਾਥੀ ਕਰਮ ਸਿੰਘ ਧਨੋਆ ਨੇ ਬਹਿਸ ਵਿੱਚ ਹਿੱਸਾ ਲਿਆ। ਪੰਜਾਬ ਡੈਲੀਗੇਸ਼ਨ ਦੇ ਸਾਥੀ ਕ੍ਰਿਸ਼ਨ ਬਲਦੇਵ ਨੇ ਦੇਸ਼ ਦੀ ਆਜ਼ਾਦੀ ਦੇ ਸ਼ਹੀਦਾਂ ਨੂੰ ਯਾਦ ਕਰਦਿਆਂ ਤਰੰਨਮ ਵਿੱਚ ਇਨਕਲਾਬੀ ਗੀਤ "ਸਰਫ਼ਰੋਸ਼ੀ ਕੀ ਤਮੰਨਾ ਅਬ ਹਮਾਰੇ ਦਿਲ ਮੇਂ ਹੈ" ਪੇਸ਼ ਕੀਤਾ। ਡੈਲੀਗੇਸ਼ਨ ਵਿੱਚ ਪ੍ਰਧਾਨ ਕਰਮ ਸਿੰਘ ਧਨੋਆ, ਡਾ.ਸੁਖਦੇਵ ਸਿੰਘ ਢਿੱਲੋਂ, ਸ੍ਰੀਮਤੀ ਕੁਲਵੰਤ ਕੌਰ ਢਿੱਲੋਂ, ਕੁਲਦੀਪ ਸਿੰਘ ਕੌੜਾ, ਰਤਨ ਸਿੰਘ, ਕ੍ਰਿਸਨ ਬਲਦੇਵ ਅਤੇ ਕੌਮੀ ਸਕੱਤਰ ਮੈਂਬਰ ਮਨਜੀਤ ਸਿੰਘ ਸੈਣੀ ਆਦਿ ਸ਼ਾਮਲ ਹੋਏ।

# ਇਜ਼ਰਾਈਲ ਅਮਰੀਕਨ ਸਾਮਰਾਜ ਦੀ ਸ਼ਹਿ 'ਤੇ ਫਲਸਤੀਨੀ ਅਵਾਮ ਦੀ ਨਸਲਕੁਸ਼ੀ ਲਈ ਕਰ ਰਿਹਾ ਹਮਲੇ



**ਮਾਹਿਲਪੁਰ (ਸਫਰੀ)** ਸਲਾਹਪੁਰ-ਗੜ੍ਹਸ਼ੰਕਰ ਸੀ ਪੀ ਆਈ ਐਮ ਦੀ ਕੇਂਦਰੀ ਕਮੇਟੀ ਦੇ ਸੱਦੇ 'ਤੇ ਫਲਸਤੀਨੀ ਅਵਾਮ ਨਾਲ ਯਕਜਹਿਤੀ ਲਈ, ਅਸਾਵੀਂ ਜੰਗ ਨੂੰ ਰੋਕਣ ਲਈ ਯੂਨਾਈਟਿਡ ਨੇਸ਼ਨ ਦੇ ਮਤੇ ਨੂੰ ਲਾਗੂ ਕਰਨ ਲਈ ਇਜ਼ਰਾਇਲੀ ਪ੍ਰਧਾਨ ਮੰਤਰੀ ਨਿਤੇਨ ਯਾਹੂ ਤੇ ਅਮਰੀਕਨ ਸਾਮਰਾਜ ਦਾ ਪੁੱਤਲਾ ਫੂਕਿਆ ਗਿਆ। ਇਸ ਮੌਕੇ ਦਰਸ਼ਨ ਸਿੰਘ ਮੱਟੂ ਨੇ ਕਿਹਾ ਕਿ ਅਮਰੀਕਨ ਸਾਮਰਾਜ ਅਸਲਾ ਤੇ ਫੌਜੀ ਸਮਾਨ ਵੇਚਣ ਲਈ ਇਜ਼ਰਾਈਲ ਨੂੰ ਹਮਾਇਤ ਕਰ ਰਿਹਾ, ਜਿਸ ਨਾਲ ਫਲਸਤੀਨੀ ਅਵਾਮ ਦਾ ਘਾਣ ਕੀਤਾ ਜਾ ਰਿਹਾ ਹੈ, ਦਸ ਹਜ਼ਾਰ ਤੋਂ ਵਧ ਆਮ ਲੋਕ, ਬੱਚੇ ਮਾਰੇ ਜਾ ਚੁੱਕੇ ਹਨ, ਹੁਣ ਅੱਤ ਹੋ ਚੁੱਕੀ ਹੈ, ਅਮਨਪਸੰਦ ਲੋਕਾਂ ਨੂੰ ਜੰਗ ਵਿਰੁੱਧ ਹੋਰ ਅਵਾਜ਼ ਬੁਲੰਦ ਕਰਨ ਦੀ ਅਪੀਲ ਕੀਤੀ। ਸਾਥੀ ਮੱਟੂ ਨੇ ਮੋਦੀ ਸਰਕਾਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਦੇਸ਼ ਦੀ ਗੁਟਨਿਰਲੇਪ ਬਦੇਸ਼ ਪਾਲਸੀ ਨੂੰ ਪੁੱਠਾ ਗੇੜਾ ਦੇਕੇ ਅਮਰੀਕਨ ਸਾਮਰਾਜ ਦੀ ਛੋਟੀ ਭਾਈਵਾਲ ਬਣ ਗਈ ਹੈ, ਇਸ ਦੀ ਵਧ ਤੋਂ ਵਧ ਨਿਖੇਧੀ ਕਰਨੀ ਚਾਹੀਦੀ ਹੈ। ਮੱਟੂ ਨੇ 16 ਨਵੰਬਰ ਨੂੰ ਸੱਤ ਗਦਰੀ ਬਾਬਿਆਂ ਦੇ ਸ਼ਹੀਦੀ ਸਮਾਗਮ 'ਚ ਪਹੁੰਚਣ ਦੀ ਅਪੀਲ ਕੀਤੀ। ਸਾਥੀ ਅਵਤਾਰ ਸਿੰਘ ਨੇ ਪੁੱਤਲੇ ਨੂੰ ਅੱਗ ਲਾਈ ਤੇ ਰੋਹ ਭਰੇ ਨਾਅਰੇ ਲਗਾਏ ਗਏ। ਆਏ ਲੋਕਾਂ ਦਾ ਚੈਨ ਰਾਮ ਸਾਬਕ ਬਲਾਕ ਸੰਮਤੀ ਮੈਂਬਰ ਨੇ ਧੰਨਵਾਦ ਕੀਤਾ। ਇਸ ਮੌਕੇ ਕਿਸ਼ਨ ਕੁਮਾਰ, ਪਿਆਰਾ ਰਾਮ,ਗੁਰਮੇਲ ਸਿੰਘ, ਲਾਡੀ,ਸ਼ੇਰਾ,ਅਮਰੀਕ ਸਿੰਘ, ਪ੍ਰੇਮ ਸਿੰਘ, ਕੁਲਦੀਪ ਸਿੰਘ, ਚਮਨ ਲਾਲ, ਅਮਰਜੀਤ ਸਿੰਘ, ਜਨਕ ਰਾਜ,ਕਾਕਾ,ਗੁਰਮੀਤ ਸਿੰਘ, ਭੋਲਾ, ਜਰਨੈਲ ਸਿੰਘ, ਦੀਪਕ ਕੁਮਾਰ, ਜਸਪਾਲ ਸਿੰਘ ਸਹੂੰਗੜ੍ਹਾ, ਮੁਹੰਮਦ ਨੂਰ ਮਾਹੀ ਆਦਿ ਹਾਜ਼ਰ ਸਨ।

# ਦੀਵਾਲੀ ਦੇ ਮੱਦੇਨਜ਼ਰ ਸ਼ਹਿਰ 'ਚ ਫਲੈਗ ਮਾਰਚ ਕੱਢਿਆ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਦੀਵਾਲੀ ਦੇ ਤਿਉਹਾਰ ਨੂੰ ਮੁੱਖ ਰੱਖਦਿਆਂ ਐੱਸਐੱਸਪੀ ਬਟਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਡੀਐੱਸਪੀ ਰਾਜੇਸ਼ ਕੱਕੜ ਦੀ ਰਹਿਨੁਮਾਈ ਅਤੇ ਐੱਸਐੱਚਓ ਕਾਦੀਆਂ ਕੁਲਵੰਤ ਸਿੰਘ ਮਾਨ ਦੀ ਅਗਵਾਈ ਹੇਠ ਸ਼ਹਿਰ ਕਾਦੀਆਂ ਵਿਖੇ ਫਲੈਗ ਮਾਰਚ ਕੱਢਿਆ ਗਿਆ। ਇਹ ਫਲੈਗ ਮਾਰਚ ਥਾਣਾ ਕਾਦੀਆਂ ਤੋਂ ਸ਼ੁਰੂ ਹੋ ਕੇ ਪੂਰੇ ਸ਼ਹਿਰ ਵਿੱਚ ਕੱਢਿਆ। ਇਸ ਫਲੈਗ ਮਾਰਚ ਦੌਰਾਨ ਸ਼ਹਿਰ ਦੇ ਮੇਨ ਬਾਜ਼ਾਰ ਅਤੇ ਦੁਕਾਨਦਾਰਾਂ ਨੂੰ ਹਦਾਇਤਾਂ ਕੀਤੀਆਂ ਗਈਆਂ ਕਿ ਬਿਨਾਂ ਲਾਇਸੰਸ ਤੋਂ ਕੋਈ ਵੀ ਪਟਾਕੇ ਦੀ ਦੁਕਾਨ ਨਹੀਂ ਲਗਾਏਗਾ। ਇਸ ਮੌਕੇ ਬੱਸ ਸਟੈਂਡ ਕਾਦੀਆਂ ਵਿਖੇ ਬੱਸਾਂ ਦੀ ਚੈਕਿੰਗ ਵੀ ਕੀਤੀ ਗਈ। ਇਸ ਦੌਰਾਨ ਮੋਟਰਸਾਈਕਲਾਂ ਦੀ ਚੈਕਿੰਗ ਕੀਤੀ ਗਈ। ਐੱਸਐੱਚਓ ਮਾਨ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਲੋਕ ਦੀਵਾਲੀ ਨੂੰ ਮੁੱਖ ਰੱਖਦਿਆਂ ਟਰੈਫਿਕ ਨਿਯਮਾਂ ਦਾ ਧਿਆਨ ਰੱਖਣ ਅਤੇ ਕੋਈ ਵੀ ਸ਼ੱਕੀ ਚੀਜ਼ ਮਿਲੇ ਤਾਂ ਥਾਣਾ ਕਾਦੀਆਂ ਨੂੰ ਤੁਰੰਤ ਸੂਚਿਤ ਕੀਤਾ ਜਾਵੇ।

# ਡਾ. ਭਾਟੀਆ ਨੇ ਲੋਕਾਂ ਨੂੰ ਹਰੀ ਦੀਵਾਲੀ ਮਨਾਉਣ ਦਾ ਦਿੱਤਾ ਸੁਨੇਹਾ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**-ਦਿਨੋ-ਦਿਨ ਵੱਧ ਰਹੇ ਹਵਾ ਪ੍ਰਦੂਸ਼ਣ ਤੇ ਆਉਣ ਵਾਲੇ ਦੀਵਾਲੀ ਦੇ ਤਿਉਹਾਰ ਨੂੰ ਗਰੀਨ ਦੀਵਾਲੀ ਵਜੋਂ ਮਨਾਉਣ ਦੇ ਮੱਤਵ ਨਾਲ ਸਥਾਨਕ ਭਾਟੀਆ ਹਸਪਤਾਲ ਦੇ ਪ੍ਰਬੰਧਕ ਤੇ ਸਿੱਖ ਨੈਸ਼ਨਲ ਕਾਲਜ ਕਾਦੀਆਂ ਦੇ ਸਥਾਨਕ ਪ੍ਰਬੰਧਕ ਕਮੇਟੀ ਦੇ ਸਕੱਤਰ ਸਰਜਨ ਡਾਕਟਰ ਬਲਚਰਨਜੀਤ ਸਿੰਘ ਭਾਟੀਆ ਵੱਲੋਂ ਪੌਦੇ ਵੰਡ ਕੇ ਵਾਤਾਵਰਨ ਦੀ ਸ਼ੁੱਧਤਾ ਦਾ ਇਲਾਕਾ ਵਾਸੀਆਂ ਨੂੰ ਸੁਨੇਹਾ ਦਿੱਤਾ ਹੈ। ਆਪਣੀ ਘਰੇਲੂ ਨਰਸਰੀ ਵਿੱਚ ਤਿਆਰ ਕੀਤੇ 400 ਦੇ ਕਰੀਬ ਨਿੰਮ ਦੇ ਪੌਦੇ ਉਨ੍ਹਾਂ ਇਲਾਕੇ ਦੇ ਸਕੂਲਾਂ ਕਾਲਜਾਂ ਦੇ ਵਿਦਿਆਰਥੀਆਂ ਤੇ ਪੌਦਿਆਂ ਦੀ ਸਾਂਭ-ਸੰਭਾਲ ਰੱਖਣ ਵਾਲਿਆਂ ਨੂੰ ਭੇਟ ਕੀਤੇ ਹਨ। ਸਿੱਖ ਨੈਸ਼ਨਲ ਕਾਲਜ ਕਾਦੀਆਂ ਵਿਖੇ ਨਿੰਮ ਦੇ ਪੌਦੇ ਵੰਡੇ ਗਏ ਤੇ ਵਿਦਿਆਰਥੀਆਂ ਨੂੰ ਗਰੀਨ ਦੀਵਾਲੀ ਮਨਾ ਕੇ ਵਾਤਾਵਰਨ ਦੀ ਸਾਂਭ-ਸੰਭਾਲ ਵਿੱਚ ਹਿੱਸਾ ਪਾਉਣ ਲਈ ਜਾਗਰੂਕ ਕੀਤਾ। ਇਸ ਮੌਕੇ ਉਨ੍ਹਾਂ ਨਾਲ ਕਾਲਜ ਪ੍ਰਬੰਧਕ ਕਮੇਟੀ ਮੈਂਬਰ ਇੰਜੀਨੀਅਰ ਨਰਿੰਦਰ ਪਾਲ ਸਿੰਘ ਸੰਧੂ, ਪ੍ਰਿੰਸੀਪਲ ਡਾਕਟਰ ਹਰਪ੍ਰੀਤ ਸਿੰਘ ਹੁੰਦਲ, ਐੱਨਐੱਸਐੱਸ ਵਿਭਾਗ ਦੇ ਪ੍ਰੋਗਰਾਮ ਅਫਸਰ ਪ੍ਰੋਫੈਸਰ ਸੁਖਪਾਲ ਕੌਰ, ਹਰਕਵਲ ਸਿੰਘ ਬੱਲ, ਪ੍ਰੋਫੈਸਰ ਗੁਰਿੰਦਰ ਸਿੰਘ, ਪ੍ਰੋਫੈਸਰ ਕੁਲਵਿੰਦਰ ਸਿੰਘ, ਡਾਕਟਰ ਗੁਰਦੀਪ ਸਿੰਘ, ਐੱਨਸੀਸੀ ਵਿੰਗ ਦੇ ਇੰਚਾਰਜ ਲੈਫ. ਸਤਵਿੰਦਰ ਸਿੰਘ ਕਾਹਲੋਂ ਸਮੇਤ ਅਧਿਆਪਕ ਤੇ ਵਿਦਿਆਰਥੀ ਹਾਜ਼ਰ ਸਨ।

## ਹਰਿਆਣਾ ਸਰਕਾਰ ਦਾ ਵਿਸ਼ੇਸ਼ ਪੁਲਸ ਅਧਿਕਾਰੀਆਂ ਨੂੰ ਦੀਵਾਲੀ ਦਾ ਤੋਹਫਾ

**ਚੰਡੀਗੜ੍ਹ-(ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਨੇ ਸੂਬੇ ਵਿਚ ਤੈਨਾਤ ਵਿਸ਼ੇਸ਼ ਪੁਲਸ ਅਧਿਕਾਰੀ (ਐਸਪੀਓ) ਨੂੰ ਦੀਵਾਲੀ ਦੇ ਤੋਹਫਾ ਦਿੰਦੇ ਹੋਏ ਉਨ੍ਹਾਂ ਦੇ ਮਹੀਨਾ ਮਾਨਭੱਤੇ ਨੂੰ 18000 ਰੁਪਏ ਤੋਂ ਵਧਾ ਕੇ 20000 ਰੁਪਏ ਕਰਨ ਦੀ ਪ੍ਰਸ਼ਾਸ਼ਨਿਕ ਮੰਜੂਰੀ ਪ੍ਰਦਾਨ ਕੀਤੀ ਹੈ। ਹੁਣ ਸੂਬੇ ਵਿਚ ਲਗਭਗ 9000 ਐਸਪੀਓ ਕੰਮ ਕਰ ਰਹੇ ਹਨ। ਮੁੱਖ ਮੰਤਰੀਨੇ ਕਿਹਾ ਕਿ ਸਾਡੇ ਵਿਸ਼ੇਸ਼ ਪੁਲਸ ਅਧਿਕਾਰੀਆਂ ਵੱਲੋਂ ਪ੍ਰਦਰਸ਼ਿਤ ਪ੍ਰਤੀਬੱਧਤਾ ਅਤੇ ਸਮਰਪਣ ਮੌਜੂਦਾ ਵਿਚ ਸ਼ਲਾਘਾਯੋਗ ਹੈ। ਉਹ ਸਾਡੇ ਨਾਗਰਿਕਾਂ ਦੀ ਸੁਰੱਖਿਆ ਅਤੇ ਭਲਾਈ ਯਕੀਨੀ ਕਰਨ ਵਿਚ ਮਹਤੱਵਪੂਰਨ ਭੂਮਿਕਾ ਨਿਭਾਉਂਦੇ ਹਨ। ਇਹ ਵਿਸ਼ੇਸ਼ ਦੀਵਾਲੀ ਉਪਹਾਰ ਉਨ੍ਹਾਂ ਦੀ ਨਿਸਵਾਰਥ ਦੇ ਲਈ ਸਾਡੀ ਵਚਨਬੱਧਤਾ ਨੂੰ ਇਕ ਛੋਟਾ ਜਿਹਾ ਪ੍ਰਤੀਕ ਹੈ। ਸਾਨੂੰ ਉਮੀਦ ਹੈ ਕਿ ਇਹ ਇਸ ਸ਼ੁੱਭ ਤਿਉਹਾਰ ਦੌਰਾਨ ਉਨ੍ਹਾਂ ਦੇ ਅਤੇ ਉਨ੍ਹਾਂ ਦੇ ਪਰਵਾਰਾਂ ਦੇ ਲਈ ਖੁਸ਼ੀ ਤੇ ਖੁਸ਼ਹਾਲੀ ਲਿਆਏਗਾ।

## ਸੜਕ ਦਾ ਨਾਂਅ ਬਦਲਿਆ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਸਰਕਾਰ ਨੇ ਕਰਨਾਲ ਜ਼ਿਲ੍ਹੇ ਵਿਚ ਪੈਣ ਵਾਲੀ ਨਿਗਧੂ ਪਸਤਾਨਾ ਸੜਕ ਦਾ ਨਾਂਅ ਬਦਲ ਕੇ ਸ਼ਹੀਦ ਗਿਆਨ ਸਿੰਘ ਸੜਕ ਕਰਨ ਦਾ ਫੈਸਲਾ ਕੀਤਾ ਹੈ। ਮੁੱਖ ਮੰਤਰੀ ਮਨੋਹਰ ਲਾਲ ਨੇ ਇੱਥੇ ਸੜਕ ਦਾ ਨਾਂਅ ਬਦਲਣ ਦੀ ਪ੍ਰਸ਼ਾਸ਼ਨਿਕ ਮੰਜੂਰੀ ਦੇ ਦਿੱਤੀ। ਸਰਕਾਰੀ ਬੁਲਾਰੇ ਨੇ ਦਸਿਆ ਕਿ ਪਿੰਡ ਨਿਗਧੂ ਨਿਵਾਸੀ ਸ਼ਹੀਦ ਗਿਆਨ ਸਿੰਘ 24 ਸਾਲ ਦੀ ਉਮਰ ਵਿਚ ਭਾਰਤ ਅਤੇ ਪਾਕਿਸਤਾਨ ਦੇ ਵਿਚ 1971 ਦੇ ਯੁੱਧ ਦੌਰਾਨ ਸ਼ਹੀਦ ਹੋ ਗਏ ਸਨ। ਸੜਕ ਦਾ ਇਹ ਨਾਂਅਕਰਣ ਸ਼ਹੀਦ ਗਿਆਨ ਸਿੰਘ ਦੀ ਹਿੰਮਤੀ ਭਾਵਨਾ ਨੂੰ ਸੱਚੀ ਸ਼ਰਧਾਂਜਲੀ ਹੈ। ਉਨ੍ਹਾਂ ਨੇ ਕਿਹਾ ਕਿ ਇਹ ਫੈਸਲਾ ਨਿਗਧੂ ਦੀ ਗ੍ਰਾਮ ਪੰਚਾਇਤ ਅਤੇ ਕਰਨਾਲ ਦੇ ਡਿਪਟੀ ਕਮਿਸ਼ਨਰ ਸਮੇਤ ਵੱਖ-ਵੱਖ ਹਿਤਧਾਰਕਾਂ ਦੀ ਸਿਫਾਰਿਸ਼ 'ਤੇ ਵਿਚਾਰ ਕਰਨ ਦੇ ਬਾਅਦ ਕੀਤਾ ਗਿਆ ਹੈ

## ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਵਿਖੇ ਟਿਫਿਨ ਕੰਪੀਟੀਸ਼ਨ ਕਰਵਾਇਆ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ**—ਚੀਫ ਖਾਲਸਾ ਦੀਵਾਨ ਚੈਰੀਟੇਬਲ ਸੁਸਾਇਟੀ ਸ੍ਰੀ ਅੰਮ੍ਰਿਤਸਰ ਦੇ ਪ੍ਰਬੰਧ ਅਧੀਨ ਅਤੇ ਮੈਂਬਰ ਇੰਚਾਰਜ ਇਕਬਾਲ ਸਿੰਘ ਲਾਲਪੁਰਾ (ਚੇਅਰਮੈਨ ਕੌਮੀ ਘੱਟ ਗਿਣਤੀ ਕਮਿਸ਼ਨ), ਡਾ. ਪ੍ਰਭਜੋਤ ਕੌਰ (ਰਿਟਾ. ਪ੍ਰਿੰਸੀਪਲ), ਇੰਦਰਜੀਤ ਸਿੰਘ (ਉੱਘੇ ਸਮਾਜ ਸੇਵੀ),ਗੁਰਮਿੰਦਰ ਸਿੰਘ ਭੁੱਲਰ(ਡਾਇਰੈਕਟਰ ਐਜੂਕੇਸ਼ਨ) ਦੀ ਯੋਗ ਅਗਵਾਈ ਹੇਠ ਚੱਲ ਰਹੇ ਚੱਲ ਰਹੇ ਸ੍ਰੀ ਗੁਰੂ ਹਰਿਕ੍ਰਿਸ਼ਨ ਪਬਲਿਕ ਸਕੂਲ ਸ੍ਰੀ ਅਨੰਦਪੁਰ ਸਾਹਿਬ ਦੇ ਵਿਦਿਆਰਥੀਆਂ ਦਾ ਟਿਫਿਨ ਕੰਪੀਟੀਸ਼ਨ ਕਰਵਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਕੂਲ ਇੰਚਾਰਜ ਗੁਰਿੰਦਰ ਕੌਰ ਨੇ ਦੱਸਿਆ ਕਿ ਨਰਸਰੀ, ਐਲ ਕੇ ਜੀ, ਯੂ ਕੇ ਜੀ ਕਲਾਸਾਂ ਦੇ ਵਿਦਿਆਰਥੀਆਂ ਦਾ ਟਿਫਿਨ ਕੰਪੀਟੀਸ਼ਨ ਕਰਵਾਇਆ ਗਿਆ। ਇਹਨਾਂ ਕਲਾਸਾਂ ਦੇ ਵਿਦਿਆਰਥੀ ਘਰਾਂ ਤੋਂ ਸਾਫ ਸੁਥਰਾ ਪੌਸ਼ਟਿਕ ਖਾਣਾ ਤਿਆਰ ਕਰ ਕੇ ਲਿਆਏ। ਸਭ ਤੋਂ ਵਧੀਆ ਟਿਫਿਨ ਵਾਲੇ ਵਿਦਿਆਰਥੀਆਂ ਨੂੰ ਸਰਟੀਫਿਕੇਟ ਵੰਡੇ ਗਏ। ਇਸ ਮੌਕੇ ਨਿਸ਼ਾ ਗਰਗ, ਸ਼ਾਂਤੀ ਦੇਵੀ, ਸਤਿੰਦਰ ਕੌਰ, ਰਜਿੰਦਰ ਕੌਰ, ਕੰਵਲਜੀਤ ਕੌਰ, ਜਸਪ੍ਰੀਤ ਕੌਰ, ਅਮਰਜੀਤ ਕੌਰ ਸਮੇਤ ਸਮੁੱਚਾ ਸਟਾਫ ਹਾਜ਼ਰ ਸੀ।

# ਸਢੌਰਾ ਵਿਧਾਨ ਸਭਾ ਦੇ 5 ਵੱਡੇ ਪਿੰਡਾਂ ਦੀ ਫਿਰਨੀ ਹੋਵੇਗੀ ਪੱਕੀ : ਮੁੱਖ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**-ਹਰਿਆਣਾ ਦੇ ਮੁੱਖ ਮੰਤਰੀ ਮਨੋਹਰ ਲਾਲ ਵੱਲੋਂ ਲੋਕਾਂ ਦੀ ਸਮੱਸਿਆਵਾਂ ਸੁਨਣ ਦੇ ਲਈ ਸ਼ੁਰੂ ਕੀਤੇ ਗਏ ਜਨ ਸੰਵਾਦ ਪ੍ਰੋਗ੍ਰਾਮ ਨੂੰ ਲੋਕ ਜਨ ਹੱਲ ਵਜੋ ਦੇਖ ਰਹੇ ਹਨ ਅਤੇ ਖੁੱਲੇ ਮਨ ਨਾਲ ਮੁੱਖ ਮੰਤਰੀ ਦੇ ਸਾਹਮਣੇ ਆਪਣੀ ਸਮਸਿਆ ਰੱਖ ਰਹੇ ਹਨ। ਮੁੱਖ ਮੰਤਰੀ ਵੀ ਮੌਕੇ 'ਤੇ ਹੀ ਉਨ੍ਹਾਂ ਦੀ ਸਮੱਸਿਆਵਾਂ ਦਾ ਹੱਲ ਕਰਨ ਦੇ ਨਾਲ-ਨਾਲ ਉਨ੍ਹਾਂ ਨੂੰ ਨਵੀਂ-ਨਵੀਂ ਵਿਕਾਸ ਪਰਿਯੋਜਨਾਵਾਂ ਦੀ ਸੌਗਾਤ ਵੀ ਦੇ ਰਹੇ ਹਨ। ਜ਼ਿਲ੍ਹਾ ਯਮੁਨਾ ਨਗਰ ਦੇ ਸਢੌਰਾ ਵਿਧਾਨ ਸਭਾ ਖੇਤਰ ਦੇ ਪਾਬਨੀ ਕਲਾਂ ਪਿੰਡ ਵਿਚ ਪ੍ਰਬੰਧਿਤ ਜਨ ਸੰਵਾਦ ਪ੍ਰੋਗ੍ਰਾਮ ਵਿਚ ਸਰਪੰਚਾਂ ਤੇ ਹੋਰ ਮੌਜਿਜ ਲੋਕਾਂ ਵੱਲੋਂ ਪਿੰਡ ਵਿਚ ਫਿਰਨੀ ਦੇ ਸਬੰਧ ਵਿਚ ਰੱਖੀ ਗਈ ਸਮੱਸਿਆ ਦੀ ਜਾਣਕਾਰੀ ਲੈਂਦੇ ਹੋਏ ਮੁੱਖ ਮੰਤਰੀ ਨੇ ਐਲਾਨ ਕੀਤਾ ਕਿ ਸਢੌਰਾ ਵਿਧਾਨ ਸਭਾ ਦੇ ਸੱਭ ਤੋਂ ਵੱਧ ਆਬਾਦੀ ਵਾਲੇ 5 ਪਿੰਡਾਂ ਦੀ ਫਿਰਨੀਆਂ ਨੂੰ ਪੱਕਾ ਕੀਤਾ ਜਾਵੇਗਾ। ਇਸ ਦੇ ਬਾਅਦ ਹੋਰ ਪਿੰਡਾਂ ਨੂੰ ਵੀ ਅਗਲੇ ਪੜਾਅ ਵਿਚ ਲਿਆ ਜਾਵੇਗਾ। ਮੁੱਖ ਮੰਤਰੀ ਨੇ ਲੋਕਾਂ ਨਾਲ ਸਿੱਧਾ ਸੰਵਾਦ ਕਰਦੇ ਹੋਏ ਕਿਹਾ ਕਿ ਮੌਜੂਦਾ ਸਰਕਾਰ ਦੇ ਹੁਣ ਤਕ ਦੇ 9 ਸਾਲ ਦੇ ਕਾਰਗੁਜਾਰੀ ਵਿਚ ਹਰ ਖੇਤਰ ਵਿਚ ਭਰਪੂਰ ਵਿਕਾਸ ਕੰਮ ਹੋਏ ਹਨ ਅਤੇ ਉਹ ਵੀ ਪਿਛਲੀ ਸਰਕਾਰ ਦੀ ਤੁਲਣਾ ਵਿਚ ਕਾਫੀ ਘੱਟ ਬਜਟ ਵਿਚ ਹੋਏ ਹਨ। ਕਿਉਂਕਿ ਹੁਣ ਉੱਪਰ ਤੋਂ ਭੇਜਿਆ ਗਿਆ 100 ਦਾ 100 ਪੈਸਾ ਧਰਾਤਲ 'ਤੇ ਪਹੁੰਚਦਾ ਹੈ, ਜਦੋਂ ਕਿ ਇਕ ਸਾਬਕਾ ਪ੍ਰਧਾਨ ਮੰਤਰੀ ਨੇ ਖੁਦ ਸਵੀਕਾਰ ਕੀਤਾ ਸੀ ਕਿ ਕੇਂਦਰ ਤੋਂ ਭੇਜੇ ਗਏ 100 ਪੈਸੇ ਵਿੱਚੋਂ ਸਿਰਫ 15 ਪੈਸੇ ਹੀ ਧਰਾਤਲ ਤਕ ਪਹੁੰਚ ਪਾਉਂਦੇ ਹਨ ਤੇ ਬਾਕੀ ਭ੍ਰਿਸ਼ਟਾਚਾਰ ਦੀ ਭੇਂਟ ਚੜ੍ਹ ਜਾਂਦੇ ਹਨ। ਸਾਡੀ ਸਰਕਾਰ ਨੇ ਭ੍ਰਿਸ਼ਟਾਚਾਰ 'ਤੇ ਲਗਾਮ ਕੱਸੀ ਹੈ, ਜਿਸ ਦੇ ਫਲਸਰੂਪ ਵਿਕਾਸ ਦੇ ਲਈ ਭੇਜਿਆ ਗਿਆ ਇਕ-ਇਕ ਪੈਸਾ ਵਿਕਾਸ ਕੰਮਾਂ 'ਤੇ ਹੀ ਖਰਚ ਹੋ ਰਿਹਾ ਹੈ। ਮੁੱਖ ਮੰਤਰੀ ਨੇ ਕਿਹਾ ਕਿ ਸਰਕਾਰ ਨੇ ਹਾਲ ਹੀ ਵਿਚ ਗੰਨਾ ਕਿਸਾਨਾਂ ਨੂੰ ਇਕ ਵੱਡਾ ਤੋਹਫਾ ਦਿੰਦੇ ਹੋਏ ਗੰਨੇ ਦੇ ਮੁੱਲ ਵਿਚ ਵਿਲੱਖਣ ਵਾਧਾ ਕਰਦੇ ਹੋਏ 372 ਰੁਪਏ ਪ੍ਰਤੀ ਕੁਇੰਟਲ ਤੋਂ ਵਧਾ ਕੇ 386 ਰੁਪਏ ਪ੍ਰਤੀ ਕੁਇੰਟਲ ਕੀਤਾ ਹੈ। ਇੰਨ੍ਹਾਂ ਹੀ ਨਹੀਂ ਹੁਣ ਤੋਂ ਅਗਲੇ ਸਾਲ ਦੇ ਲਈ ਗੰਨੇ ਦਾ ਮੁੱਲ 400 ਰੁਪਏ ਪ੍ਰਤੀ ਕੁਇੰਟਲ ਨਿਰਧਾਰਿਤ ਕਰ ਦਿੱਤਾ ਹੈ, ਜੋ ਕਿ ਦੇਸ਼ ਵਿਚ ਸੱਭ ਤੋਂ ਵੱਧ ਹੈ।

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਨੇ ਲਗਾਇਆ ਖ਼ੂਨਦਾਨ ਕੈਂਪ



**ਜਲੰਧਰ: (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**-ਕੌਮੀ ਕਾਨੂੰਨੀ ਸੇਵਾਵਾਂ ਦਿਵਸ ਮੌਕੇ 'ਤੇ ਨਿਰਭਉ ਸਿੰਘ ਗਿੱਲ ਜ਼ਿਲ੍ਹਾ ਅਤੇ ਸੈਸ਼ਨਜ ਜੱਜ -ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਦੀ ਰਹਿਨੁਮਾਈ ਹੇਠ ਖ਼ੂਨਦਾਨ ਕੈਂਪ ਲਗਾਇਆ ਗਿਆ। ਥੈਲੇਸੀਮੀਆ ਤੋਂ ਪ੍ਰਭਾਵਿਤ ਬੱਚਿਆਂ ਵਾਸਤੇ ਦਫਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਜਲੰਧਰ ਵਿਖੇ ਬਾਰ ਐਸੋਸੀਏਸ਼ਨ ਜਲੰਧਰ ਦੇ ਸਹਿਯੋਗ ਨਾਲ ਲਗਾਏ ਗਏ ਕੈਂਪ ਦਾ ਉਦਘਾਟਨ ਨਿਰਭਉ ਸਿੰਘ ਗਿੱਲ ਜ਼ਿਲ੍ਹਾ ਤੇ ਸੈਸਨਜ਼ ਜੱਜ ਕਮ ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਵੱਲੋਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਖ਼ੂਨਦਾਨ ਕੈਂਪ ਵਿੱਚ 30 ਯੂਨਿਟ ਬਲੱਡ ਵੱਖ-ਵੱਖ ਸ਼ਖਸੀਅਤਾਂ ਜਿਨ੍ਹਾਂ ਵਿੱਚ ਵਕੀਲ, ਲਾਅ ਕਾਲਜਾਂ ਦੇ ਵਿਦਿਆਰਥੀਆਂ ਵੱਲੋਂ ਖ਼ੂਨ ਦਾਨ ਕੀਤਾ ਗਿਆ। ਉਹਨਾਂ ਕਿਹਾ ਕਿ ਖ਼ੂਨਦਾਨ ਕਰਨਾ ਮਾਨਵਤਾ ਲਈ ਵੱਡੀ ਸੇਵਾ ਕਰਨ ਦੇ ਬਰਾਬਰ ਹੈ ਅਤੇ ਸਾਨੂੰ ਸਾਰਿਆਂ ਨੂੰ ਵੱਧ ਤੋਂ ਵੱਧ ਖ਼ੂਨਦਾਨ ਕਰਨਾ ਚਾਹੀਦਾ ਹੈ ਤਾਂ ਜੋ ਜ਼ਰੂਰਤ ਪੈਣ 'ਤੇ ਦਾਨ ਕੀਤਾ ਗਿਆ ਖੂਨ ਲੋੜਵੰਦਾਂ ਦੇ ਕੰਮ ਆ ਸਕੇ। ਉਨ੍ਹਾਂ ਕਿਹਾ ਕਿ 9 ਨਵੰਬਰ ਦੇ ਦਿਨ ਦੀ ਕਾਨੂੰਨ ਦੇ ਖੇਤਰ ਵਿੱਚ ਖਾਸ ਮਹੱਤਤਾ ਹੈ ਕਿਉਂ ਜੋ ਕਾਨੂੰਨੀ ਸੇਵਾਵਾਂ ਅਥਾਰਟੀਜ ਐਕਟ 1987 ਮਿਤੀ 9 ਨਵੰਬਰ 1995 ਨੂੰ ਲਾਗੂ ਹੋਇਆ ਸੀ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਜਲੰਧਰ ਗਰੀਬ ਅਤੇ ਲੋੜਵੰਦ ਵਿਅਕਤੀਆਂ/ਔਰਤਾਂ/ਬੱਚਿਆਂ ਨੂੰ ਸਰਕਾਰੀ ਖਰਚੇ 'ਤੇ ਵਕੀਲ ਦੀਆਂ ਸੇਵਾਵਾਂ ਪ੍ਰਦਾਨ ਕਰਦੀ ਹੈ ਅਤੇ ਸਮਝੌਤਾ ਕੇਂਦਰਾਂ ਰਾਹੀ ਲੋਕਾਂ ਦੇ ਲੰਬਿਤ ਝਗੜਿਆਂ ਦਾ ਨਿਪਟਾਰਾ ਵੀ ਕਰਵਾਇਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਲੋੜਵੰਦ ਵਿਅਕਤੀ ਇਨ੍ਹਾਂ ਸੇਵਾਵਾਂ ਵਾਸਤੇ ਜ਼ਿਲ੍ਹਾ ਕਚਿਹਰੀਆਂ ਵਿਖੇ ਸਥਿਤ ਵਿਕਲਪੀ ਝਗੜਾ ਨਿਵਾਰਣ ਕੇਂਦਰ ਵਿਖੇ ਸੰਪਰਕ ਕਰ ਸਕਦੇ ਹਨ। ਟੋਲ ਫ੍ਰੀ ਨੰਬਰ -1968 'ਤੇ ਵੀ ਸੰਪਰਕ ਕੀਤਾ ਜਾ ਸਕਦਾ ਹੈ। ਇਸ ਮੌਕੇ ਤੇ ਸੀ.ਜੇ.ਐਮ-ਕਮ-ਸਕੱਤਰ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਡਾ. ਗਗਨਦੀਪ ਕੌਰ ਨੇ ਵਿਕਟਮ ਕੰਪਨਜੇਸ਼ਨ ਸਕੀਮ ਬਾਰੇ ਜਾਣਕਾਰੀ ਦਿੱਤੀ। ਇਸ ਦੇ ਨਾਲ ਹੀ ਜ਼ਿਲ੍ਹਾ ਕਚਹਿਰੀ ਵਿਖੇ ਪੁਰਾਣੇ ਕੱਪੜਿਆਂ ਅਤੇ ਫੁੱਲਾਂ ਤੋਂ ਤਿਆਰ ਕੀਤੇ ਸਮਾਨ ਜਿਵੇਂ ਕਾਰਡ, ਦੀਵੇ, ਬੈਗ ਅਤੇ ਹੋਰ ਚੀਜਾਂ ਦੀ ਪ੍ਰਦਰਸ਼ਨੀ ਹਰੀਆਂ ਚਿੜੀਆਂ ਪ੍ਰੋਜੈਕਟ ਦੇ ਮੈਡਮ ਰਮਨਪ੍ਰੀਤ ਕੌਰ ਅਤੇ ਮਾਧਵ ਸੇਵਾ ਸੋਸਾਇਟੀ ਦੇ ਪ੍ਰਧਾਨ ਵਿਵੇਕ ਜੋਸ਼ੀ ਵਕੀਲ ਦੇ ਸਹਿਯੋਗ ਨਾਲ ਲਗਾਈ ਗਈ। ਇਸ ਮੌਕੇ ਜੁਡੀਸ਼ੀਅਲ ਅਧਿਕਾਰੀ ,ਪ੍ਰਧਾਨ ਬਾਰ ਐਸੋਸੀਏਸ਼ਨ ਜਲੰਧਰ ਸਮੇਤ ਬਾਰ ਕਾਰਜਕਾਰੀ ਅਤੇ 160 ਵਾਰ ਤੋਂ ਜਿਆਦਾ ਵਾਰੀ ਖ਼ੂਨਦਾਨ ਕਰ ਚੁੱਕੇ ਜਤਿੰਦਰ ਸੋਨੀ ਵੀ ਹਾਜਰ ਸਨ।

# ਪੁਲਸ ਤੋਂ ਖਫਾ ਦਿਹਾਤੀ ਮਜ਼ਦੂਰ ਸਭਾ ਨੇ ਚੌਕੀ ਇੰਚਾਰਜ ਦਾ ਪੁਤਲਾ ਫੂਕਿਆ



**ਪੱਟੀ (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਔਰਤਾਂ ਦੀ ਕੁੱਟਮਾਰ ਤੇ ਕੱਪੜੇ ਪਾੜਨ ਦਾ ਇਨਸਾਫ ਨਾ ਮਿਲਣ ਕਾਰਨ ਦਿਹਾਤੀ ਮਜ਼ਦੂਰ ਸਭਾ ਦੀ ਬ੍ਰਾਂਚ ਤੂਤ ਵੱਲੋਂ ਪੁਲਸ ਚੌਕੀ ਇੰਚਾਰਜ ਤੂਤ ਦੀ ਅਰਥੀ ਸਾੜੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਮਜ਼ਦੂਰ ਔਰਤਾਂ ਤੇ ਮਰਦ ਇਕੱਠੇ ਹੋਏ। ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਤਹਿਸੀਲ ਸਕੱਤਰ ਚੰਦ ਸਿੰਘ ਤੂਤ ਨੇ ਕਿਹਾ ਕਿ ਪਿਛਲੇ ਦਿਨੀਂ ਪਿੰਡ ਤੂਤ ਦੀਆਂ ਮਜ਼ਦੂਰ ਔਰਤਾਂ ਦਲਜੀਤ ਕੌਰ ਤੇ ਨਿੰਦਰ ਕੌਰ ਦੇ ਪਿੰਡ ਦੇ ਹੀ ਕੁਝ ਸਿਆਸੀ ਸ਼ਹਿ ਪ੍ਰਾਪਤ ਅਰਸ਼ਦੀਪ ਸਿੰਘ ਪੁੱਤਰ ਕੁਲਵੰਤ ਸਿੰਘ, ਕਰਨ ਸਿੰਘ ਪੁੱਤਰ ਕੁਲਵੰਤ ਸਿੰਘ ਵੱਲੋਂ ਇਨ੍ਹਾਂ ਔਰਤਾਂ ਨਾਲ ਗਾਲੀ ਗਲੋਚ ਕਰਕੇ ਭਾਰੀ ਕੁੱਟਮਾਰ ਕੀਤੀ ਗਈ ਤੇ ਇਨ੍ਹਾਂ ਦੇ ਕੱਪੜੇ ਪਾੜ ਦਿੱਤੇ ਗਏ। ਇਸ ਸਬੰਧੀ ਲਿਖਤੀ ਦਰਖਾਸਤ ਚੌਕੀ ਇੰਚਾਰਜ ਤੂਤ ਨੂੰ ਦਿੱਤੀ ਗਈ ਪਰ ਇੱਕ ਮਹੀਨਾ ਬੀਤ ਜਾਣ ਦੇ ਬਾਵਜੂਦ ਦੋਸ਼ੀਆਂ ਖਿਲਾਫ ਕੋਈ ਕਾਰਵਾਈ ਨਹੀਂ ਕੀਤੀ ਗਈ। ਚੌਕੀ ਇੰਚਾਰਜ ਤੂਤ ਹਾਕਮ ਧਿਰ ਦਾ ਵਰਕਰ ਬਣ ਕੇ ਕੰਮ ਕਰ ਰਿਹਾ ਹੈ। ਪੀੜਤਾਂ ਨੂੰ ਇਨਸਾਫ ਨਹੀਂ ਦੇ ਰਿਹਾ। ਇਸ ਸਬੰਧੀ ਜਿਸ ਵੇਲੇ ਦਿਹਾਤੀ ਮਜ਼ਦੂਰ ਸਭਾ ਦੇ ਆਗੂ ਹਰਜਿੰਦਰ ਸਿੰਘ ਚੂੰਘ ਨੇ ਫੋਨ ਤੇ ਗੱਲਬਾਤ ਕੀਤੀ ਤਾਂ ਚੌਕੀ ਇੰਚਾਰਜ ਤੂਤ ਨੇ ਅੱਗੋਂ ਭੱਦੇ ਸ਼ਬਦਾਂ ਦੀ ਵਰਤੋਂ ਕੀਤੀ ਜੋ ਅਤੀ ਨਿੰਦਣਯੋਗ ਹੈ। ਜਥੇਬੰਦੀ ਨੇ ਐੱਸਐੱਸਪੀ ਤਰਨਤਾਰਨ ਤੋਂ ਮੰਗ ਕਰਦਿਆਂ ਕਿਹਾ ਕਿ ਇਸ ਹੈਂਕੜਬਾਜ਼ ਚੌਕੀ ਇੰਚਾਰਜ ਤੂਤ ਨੂੰ ਸਸਪੈਂਡ ਕੀਤਾ ਜਾਵੇ ਅਤੇ ਪੀੜਤ ਔਰਤਾਂ ਦੇ ਕੱਪੜੇ ਪਾੜਨ ਵਾਲੇ ਦੋਸ਼ੀਆਂ ਖਿਲਾਫ ਪਰਚਾ ਦਰਜ ਕੀਤਾ ਜਾਵੇ। ਜੇਕਰ ਪੀੜਤ ਔਰਤਾਂ ਨੂੰ ਇਨਸਾਫ ਨਾ ਦਿੱਤਾ ਗਿਆ ਤਾਂ ਦਿਹਾਤੀ ਮਜ਼ਦੂਰ ਸਭਾ ਵੱਲੋਂ 15 ਨਵੰਬਰ ਨੂੰ ਐੱਸਐੱਚਓ ਸਦਰ ਪੱਟੀ ਦੇ ਦਫਤਰ ਅੱਗੇ ਵਿਸ਼ਾਲ ਧਰਨਾ ਦਿੱਤਾ ਜਾਵੇਗਾ ਜੋ ਇਨਸਾਫ ਲੈਣ ਤੱਕ ਜਾਰੀ ਰਹੇਗਾ। ਇਸ ਮੌਕੇ ਜਥੇਬੰਦੀ ਦੇ ਸੀਨੀਅਰ ਆਗੂ ਮਲਕੀਤ ਸਿੰਘ ਤੂਤ, ਗੁਰਬੀਰ ਭੱਟੀ ਰਾਜੋਕੇ, ਲਾਜਰ ਮਸੀਹ ਚੂਸਲੇਵੜ ਤੇ ਸੋਨੂੰ ਸ਼ਹੀਦ ਆਦਿ ਆਗੂ ਹਾਜ਼ਰ ਸਨ।

# ਡਿਪਟੀ ਕਮਿਸ਼ਨਰ ਨੇ ਦਿਵਿਆਂਗ ਬੱਚਿਆਂ ਨੂੰ ਤੋਹਫੇ ਦੇ ਕੇ ਦੀਵਾਲੀ ਮਨਾਈ



**ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)**- ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਨੇ ਨੇੜਲੇ ਪਿੰਡ ਮਾਨੇਮਾਜਰਾ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਦਿਵਿਆਂਗ ਬੱਚਿਆਂ ਦੇ ਸਕੂਲ ਵਿਖੇ ਜਾ ਕੇ ਵਿਦਿਆਰਥੀਆਂ ਨੂੰ ਤੋਹਫੇ ਵਜੋਂ ਨਿਊਟ੍ਰੀਸ਼ਨ ਕਿੱਟਾਂ ਵੰਡੀਆਂ , ਉੱਥੇ ਹੀ ਡਿਪਟੀ ਕਮਿਸ਼ਨਰ ਨੂੰ ਦਿਵਿਆਂਗ ਬੱਚਿਆਂ ਨੇ ਗੀਤ ਗਾ ਕੇ ਸੁਣਾਏ ਅਤੇ ਮੁੜ ਸਕੂਲ ਵਿਚ ਆਉਣ ਬਾਰੇ ਵੀ ਕਿਹਾ। ਬੱਚਿਆਂ ਵਲੋਂ ਡਿਪਟੀ ਕਮਿਸ਼ਨਰ ਦੀ ਆਮਦ ਨੂੰ ਲੈ ਕੇ ਖੁਸ਼ੀ ਜ਼ਾਹਿਰ ਕੀਤੀ ਜਾ ਰਹੀ ਸੀ ਕਿ ਉਹ ਸਾਡੇ ਲਈ ਵਧੀਆ ਦੀਵਾਲੀ ਦੇ ਤੋਹਫੇ ਲੈ ਕੇ ਆਏ ਹਨ । ਡਿਪਟੀ ਕਮਿਸ਼ਨਰ ਵਲੋਂ ਦਿਵਿਆਂਗ ਬੱਚਿਆਂ ਨੂੰ ਇਲਾਜ ਲਈ ਆ ਰਹੀਆਂ ਮੁਸ਼ਕਿਲਾਂ ਬਾਰੇ ਵੀ ਪੁੱਛਿਆ ਅਤੇ ਮੌਕੇ 'ਤੇ ਹੀ ਜ਼ਿਲ੍ਹਾ ਪ੍ਰੋਗਰਾਮ ਅਫਸਰ ਨਿਖਿਲ ਅਰੋੜਾ, ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਰਜਿੰਦਰ ਕੌਰ ਅਤੇ ਅਧਿਆਪਕਾਂ ਨੂੰ ਹਰ ਬੱਚੇ ਉੱਤੇ ਵਿਸ਼ੇਸ਼ ਧਿਆਨ ਦੇ ਕੇ ਵੱਖਰਾ-ਵੱਖਰਾ ਪ੍ਰੋਫਾਇਲ ਬਣਾਉਣ ਦੀ ਹਦਾਇਤ ਕੀਤੀ ਤਾਂ ਜੋ ਕਿ ਆਉਣ ਵਾਲੇ ਸਮੇਂ ਦੌਰਾਨ ਸਕੂਲ ਵਿਚ ਕੈਂਪ ਲਗਾ ਕੇ ਵਿਦਿਆਰਥੀਆਂ ਨੂੰ ਲੋੜ ਅਨੁਸਾਰ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਸਕਣ। ਡਾ. ਪ੍ਰੀਤੀ ਯਾਦਵ ਨੇ ਕਿਹਾ ਕਿ ਜੇਕਰ ਦਿਵਿਆਂਗ ਬੱਚਿਆਂ ਦਾ ਸਮੇਂ ਅਨੁਸਾਰ ਇਲਾਜ ਕਰਵਾਇਆ ਜਾਵੇ ਤਾਂ ਇਨ੍ਹਾਂ ਲੋੜਵੰਦ ਬੱਚਿਆ ਦੀ ਹਾਲਤ ਵਿਚ ਸੁਧਾਰ ਹੋਣ ਦੀ ਕਾਫੀ ਉਮੀਦ ਵੱਧ ਜਾਂਦੀ ਹੈ । ਉਨ੍ਹਾਂ ਅਧਿਆਪਕਾਂ ਨੂੰ ਬੱਚਿਆਂ ਦੇ ਇਲਾਜ ਲਈ ਉਨ੍ਹਾਂ ਦੇ ਮਾਪਿਆਂ ਨੂੰ ਪ੍ਰੇਰਿਤ ਕਰਨ ਲਈ ਵੀ ਕਿਹਾ। ਇਸ ਤੋਂ ਬਾਅਦ ਡਿਪਟੀ ਕਮਿਸ਼ਨਰ ਵਲੋਂ ਪਿੰਡ ਮਾਨੇਮਾਜਰਾ ਦੇ ਆਂਗਣਵਾੜੀ ਕੇਂਦਰ ਦਾ ਦੌਰਾ ਵੀ ਕੀਤਾ ਗਿਆ ਅਤੇ ਬੱਚਿਆਂ ਨੂੰ ਨਿਊਟ੍ਰੀਸ਼ਨ ਕਿੱਟਾਂ ਵੰਡੀਆਂ ਅਤੇ ਛੋਟੇ ਬੱਚਿਆਂ ਵਲੋਂ ਡਿਪਟੀ ਕਮਿਸ਼ਨਰ ਨੂੰ ਖੁਸ਼ੀ ਜਾਹਿਰ ਕਰਦੇ ਹੋਏ ਦੀਵਾਲੀ ਦੀਆਂ ਵਧਾਈਆਂ ਦਿੱਤੀਆਂ ਅਤੇ ਕਵਿਤਾਵਾਂ ਵੀ ਸੁਣਾਈਆਂ। ਇਸ ਮੌਕੇ ਬਾਲ ਵਿਕਾਸ ਤੇ ਪ੍ਰੋਜੈਕਟ ਅਫਸਰ ਪਵਨਿੰਦਰ ਕੌਰ ਅਤੇ ਸਕੱਤਰ ਜਿਲ੍ਹਾ ਰੈੱਡ ਕਰਾਸ ਲੀਗਲ ਅਫਸਰ ਵਰਿੰਦਰ ਸਿੰਘ ਆਦਿ ਹਾਜਰ ਸਨ ।

# ਸ਼ੈਲਿੰਦਰਜੀਤ ਸਿੰਘ 'ਰਾਜਨ' ਨਾਲ ਰੂਬਰੂ ਸਮਾਗਮ ਅੱਜ



**ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)**-ਸਾਹਿਤਕ ਪਿੜ ਨਡਾਲਾ ਵੱਲੋਂ ਅੱਜ ਦਿਨ ਸ਼ਨੀਵਾਰ ਨੂੰ 12.30 ਵਜੇ ਵਾਲੀਆ ਹਸਪਤਾਲ ਦੇ ਵਾਲੀਆ ਸਾਹਿਤਕ ਭਵਨ, ਨਡਾਲਾ ਵਿਖੇ ਪ੍ਰਧਾਨ ਨਾਵਲਕਾਰ ਨਿਰਮਲ ਸਿੰਘ ਖੱਖ ਦੀ ਪ੍ਰਧਾਨਗੀ ਹੇਠ ਰੂਬਰੂ ਸਮਾਗਮ ਹੋਵੇਗਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਜਨਰਲ ਸਕੱਤਰ ਡਾ: ਕਰਮਜੀਤ ਸਿੰਘ ਨਡਾਲਾ ਨੇ ਦੱਸਿਆ ਕਿ ਇਸ ਮੌਕੇ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਅਤੇ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਮੁੱਖ ਸੰਚਾਲਕ ਸ਼ੈਲਿੰਦਰਜੀਤ ਸਿੰਘ ਰਾਜਨ ਨਾਲ ਰੂਬਰੂ ਸਮਾਗਮ ਕੀਤਾ ਜਾਵੇਗਾ। ਇਸ ਮੌਕੇ ਪ੍ਰਸਿੱਧ ਨਾਟਕਕਾਰ ਸਤਵਿੰਦਰ ਸਿੰਘ ਬੇਗੋਵਾਲੀਆ ਦੇ "ਰੂਹ ਪੰਜਾਬੀ" ਮੈਗਜ਼ੀਨ ਦਾ ਨਵਾਂ ਅੰਕ ਵੀ ਰਿਲੀਜ਼ ਕੀਤਾ ਜਾਵੇਗਾ। ਇਸ ਤੋਂ ਇਲਾਵਾ ਨਵੀਆਂ ਸਾਹਿਤਕ ਵਿਚਾਰਾਂ ਦੇ ਨਾਲ-ਨਾਲ ਨਵੀਆਂ/ਤਾਜ਼ੀਆਂ ਰਚਨਾਵਾਂ ਦੇ ਦੌਰ ਵੀ ਚੱਲਣਗੇ । ਉਨ੍ਹਾਂ ਸਾਰੇ ਮੈਂਬਰਾਂ ਨੂੰ ਸਮੇਂ ਸਿਰ ਪੁੱਜਣ ਲਈ ਅਪੀਲ ਕੀਤੀ ਹੈ।

## ਹਿੰਦੀ ਸੁਲੇਖ ਪ੍ਰਤਿਯੋਗਿਤਾ 'ਚ 'ਦ ਨੋਬੇਲ ਸਕੂਲ' ਦੇ ਵਿਦਿਆਰਥੀਆਂ ਦਾ ਸ਼ਾਨਦਾਰ ਪ੍ਰਦਰਸ਼ਨ




**ਕਰਤਾਰਪੁਰ (ਹਰਮੇਸ ਦੱਤ)** 'ਦ ਨੋਬੇਲ ਸਕੂਲ' ਕਰਤਾਰਪੁਰ ਦੇ 102 ਵਿਦਿਆਰਥੀਆਂ ਨੇ ਆਲ ਇੰਡੀਆ ਨੈਸ਼ਨਲ ਭਾਸ਼ਾ ਹਿੰਦੀ ਅਖਿਲ ਪ੍ਰਤੀਯੋਗਿਤਾ 2023-24 ਦੀ ਪ੍ਰੀਖਿਆ ਦਿੱਤੀ। ਇਸ ਮੁਕਾਬਲੇ ਵਿਚ, ਪਹਿਲੀ ਜਮਾਤ ਤੋਂ ਅੱਠਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਬਹੁਤ ਵਧੀਆ ਪ੍ਰਦਰਸ਼ਨ ਕੀਤਾ। ਇਸ ਮੁਕਾਬਲੇ ਨੂੰ ਕਰਵਾਉਣ ਦਾ ਮੁੱਖ ਉਦੇਸ਼ ਹਿੰਦੀ ਭਾਸ਼ਾ ਦੇ ਵਿਕਾਸ ਵਿੱਚ ਯੋਗਦਾਨ ਪਾਉਣਾ ਅਤੇ ਬੱਚਿਆਂ ਦੇ ਗਿਆਨ ਨੂੰ ਵਧਾਉਣਾ ਹੈ। ਇਸ ਮੁਕਾਬਲੇ ਵਿਚ ਤੀਸਰੀ ਜਮਾਤ ਦੀ ਨਿਸ਼ਠਾ ਅਤੇ ਅੱਠਵੀਂ ਜਮਾਤ ਦੀ ਰਿਧੀਮਾ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ ਅਤੇ ਸੋਨੇ ਦੇ ਤਗਮੇ ਦੇ ਨਾਲ-ਨਾਲ ਸਰਟੀਫਿਕੇਟ ਵੀ ਪ੍ਰਾਪਤ ਕੀਤੇ। ਇਸ ਤੋਂ ਇਲਾਵਾ ਬਾਕੀ ਪ੍ਰਤੀਯੋਗੀਆਂ ਨੂੰ ਪ੍ਰਮਾਣ ਪੱਤਰ ਦੇ ਕੇ ਸਨਮਾਨਿਤ ਵੀ ਕੀਤਾ। ਇਸ ਪ੍ਰਤੀਯੋਗਿਤਾ ਵਿੱਚ ਜੇਤੂ ਰਹੇ ਵਿਦਿਆਰਥੀਆਂ ਨੂੰ ਸਕੂਲ ਦੇ ਚੇਅਰਮੈਨ ਪ੍ਰੋਫੈਸਰ ਸੀ.ਐਲ ਕੋਛੜ, ਮੈਨੇਜਿੰਗ ਡਾਇਰੈਕਟਰ ਇੰਜੀਨੀਅਰ ਕੁਮਾਰ ਸ਼ਿਵ ਕੋਛੜ, ਪ੍ਰਿੰਸੀਪਲ ਸੰਗੀਤ ਕੁਮਾਰ ਨੇ ਵਧਾਈ ਦਿੰਦੇ ਹੋਏ ਉਨਾਂ ਦਾ ਹੌਸਲਾ ਵਧਾਇਆ ਅਤੇ ਅੱਗੇ ਵੀ ਹੋਰ ਪ੍ਰਤੀਯੋਗਿਤਾਵਾਂ ਵਿੱਚ ਹਿੱਸਾ ਲੈਣ ਲਈ ਪ੍ਰੇਰਿਤ ਕੀਤਾ।

## ਸੂਬਾ ਪੱਧਰੀ ਸਿੱਖਿਆ ਕਨਵੈਨਸ਼ਨ 3 ਨੂੰ



**ਭੋਗਪੁਰ -(ਗੁਰਪ੍ਰੀਤ ਸਿੰਘ ਭੋਗਲ)**-ਆਲ ਇੰਡੀਆ ਸਿੱਖਿਆ ਬਚਾਓ ਕਮੇਟੀ ਪੰਜਾਬ ਵਲੋਂ ਨਵੀਂ ਸਿੱਖਿਆ ਨੀਤੀ 2020 ਵਿਰੁੱਧ ਸੂਬਾ ਪੱਧਰੀ ਸਿੱਖਿਆ ਕਨਵੈਨਸ਼ਨ 3 ਦਸੰਬਰ ਨੂੰ ਆਤਮ ਪਬਲਿਕ ਸੀਨੀਅਰ ਸੈਕੰਡਰੀ ਸਕੂਲ,ਆਤਮ ਨਗਰ, ਲੁਧਿਆਣਾ ਵਿਖੇ ਹੋਵੇਗੀ । ਇੱਥੇ ਜਾਣਕਾਰੀ ਦਿੰਦਿਆਂ ਪੰਜਾਬ ਕਮੇਟੀ ਦੇ ਸੂਬਾ ਮੀਤ ਪ੍ਰਧਾਨ ਗੁਰਦੀਪ ਸਿੰਘ ਬਹਿਣੀਵਾਲ ਅਤੇ ਸੂਬਾ ਸਕੱਤਰ ਪ੍ਰੋਫੈਸਰ ਅਮਰਿੰਦਰਪਾਲ ਸਿੰਘ ਨੇ ਕਿਹਾ ਕਿ ਆਜ਼ਾਦੀ ਤੋਂ ਬਾਅਦ ਸਿੱਖਿਆ ਤੇ ਪਹਿਲਾ ਵੱਡਾ ਹਮਲਾ 1986 ਦੀ ਸਿੱਖਿਆ ਨੀਤੀ ਲਾਗੂ ਕਰਕੇ ਉਸ ਵੇਲ਼ੇ ਦੀ ਕਾਂਗਰਸ ਸਰਕਾਰ ਨੇ ਕੀਤਾ ਸੀ ਜਿਸ ਤਹਿਤ ਸਿੱਖਿਆ ਨੂੰ ਸੀਮਤ ਕਰਨਾ, ਸਿੱਖਿਆ ਨੂੰ ਵਿਕਾਊ ਮਾਲ ਬਣਾਉਣਾ ਅਤੇ ਸਰਕਾਰ ਦਾ ਵਿੱਤੀ ਜਿੰਮੇਵਾਰੀ ਤੋਂ ਭੱਜਣਾ ਸੀ।

ਹੁਣ ਕੇਂਦਰ ਦੀ ਨਵੀਂ ਸਿੱਖਿਆ ਨੀਤੀ 2020 ਤਾਂ ਰਹਿੰਦੀ ਖੂੰਹਦੀ ਕਸਰ ਵੀ ਕੱਢ ਦੇਵੇਗੀ। ਇਹ ਨੀਤੀ ਸਿੱਖਿਆ ਨੂੰ ਗੈਰ-ਵਿਗਿਆਨਕ,ਤਰਕ- ਹੀਣ, ਅੰਸ਼ਵੇਦਨਸੀਲ, ਧਾਰਮਿਕ-ਅਸਿਹਨਸ਼ੀਲ ਤੇ ਅਤਿਅੰਤ- ਸਵਾਰਥਪਣੇ ਵੱਲ ਧਕੇਲੇਗੀ। ਉਨ੍ਹਾਂ ਕਿਹਾ ਕਿ ਇਹ ਨੀਤੀ ਸਿੱਖਿਆ ਦਾ ਨਿੱਜੀਕਰਨ, ਵਪਾਰੀਕਰਨ, ਫਿਰਕੂਕਰਨ ਤਾਂ ਕਰੇਗੀ ਹੀ ਇਸਦੇ ਨਾਲ ਹੀ ਸਿੱਖਿਆ ਦੇ ਮੂਲ ਤੱਤ ਤੇ ਇਨਸਾਨੀਅਤ ਵਰਗੇ ਮੁੱਢਲੇ ਫਰਜ਼ਾਂ ਤੋਂ ਵੀ ਸਮਾਜ ਨੂੰ ਪਾਸੇ ਕਰੇਗੀ।

ਭਾਰਤੀ ਇਤਿਹਾਸ ਨੂੰ ਤੋੜ-ਮਰੋੜ ਕੇ ਪੇਸ਼ ਕਰਨਾ ਅਤੇ ਵਿਦਿਆਰਥੀਆਂ ਨੂੰ ਸੱਚ ਅਤੇ ਵਿਗਿਆਨ ਤੋਂ ਦੂਰ ਕਰਨਾ ਇਸ ਨੀਤੀ ਦੇ ਅੰਗ ਹਨ।

## ਸਿਹਤ ਵਿਭਾਗ ਡੇਂਗੂ ਦੀ ਬਿਮਾਰੀ ਦੇ ਪਸਾਰ ਨੂੰ ਰੋਕਣ ਲਈ ਯਤਨਸ਼ੀਲ : ਡਾ ਸੋਨੀਆ



**ਨਵਾਂਸ਼ਹਿਰ (ਮਨੋਜ ਲਾਡੀ)**: ਸਿਹਤ ਵਿਭਾਗ ਦੀ "ਹਰ ਸ਼ੁੱਕਰਵਾਰ ਡੇਂਗੂ 'ਤੇ ਵਾਰ" ਮੁਹਿੰਮ ਤਹਿਤ ਡੇਂਗੂ ਦੀ ਬਿਮਾਰੀ ਦੇ ਪਸਾਰ ਨੂੰ ਰੋਕਣ ਲਈ ਯਤਨਸ਼ੀਲ ਹੈ। ਇਸੇ ਦੌਰਾਨ ਕਮਿਊਨਿਟੀ ਹੈਲਥ ਸੈਂਟਰ ਰਾਹੋਂ ਦੇ ਸੀਨੀਅਰ ਮੈਡੀਕਲ ਅਫਸਰ ਡਾ. ਸੋਨੀਆ ਨੇ ਸ਼ੁੱਕਰਵਾਰ ਨੂੰ ਸਮੁੱਚੀ ਸਿਹਤ ਟੀਮ ਸਮੇਤ ਫਿਲੌਰ ਰੋਡ ਰਾਹੋਂ ਕਬਾੜੀਆਂ ਦੀਆਂ ਦੁਕਾਨਾਂ ਵਿਖੇ ਪਹੁੰਚ ਕੇ ਜਾਗਰੂਕਤਾ ਗਤੀਵਿਧੀਆਂ ਆਯੋਜਿਤ ਕੀਤੀਆਂ। ਉਨ੍ਹਾਂ ਕਬਾੜੀਆਂ ਦੀਆਂ ਦੁਕਾਨਾਂ ਵਿੱਚ ਪਏ ਟਾਇਰਾਂ ਤੇ ਟੁੱਟੇ ਬਰਤਨਾਂ ਵਿੱਚ ਮੱਛਰ ਦੀ ਬ੍ਰੀਡਿੰਗ ਚੈੱਕ ਕਰਦੇ ਹੋਏ ਆਪਣੇ ਆਲੇ-ਦੁਆਲੇ ਦੀ ਸਾਫ-ਸਫਾਈ ਲਈ ਨਿਰਦੇਸ਼ ਦਿੱਤੇ।

ਉਨ੍ਹਾਂ ਦੱਸਿਆ ਕਿ ਰਿਹਾਇਸ਼ੀ ਇਲਾਕਿਆਂ ਦੇ ਆਲੇ-ਦੁਆਲੇ ਪਾਣੀ ਖੜ੍ਹਾ ਹੋਣ ਕਾਰਨ ਮੱਛਰ ਦੇ ਪ੍ਰਜਣਨ ਵਿੱਚ ਵਾਧਾ ਹੋ ਰਿਹਾ ਹੈ, ਜਿਸ ਨੂੰ ਰੋਕਣਾ ਬਹੁਤ ਜਰੂਰੀ ਹੈ। ਇਸ ਮੌਕੇ ਬਲਾਕ ਐਕਸਟੈਨਸ਼ਨ ਐਜੂਕੇਟਰ ਮਨਿੰਦਰ ਸਿੰਘ ਨੇ ਕਿਹਾ ਕਿ ਜਾਗਰੂਕਤਾ ਹੀ ਇਸ ਬਿਮਾਰੀ ਉਤੇ ਕਾਬੂ ਪਾਉਣ ਦੀ ਕੁੰਜੀ ਹੈ।

## ਬੇਟੀ ਬਚਾਓ, ਬੇਟੀ ਪੜ੍ਹਾਓ ਸਕੀਮ ਤਹਿਤ ਰਾਜ ਪੱਧਰੀ ਸਮਾਗਮ 23 ਨੂੰ : ਕੋਮਲ ਮਿੱਤਲ

**ਹੁਸ਼ਿਆਰਪੁਰ: (ਓ ਪੀ ਰਾਣਾ, )**-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਦੱਸਿਆ ਕਿ 'ਬੇਟੀ ਬਚਾਓ, ਬੇਟੀ ਪੜ੍ਹਾਓ' ਸਕੀਮ ਤਹਿਤ ਹੁਸ਼ਿਆਰਪੁਰ ਵਿਖੇ 23 ਨਵੰਬਰ ਨੂੰ ਲਾਜਵੰਤੀ ਸਟੇਡੀਅਮ ਵਿਖੇ ਸੂਬਾ ਪੱਧਰੀ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿਚ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਉਹ ਜ਼ਿਲ੍ਹਾ ਪ੍ਰਸਾਸਕੀ ਕੰਪਲੈਕਸ ਵਿਖੇ ਸਮਾਗਮ ਦੀਆਂ ਤਿਆਰੀਆਂ ਸਬੰਧੀ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਦੀ ਮੀਟਿੰਗ ਨੂੰ ਸੰਬੋਧਨ ਕਰ ਰਹੇ ਸਨ। ਇਸ ਦੌਰਾਨ ਉਨ੍ਹਾਂ ਦੇ ਨਾਲ ਐਸ.ਪੀ ਮਨਜੀਤ ਕੌਰ, ਸਹਾਇਕ ਕਮਿਸ਼ਨਰ (ਜਨਰਲ) ਵਿਓਮ ਭਾਰਦਵਾਜ ਅਤੇ ਜ਼ਿਲ੍ਹਾ ਪ੍ਰੋਗ੍ਰਾਮ ਅਫਸਰ ਹਰਦੀਪ ਕੌਰ ਵੀ ਮੌਜੂਦ ਸਨ।

ਇਸ ਦੌਰਾਨ ਡਿਪਟੀ ਕਮਿਸ਼ਨਰ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਮਾਗਮ ਦੀਆਂ ਤਿਆਰੀਆਂ ਵਿਚ ਕਿਸੇ ਕਿਸਮ ਦੀ ਕੋਈ ਕਮੀ ਨਹੀਂ ਆਉਣੀ ਚਾਹੀਦੀ। ਉਨ੍ਹਾਂ ਕਿਹਾ ਕਿ ਸਮਾਗਮ ਦੌਰਾਨ ਜ਼ਿਲ੍ਹੇ ਭਰ ਤੋਂ ਲੋਕ ਪਹੁੰਚਣਗੇ, ਇਸ ਲਈ ਆਵਾਜਾਈ, ਸੁਰੱਖਿਆ, ਸਾਫ-ਸਫਾਈ ਅਤੇ ਪੀਣ ਵਾਲੇ ਪਾਣੀ ਆਦਿ ਪ੍ਰਬੰਧਾਂ ਸਬੰਧੀ ਪਹਿਲਾਂ ਤੋਂ ਹੀ ਤਿਆਰੀਆਂ ਕਰ ਲਈਆਂ ਜਾਣ। ਉਨ੍ਹਾਂ ਦੱਸਿਆ ਕਿ ਸਮਾਗਮ ਦੌਰਾਨ ਸਕੂਲੀ ਬੱਚਿਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਜਾਣਗੇ। ਇਸ ਤੋਂ ਇਲਾਵਾ 51 ਨਵਜੰਮੀਆਂ ਬੱਚੀਆਂ, 21 ਗਰਭਵਤੀ ਔਰਤਾਂ, 30 ਸਿਹਤਮੰਦ ਬੇਬੀ ਸ਼ੋਅ ਕਰਨ ਵਾਲੇ ਬੱਚਿਆਂ ਅਤੇ ਪ੍ਰਾਪਤੀਆਂ ਕਰਨ ਵਾਲੀਆਂ ਲੜਕੀਆਂ ਨੂੰ ਵੀ ਮੁੱਖ ਮਹਿਮਾਨ ਵੱਲੋਂ ਸਨਮਾਨਿਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਰਕਾਰ ਵੱਲੋਂ ਧੀਆਂ ਲਈ ਕੀਤੇ ਜਾ ਰਹੇ ਕੰਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਾਵੇਗੀ।

ਕੋਮਲ ਮਿੱਤਲ ਨੇ ਜ਼ਿਲ੍ਹਾ ਪ੍ਰੋਗਰਾਮ ਅਫਸਰ ਨੂੰ ਸਾਰੀਆਂ ਤਿਆਰੀਆਂ ਸਬੰਧੀ ਹਦਾਇਤਾਂ ਦਿੰਦਿਆਂ ਕਿਹਾ ਕਿ ਉਹ ਸਬੰਧਤ ਵਿਭਾਗਾਂ ਨਾਲ ਤਾਲਮੇਲ ਕਰਕੇ ਅਗਾਊਂ ਪ੍ਰਬੰਧ ਕਰਨ। ਉਨ੍ਹਾਂ ਕਿਹਾ ਕਿ ਸੂਬਾ ਪੱਧਰੀ ਸਮਾਗਮ ਦੀਆਂ ਤਿਆਰੀਆਂ ਸਬੰਧੀ ਕਿਸੇ ਕਿਸਮ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਮਨਪ੍ਰੀਤ ਸਿੰਘ,ਜ਼ਿਲ੍ਹਾ ਉਦਯੋਗ ਕੇਂਦਰ ਦੇ ਜੀ.ਐਮ ਅਰੁਣ ਕੁਮਾਰ, ਡਾ. ਅਨੀਤਾ, ਜ਼ਿਲ੍ਹਾ ਖੇਡ ਅਫਸਰ ਗੁਰਪ੍ਰੀਤ ਸਿੰਘ, ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ) ਧੀਰਜ ਵਸ਼ਿਸ਼ਟ, ਜ਼ਿਲ੍ਹਾ ਬਾਲ ਸੁਰੱਖਿਆ ਅਫਸਰ ਡਾ. ਹਰਪ੍ਰੀਤ ਕੌਰ, ਸੀ.ਡੀ.ਪੀ.ਓ ਦਇਆ ਰਾਣੀ, ਸੀ.ਡੀ.ਪੀ.ਓ ਮੰਜੂ ਬਾਲਾ, ਸੀ.ਡੀ.ਪੀ.ਓ. ਪਰਮਜੀਤ ਕੌਰ, ਸੀ.ਡੀ ਪੀ.ਓ ਜਸਵਿੰਦਰ ਕੌਰ,



# ਨਗਰ ਕੌਂਸਲ ਗੁਰਾਇਆ, (ਜਲੰਧਰ)

## ਪਬਲਿਕ ਨੋਟਿਸ

**ਸਵੱਛ ਦੀਵਾਲੀ ਪ੍ਰਦੂਸ਼ਣ ਰਹਿਤ ਦੀਵਾਲੀ ਸ਼ੁੱਭ ਦੀਵਾਲੀ**

1. ਸਮੂਹ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਵਾਤਾਵਰਣ ਨੂੰ ਸਾਫ-ਸੁਥਰਾ ਰੱਖਣ ਲਈ ਨਗਰ ਕੌਂਸਲ ਗੁਰਾਇਆ ਦਾ ਸਹਿਯੋਗ ਕੀਤਾ ਜਾਵੇ।
2. ਦੀਵਾਲੀ ਦੇ ਮੌਕੇ 'ਤੇ ਵਾਤਾਵਰਣ ਨੂੰ ਸਾਫ ਰੱਖਣ ਲਈ ਗਰੀਨ ਪਟਾਕਿਆਂ (Eco Friendly) ਦਾ ਪ੍ਰਯੋਗ ਕੀਤਾ ਜਾਵੇ।
3. ਇਸ ਦੀਵਾਲੀ ਦੇ ਮੌਕੇ 'ਤੇ ਆਪਣਾ ਆਲਾ-ਦੁਆਲਾ ਵੀ ਸਾਫ ਰੱਖੀਏ।
4. ਕੇਂਦਰ/ਪੰਜਾਬ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਪੋਲੀਥੀਨ ਦੇ ਲਿਫਾਫੇ ਅਤੇ ਡਿਸਪੋਜ਼ਲ ਬਰਤਨਾਂ ਦੀ ਵਰਤੋਂ 'ਤੇ ਪੂਰਨ ਤੌਰ 'ਤੇ ਪਾਬੰਦੀ ਹੈ।
5. ਇਸ ਦੀਵਾਲੀ ਦੇ ਮੌਕੇ ਕ੍ਰਿਪਾ ਕਰਕੇ ਦੁਕਾਨਦਾਰਾਂ ਤੋਂ ਲਿਫਾਫੇ (ਪਲਾਸਟਿਕ) ਦੀ ਮੰਗ ਨਾ ਕਰੋ, ਘਰ ਤੋਂ ਹੀ ਜੂਟ/ਕੱਪੜੇ ਦਾ ਥੈਲਾ ਨਾਲ ਲੈ ਕੇ ਜਾਉ ਜੀ।
6. ਇਸ ਦੀਵਾਲੀ ਦੇ ਮੌਕੇ 'ਤੇ ਸਾਰੇ ਕਿਸਾਨ ਵੀਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਪਰਾਲੀ ਨੂੰ ਅੱਗ ਨਾ ਲਗਾਈ ਜਾਵੇ।
7. ਗੁਰਾਇਆ ਸ਼ਹਿਰ ਤੁਹਾਡਾ ਆਪਣਾ ਸ਼ਹਿਰ ਹੈ, ਇਸ ਨੂੰ ਸਾਫ-ਸੁਥਰਾ ਰੱਖਣ ਲਈ ਨਗਰ ਕੌਂਸਲ ਦਾ ਸਹਿਯੋਗ ਦਿਉ।

**ਕਾਰਜ ਸਾਧਕ ਅਫਸਰ, ਨਗਰ ਕੌਂਸਲ ਗੁਰਾਇਆ।**

ਨੰਬਰ : 1076 | ਮਿਤੀ : 9/11/23

# ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਦੇਸ਼ ਦੀ ਆਜ਼ਾਦੀ ਤੇ ਪੰਜਾਬੀ ਪੱਤਰਕਾਰੀ ਨੂੰ ਵੱਡੀ ਦੇਣ : ਡਿਪਟੀ ਕਮਿਸ਼ਨਰ



**ਬਹਿਰਾਮ (ਅਵਤਾਰ ਕਲੇਰ)** ਦੇਸ਼ ਦੀ ਅਜ਼ਾਦੀ ਅਤੇ ਪੰਜਾਬੀ ਪੱਤਰਕਾਰੀ ਦੇ ਸੰਘਰਸ਼ 'ਚ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਵੱਡੀ ਦੇਣ ਹੈ। ਜਿਨ੍ਹਾਂ ਨੇ ਛੋਟੀ ਉਮਰੇ ਵੱਡੀ ਲਾਸਾਨੀ ਕੁਰਬਾਨੀ ਕਰਕੇ ਦੇਸ਼ ਭਗਤੀ ਦੀ ਲਹਿਰ ਪੈਦਾ ਕੀਤੀ। ਇਹ ਪ੍ਰਗਟਾਵਾ ਨਵਜੋਤਪਾਲ ਸਿੰਘ ਰੰਧਾਵਾ ਡਿਪਟੀ ਕਮਿਸ਼ਨਰ ਸ਼ਹੀਦ ਭਗਤ ਸਿੰਘ ਨਗਰ ਨੇ ਨਵਾਂਸ਼ਹਿਰ ਵਿਖੇ ਪੰਜਾਬ ਚੰਡੀਗੜ੍ਹ ਜਰਨਲਿਸਟ ਯੂਨੀਅਨ ਵਲੋਂ ਕਰਵਾਏ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਯਾਦ 'ਚ ਚੇਤਨਾ ਤੇ ਸਨਮਾਨ ਸਮਾਗਮ ਦੌਰਾਨ ਕੀਤਾ। ਉਨ੍ਹਾਂ ਆਖਿਆ ਕਿ ਸਾਨੂੰ ਸ਼ਹੀਦਾਂ ਦੀਆਂ ਕੁਰਬਾਨੀਆਂ 'ਤੇ ਫਖਰ ਹੋਣਾ ਚਾਹੀਦਾ ਹੈ ਜਿਨ੍ਹਾਂ ਨੇ ਆਪਣੀਆਂ ਅਨਮੋਲ ਜ਼ਿੰਦਗੀਆਂ ਨਿਸ਼ਾਵਰ ਕਰਕੇ ਦੇਸ਼ ਦੀ ਆਜ਼ਾਦੀ 'ਚ ਵੱਡਾ ਯੋਗਦਾਨ ਪਾਇਆ। ਕਰਤਾਰ ਸਿੰਘ ਸਰਾਭਾ ਉਹ ਮਹਾਨ ਨਾਇਕ ਸਨ ਜਿਨ੍ਹਾਂ ਨੇ ਖਰੜੇ ਰੂਪੀ ਪਰਚੇ ਛਾਪ ਕੇ ਲੋਕਾਂ 'ਚ ਆਜ਼ਾਦੀ ਪ੍ਰਤੀ ਚੇਤਨਾ ਪੈਦਾ ਕੀਤੀ। ਚੇਅਰਮੈਨ ਹਰਮੇਸ਼ ਵਿਰਦੀ ਨੇ ਸੰਬੋਧਨ ਕਰਦਿਆਂ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਜ਼ਿੰਦਗੀ 'ਤੇ ਚਾਨਣਾ ਪਾਇਆ। ਸਮਾਗਮ ਦੌਰਾਨ ਸੁਰਜੀਤ ਮਜਾਰੀ, ਨਵਕਾਂਤ ਭਰੋਮਜਾਰਾ, ਸੁਰਿੰਦਰ ਸਿੰਘ ਕਰਮ, ਨਰਿੰਦਰ ਮਾਹੀ, ਅਮਰੀਕ ਸਿੰਘ ਢੀਂਡਸਾ, ਚੇਤ ਰਾਮ ਰਤਨ ਨੇ ਵੀ ਸੰਬੋਧਨ ਕੀਤਾ। ਦੇਸ਼ ਭਗਤੀ ਪੈਦਾ ਕਰਦੀਆਂ ਰਚਨਾਵਾਂ ਵੀ ਪੜ੍ਹੀਆਂ ਗਈਆਂ। ਪੱਤਰਕਾਰੀ ਦੇ ਖੇਤਰ 'ਚ ਅਹਿਮ ਯੋਗਦਾਨ ਪਾਉਣ 'ਤੇ ਡਿਪਟੀ ਕਮਿਸ਼ਨਰ ਨਵਜੋਤ ਪਾਲ ਸਿੰਘ ਰੰਧਾਵਾ ਵਲੋਂ ਪੱਤਰਕਾਰਾਂ ਦਾ ਸਨਮਾਨ ਕੀਤਾ ਗਿਆ। ਜਸਬੀਰ ਸਿੰਘ ਨੂਰਪੁਰ ਜ਼ਿਲ੍ਹਾ ਪ੍ਰਧਾਨ ਨੇ ਸਾਰਿਆਂ ਦਾ ਧੰਨਵਾਦ ਕੀਤਾ। ਇਸ ਮੌਕੇ ਸੁਖਜਿੰਦਰ ਸਿੰਘ ਭੰਗਲ, ਮਨੋਰੰਜਨ ਕਾਲੀਆ, ਦਿਨੇਸ਼ ਸੂਰੀ, ਹਰਵਿੰਦਰ ਸਿੰਘ, ਵਾਸਦੇਵ ਪ੍ਰਦੇਸੀ, ਵਿਜੇ ਕੁਮਾਰ, ਨਰਿੰਦਰ ਰੱਤੂ, ਹਰਮਿੰਦਰ ਸਿੰਘ ਪਿੰਟੂ, ਕੁਲਦੀਪ ਬੰਗਾ, ਸੰਜੀਵ ਕੁਮਾਰ, ਅਵਤਾਰ ਕਲੇਰ, ਨਛੱਤਰ ਸਿੰਘ, ਸਰਬਜੀਤ ਸਿੰਘ, ਕਲਮ ਗਹੂੰਣ, ਮਹਿੰਦਰਪਾਲ ਸਿੰਘ, ਮਨਜੀਤ ਸਿੰਘ ਜੱਬੋਵਾਲ, ਹਰਿੰਦਰ ਸਿੰਘ, ਜਰਨੈਲ ਸਿੰਘ ਖੁਰਦ, ਸੁਖਦੇਵ ਸਿੰਘ, ਲਖਵੀਰ ਸਿੰਘ, ਜਰਨੈਲ ਸਿੰਘ ਨਿੱਘਾ, ਹਰਮੇਲ ਸਹੂੰਗੜਾ, ਸੰਦੀਪ ਸਿੰਘ, ਪ੍ਰਵੀਰ ਅਬੀ, ਗੁਰਜਿੰਦਰ ਸਿੰਘ ਗੁਰੂ, ਪ੍ਰੇਮੀ ਸੰਧਵਾਂ ਆਦਿ ਹਾਜ਼ਰ ਸਨ।

# ਸਰਕਾਰੀ ਹਸਪਤਾਲ ਨੂੰ ਜਾਂਦੀ ਸੜਕ 'ਤੇ ਖੜ੍ਹੇ ਪਾਣੀ ਤੋਂ ਲੋਕ ਪ੍ਰੇਸ਼ਾਨ

**ਮਹਿਤਪੁਰ (ਰਾਜਾ)** ਸਮੇਂ-ਸਮੇਂ 'ਤੇ ਕੇਂਦਰ ਅਤੇ ਸੂਬਾ ਸਰਕਾਰਾਂ ਵੱਲੋਂ ਚਲਾਈ ਜਾਂਦੀ ਸਫਾਈ (ਸਵੱਛਤਾ) ਮੁਹਿੰਮ ਅਤੇ ਸਿਹਤ ਸੇਵਾਵਾਂ ਪ੍ਰਤੀ ਜਾਗਰੂਕਤਾ ਕੈਂਪ-ਮੁਹਿੰਮ ਪਿੰਡਾਂ ਅਤੇ ਸ਼ਹਿਰਾਂ 'ਚ ਲੋੜੀਂਦੇ ਯਤਨ ਸਰਕਾਰਾਂ ਵੱਲੋਂ ਹਰ ਹੀਲੇ ਕੀਤੇ ਜਾਂਦੇ ਹਨ, ਇੱਥੇ ਹੀ ਸਫਾਈ ਜਾਗਰੂਕਤਾ ਮੁਹਿੰਮ ਅਤੇ ਸਿਹਤ ਜਾਗਰੂਕਤਾ ਮੁਹਿੰਮ ਦੇ ਵਿਚਕਾਰ ਫਸ ਕੇ ਰਹਿ ਗਿਆ ਸਰਕਾਰੀ ਹਸਪਤਾਲ ਮੁਹੱਲਾ ਮਹਿਤਪੁਰ ਜੋ ਕਿ ਸਰਕਾਰੀ ਹਸਪਤਾਲ ਮੁੱਢਲਾ ਸਿਹਤ ਕੇਂਦਰ ਮਹਿਤਪੁਰ ਦੀ ਬਿਲਕੁੱਲ ਕੰਧ ਦੇ ਨਾਲ ਲੱਗਦਾ ਹੈ, ਇਹ ਮੁਹੱਲਾ ਵਾਸੀ ਸਰਕਾਰੀ ਹਸਪਤਾਲ ਨੂੰ ਜਾਂਦੀ ਪੱਕੀ ਸੜਕ ਦੇ 'ਤੇ ਕਈ ਮਹੀਨਿਆਂ ਤੋਂ ਖੜੇ ਗੰਦੇ ਪਾਣੀ ਕਾਰਨ ਬੇਹੱਦ ਦੁਖੀ ਹਨ, ਜਿੱਥੇ ਮੁਹੱਲਾ ਵਾਸੀ ਦੁਖੀ ਹਨ ਉੱਥੇ ਹੀ ਮੁੱਢਲਾ ਸਿਹਤ ਕੇਂਦਰ ਸਰਕਾਰੀ ਹਸਪਤਾਲ ਮਹਿਤਪੁਰ ਨਾਲ ਤਕਰੀਬਨ 140 ਪਿੰਡਾਂ ਦੇ ਲੋਕਾਂ ਦੇ ਜੁੜੇ ਹੋਣ ਕਰਕੇ ਸਿਹਤ ਸੇਵਾਵਾਂ ਪ੍ਰਤੀ ਰੋਜ਼ਾਨਾ ਦੀ ਓ ਪੀ ਡੀ ਤਕਰੀਬਨ 150 ਤੋਂ 200 ਦੇ ਵਿਚਕਾਰ ਹੁੰਦੀ ਹੈ, ਇੱਥੇ ਹੀ ਬੱਸ ਨਹੀਂ ਮਹਿਤਪੁਰ ਦੀ ਸਰਕਾਰੀ ਹਸਪਤਾਲ ਦੀ ਚਾਰ ਦੁਆਰੀ ਅੰਦਰ ਬਣੇ ਸਬ ਤਹਿਸੀਲ ਮਹਿਤਪੁਰ ਦੇ ਇਕਲੌਤੇ ਸੇਵਾ ਕੇਂਦਰ 'ਚ ਵੀ ਰੋਜ਼ਾਨਾ ਵੱਡੀ ਗਿਣਤੀ 'ਚ ਲੋਕ ਵੱਖ-ਵੱਖ ਸਰਕਾਰੀ ਸੇਵਾਵਾਂ ਦਾ ਲਾਭ ਲੈਣ ਲਈ ਰੋਜ਼ਾਨਾ ਇਸ ਖੜੇ ਅਤੇ ਗੰਦੇ ਪਾਣੀ 'ਚ ਦੀ ਲੰਘਦੇ ਹਨ ਜੋ ਕਿ ਉਹਨਾਂ ਦੀ ਮਜ਼ਬੂਰੀ ਬਣ ਗਈ ਹੈ, ਸਰਕਾਰ ਜਿੱਥੇ ਸਿਹਤ ਪ੍ਰਤੀ ਜਾਗਰੂਕ ਕਰਦੀ ਹੈ, ਸਮੇਂ ਸਮੇਂ ਤੇ ਫੋਗਿੰਗ ਕਰਵਾਉਂਦੀ ਹੈ, ਉੱਥੇ ਹੀ



ਇਹਨਾਂ ਦਿਨਾਂ 'ਚ ਮੱਛਰਾਂ ਦੀ ਬਰੀਡਿੰਗ ਗਰਾਊਂਡ ਇਹਨਾਂ ਦਿਨਾਂ 'ਚ ਬਹੁਤ ਤੇਜੀ ਨਾਲ ਵੱਧਦੀ ਹੈ, ਕਿਉਂਕਿ ਇਹਨਾਂ ਦਿਨਾਂ 'ਚ ਡੇਂਗੂ ਦਾ ਪ੍ਰਕੋਪ ਬਹੁਤ ਹੀ ਜ਼ਿਆਦਾ ਹੁੰਦਾ ਹੈ। ਇਹਨਾਂ ਦਿਨਾਂ 'ਚ ਸਰਕਾਰੀ ਹੁਕਮਾਂ ਅਨੁਸਾਰ ਮਲਟੀਪਰਪਜ਼ ਹੈਲਥ ਵਰਕਰ ਦੀਆਂ ਅਲੱਗ-ਅਲੱਗ ਟੀਮਾਂ ਸਮੇਂ ਸਮੇਂ 'ਤੇ ਸਰਕਾਰੀ, ਪ੍ਰਾਈਵੇਟ ਅਦਾਰਿਆਂ ਅਤੇ ਘਰਾਂ 'ਚ ਜਾ ਕੇ ਖੜੇ ਪਾਣੀ ਅਤੇ ਕਈ ਦਿਨਾਂ ਤੋਂ ਪੁਰਾਣੇ ਖੜੇ ਪਾਣੀ ਤੋਂ ਪੈਦਾ ਹੋਣ ਵਾਲੀ ਖਤਰਨਾਕ ਬਿਮਾਰੀ ਡੇਂਗੂ ਅਤੇ ਹੋਰ ਕਈ ਪ੍ਰਕਾਰ ਦੀਆਂ ਬਿਮਾਰੀਆਂ ਤੋਂ ਜਾਗਰੂਕ ਕਰਦੇ ਹਨ, ਜਿਕਰਯੋਗ ਹੈ ਕਿ ਅੱਠ ਨਵੰਬਰ ਦੇ ਸਰਕਾਰੀ ਅੰਕੜਿਆਂ ਅਨੁਸਾਰ ਡੇਂਗੂ ਦੀ ਖਤਰਨਾਕ ਬਿਮਾਰੀ ਨਾਲ ਪੰਜਾਬ 'ਚ ਕੁਝ ਮੌਤਾਂ ਵੀ ਹੋਈਆਂ ਹਨ ਅਤੇ ਡੇਂਗੂ ਨਾਲ ਪ੍ਰਭਾਵਿਤ ਤਕਰੀਬਨ ਹਜ਼ਾਰਾਂ ਦੀ ਗਿਣਤੀ ਵਿੱਚ ਮਰੀਜ਼ ਇਲਾਜ ਅਧੀਨ ਹਨ। ਇਹ-ਇੱਕ ਬਹੁਤ ਹੀ ਵੱਡਾ ਚਿੰਤਾ ਦਾ ਵਿਸਾ ਹੈ, ਸਰਕਾਰੀ ਹਸਪਤਾਲ ਮੁਹੱਲਾ ਮਹਿਤਪੁਰ ਦੇ ਜਾਗਰੂਕ ਵੋਟਰਾਂ ਨੇ ਸਰਕਾਰ ਨੂੰ ਫਰਿਆਦ ਕਰਦਿਆਂ ਕਿਹਾ ਕਿ ਸਾਡੀ ਇਸ ਸਮੱਸਿਆ ਤੋਂ ਸਰਕਾਰੀ ਪ੍ਰਸਾਸਨਿਕ ਅਧਿਕਾਰੀ ਅਤੇ ਹਲਕੇ ਦੀ ਅਗਵਾਈ ਕਰਨ ਵਾਲੇ ਲੀਡਰ ਵੀ ਇਸ ਗੱਲ ਤੋਂ ਅਣਜਾਣ ਨਹੀਂ ਹਨ, ਪਰ ਫਿਰ ਵੀ ਇਸ ਸਮੱਸਿਆ ਨੂੰ ਅਮਲ 'ਚ ਕੋਈ ਲਿਆਉਣ ਦਾ ਯਤਨ ਨਹੀਂ ਹੋ ਰਿਹਾ, ਮੁਹੱਲਾ ਵਾਸੀਆਂ ਅਨੁਸਾਰ 2-3 ਦਿਨਾਂ ਬਾਅਦ ਜਿਆਦਾ ਪਾਣੀ ਖੜ੍ਹਾ ਰਹਿਣ ਕਰਕੇ ਨਗਰ ਪੰਚਾਇਤ ਮਹਿਤਪੁਰ ਦੇ ਟੈਂਕਰ 'ਚ ਪਾਣੀ ਭਰਕੇ ਕਿਸੇ ਢੁੱਕਵੀਂ ਜਗ੍ਹਾ ਤੇ ਵਹਾ ਦਿੱਤਾ ਜਾਂਦਾ ਹੈ, ਇਸ ਸਮੱਸਿਆ ਸੰਬੰਧੀ ਮੁਹੱਲਾ ਵਾਸੀ ਕਈ ਵਾਰ ਨਗਰ ਪੰਚਾਇਤ ਮਹਿਤਪੁਰ ਨੂੰ ਲਿਖਤੀ ਰੂਪ ਵਿੱਚ ਵੀ ਇਸ ਸਮੱਸਿਆ ਤੋਂ ਜਾਣੂ ਕਰਵਾ ਚੁੱਕੇ ਹਨ, ਖੜੇ ਗੰਦੇ ਪਾਣੀ ਤੋਂ ਹੋਣ ਵਾਲੀਆਂ ਖ਼ਤਰਨਾਕ ਬਿਮਾਰੀਆਂ ਦੀਆਂ ਖਬਰਾਂ ਸੁਣ ਸੁਣ ਕੇ ਮੁਹੱਲਾ ਵਾਸੀ ਹਰ ਦਿਨ ਅਤੇ ਹਰ ਰਾਤ ਖੌਫ ਦੇ ਸਾਏ ਵਿੱਚੋਂ ਲੰਘਦੇ ਹਨ, ਜਾਗਰੂਕ ਵੋਟਰਾਂ ਨੇ ਸਰਕਾਰ ਨੂੰ ਪੁਰਜੋਰ ਮੰਗ ਕਰਦਿਆਂ ਕਿਹਾ ਕਿ ਜਿਵੇਂ ਜਿਵੇਂ ਹਰ ਦਿਨ ਤਿਓਹਾਰ ਤੇ ਪੰਜਾਬ ਸਰਕਾਰ ਆਪਣੇ ਵਾਸੀਆਂ ਲਈ ਕੋਈ ਨਾ ਕੋਈ ਰਾਹਤ ਭਰੀ ਸਕੀਮ ਦਾ ਐਲਾਨ ਕਰਦੀ ਜਾਂ ਕਿਸੇ ਸਕੀਮ ਨੂੰ ਤੋਹਫੇ ਦੇ ਨਾਮ ਵਜੋਂ ਐਲਾਨਦੀ ਹੈ, ਉਂਝ ਹੀ ਸਾਡੀ ਵੀ ਇਸ ਮੁਸਕਿਲ ਨੂੰ ਹੱਲ ਕਰਕੇ ਸਾਨੂੰ ਵੀ ਦਿਵਾਲੀ ਦੇ ਤੋਹਫੇ ਦਾ ਨਾਮ ਦਿੱਤਾ ਜਾਵੇ, ਇਸ ਸਬੰਧੀ ਐਸ ਐਮ ਓ ਮਹਿਤਪੁਰ ਡਾਕਟਰ ਮਹੇਸ਼ ਕੁਮਾਰ ਪ੍ਰਭਾਕਰ ਹੁਰਾਂ ਨਾਲ ਸੰਪਰਕ ਕਰਨ ਤੇ ਉਹਨਾਂ ਕਿਹਾ ਕਿ ਅਸੀਂ ਨਗਰ ਪੰਚਾਇਤ ਮਹਿਤਪੁਰ ਦਫ਼ਤਰ ਨੂੰ ਲਿਖਤੀ ਅਤੇ ਐਸ ਡੀ ਐਮ ਨਕੋਦਰ ਨੂੰ ਸੂਚਿਤ ਕੀਤਾ ਹੋਇਆ ਹੈ, ਇਸ ਸਬੰਧੀ ਐਸ ਡੀ ਐਮ ਨਕੋਦਰ ਨਾਲ ਮੀਟਿੰਗ ਵੀ ਹੋ ਚੁੱਕੀ ਹੈ, ਉਹਨਾਂ ਨੇ ਇਸ ਮੁਸ਼ਕਿਲ ਨੂੰ ਜਲਦ ਹੱਲ ਕਰਨ ਬਾਰੇ ਕਿਹਾ ਹੈ, ਇਸ ਸਬੰਧੀ ਜਦ ਨਗਰ ਪੰਚਾਇਤ ਮਹਿਤਪੁਰ ਦੇ ਕਾਰਜ ਸਾਧਕ ਅਫ਼ਸਰ ਸੁਖਦੇਵ ਸਿੰਘ ਰੰਧਾਵਾ ਨਾਲ ਸੰਪਰਕ ਕੀਤਾ ਤਾਂ

# ਜਨ ਸੁਣਵਾਈ ਕੈਂਪ ਦੌਰਾਨ ਗਰੇਵਾਲ ਨੇ ਲੋਕਾਂ ਦੀਆਂ ਸਮੱਸਿਆਵਾਂ ਕੀਤੀਆਂ ਹੱਲ



ਨੂਰਪੁਰ ਬੇਦੀ (ਸੁਰਜੀਤ ਸਿੰਘ ਕਾਹਲੋਂ) ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਨੇ ਸੂਬੇ ਦੇ ਲੋਕਾਂ ਨੂੰ ਸਾਫ ਸੁਥਰਾ ਪ੍ਰਸ਼ਾਸਨ ਦੇਣ ਲਈ ਪਿੰਡਾਂ ਵਿੱਚ ਜਨ ਸੁਣਵਾਈ ਕੈਂਪ ਲਗਾਉਣ ਦੇ ਨਿਰਦੇਸ਼ ਦਿੱਤੇ ਹੋਏ ਹਨ। ਡਿਪਟੀ ਕਮਿਸ਼ਨਰ ਡਾ.ਪ੍ਰੀਤੀ ਯਾਦਵ ਹਰ ਵੀਰਵਾਰ ਜ਼ਿਲ੍ਹੇ ਦੇ ਕਿਸੇ ਨਾ ਕਿਸੇ ਪਿੰਡ ਵਿੱਚ ਜਨ ਸੁਣਵਾਈ ਕੈਂਪ ਲਗਾ ਕੇ ਲੋਕਾਂ ਦੀਆਂ ਮੁਸ਼ਕਿਲਾਂ ਹੱਲ ਕਰਨ ਤੇ ਸਰਕਾਰ ਦੀਆਂ ਭਲਾਈ ਸਕੀਮਾਂ ਦਾ ਲਾਭ ਲੋੜਵੰਦਾਂ ਤੱਕ ਪਹੁੰਚਾਉਣ ਲਈ ਨਿਰੰਤਰ ਉਪਰਾਲੇ ਕਰ ਰਹੇ ਹਨ। ਇਸੇ ਕੜੀ ਤਹਿਤ ਨਲਹੋਟੀ ਲੋਅਰ, ਨਲਹੋਟੀ ਅੱਪਰ ਤੇ ਬਾਸ ਰੋੜੂਆਣਾ ਵਿਖੇ ਸਾਂਝਾ ਜਨ ਸੁਣਵਾਈ ਕੈਂਪ ਲਗਾਇਆ ਗਿਆ। ਜਿਸ ਵਿਚ ਵੱਖ ਵੱਖ ਵਿਭਾਗਾ ਦੀਆਂ ਸਕੀਮਾਂ ਬਾਰੇ ਜਾਣਕਾਰੀ ਦੇਣ ਲਈ ਸਟਾਲ ਲਗਾਏ ਗਏ। ਆਮ ਲੋਕਾਂ ਨੂੰ ਸਾਫ ਸੁਥਰਾ ਪ੍ਰਸ਼ਾਸਨ ਦੇਣਾ ਸਾਡੀ ਜ਼ਿੰਮੇਵਾਰੀ ਹੈ। ਲੋਕਾਂ ਦੀਆਂ ਸਮੱਸਿਆਵਾ/ਮੁਸ਼ਕਿਲਾਂ ਦਾ ਹੱਲ ਕਰਨ ਲਈ ਉਨ੍ਹਾਂ ਦੀ ਰਿਹਾਇਸ਼ ਨੇੜੇ ਜਨ ਸੁਣਵਾਈ ਕੈਂਪ ਲਗਾਏ ਜਾ ਰਹੇ ਹਨ। ਜਿਨ੍ਹਾਂ ਦਾ ਮੰਤਵ ਲੋਕਾਂ ਨੂੰ ਆਪਣੀਆ ਮੁਸ਼ਕਿਲਾਂ ਹੱਲ ਕਰਵਾਉਣ ਲਈ ਦਫਤਰਾਂ ਤੱਕ ਪਹੁੰਚ ਕਰਨ ਦੀ ਬੇਲੋੜੀ ਖੱਜਲ ਖੁਆਰੀ ਖਤਮ ਕਰਨਾ ਹੈ। ਇਹ ਪ੍ਰਗਟਾਵਾ ਬਰਜਿੰਦਰ ਸਿੰਘ ਗਰੇਵਾਲ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ ਨੇ ਨਲਹੋਟੀ ਲੋਅਰ, ਨਲਹੋਟੀ ਅੱਪਰ ਤੇ ਬਾਸ ਰੋੜੂਆਣਾ ਵਿਚ ਲਗਾਏ ਜਨ ਸੁਣਵਾਈ ਕੈਂਪ ਦੌਰਾਨ ਇਲਾਕੇ ਦੇ ਲੋਕਾਂ ਨਾਲ ਗੱਲਬਾਤ ਕਰਦੇ ਹੋਏ ਕੀਤਾ। ਉਨ੍ਹਾਂ ਨੇ ਕਿਹਾ ਕਿ ਆਮ ਤੌਰ 'ਤੇ ਦੂਰ ਦੁਰਾਡੇ ਪਿੰਡਾਂ ਵਿਚ ਰਹਿ ਰਹੇ ਲੋਕ ਸਮੇਂ ਦੀ ਘਾਟ ਕਾਰਨ ਵੱਖ-ਵੱਖ ਵਿਭਾਗਾਂ ਦੇ ਦਫਤਰਾਂ ਤੱਕ ਪਹੁੰਚ ਕਰਕੇ ਆਪਣੀਆਂ ਸਮੱਸਿਆਵਾਂ ਦਾ ਹੱਲ ਕਰਵਾਉਣ ਤੋਂ ਵਾਂਝੇ ਰਹਿ ਜਾਂਦੇ ਹਨ। ਇਸ ਲਈ ਇਨ੍ਹਾਂ ਪੇਂਡੂ ਖੇਤਰਾਂ ਤੱਕ ਪਹੁੰਚ ਕਰਕੇ ਸਾਂਝੀਆਂ ਥਾਵਾਂ ਉਤੇ ਜਨ ਸੁਣਵਾਈ ਕੈਂਪ ਲਗਾਏ ਜਾ ਰਹੇ ਹਨ। ਦਰਸ਼ਨ ਸਿੰਘ ਬੀ.ਡੀ.ਪੀ.ਓ ਨੂਰਪੁਰ ਬੇਦੀ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਦੀ ਅਗਵਾਈ ਵਿਚ ਸੂਬਾ ਸਰਕਾਰ ਲੋਕਾਂ ਨੂੰ ਸਾਫ ਸੁਥਰਾ ਪ੍ਰਸ਼ਾਸ਼ਨ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਇਸ ਨਾਲ ਇਸ ਇਲਾਕੇ ਦੇ ਲੋਕਾਂ ਨੇ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ, ਜਿਨ੍ਹਾਂ ਦੇ ਘਰਾਂ ਦੇ ਨੇੜੇ ਪ੍ਰਸ਼ਾਸਨ ਨੇ ਪਹੁੰਚ ਕਰਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨ ਨੂੰ ਤਰਜੀਹ ਦਿੱਤੀ ਹੈ। ਉਨ੍ਹਾਂ ਨੇ ਕਿਹਾ ਕਿ ਭਵਿੱਖ ਵਿਚ ਵੀ ਅਜਿਹੇ ਕੈਂਪ ਲੱਗਦੇ ਰਹਿਣਗੇ। ਇਸ ਮੌਕੇ ਵੱਖ-ਵੱਖ ਵਿਭਾਗਾਂ, ਜਿਵੇਂ ਰੋਜਗਾਰ ਵਿਭਾਗ, ਸਿਹਤ ਵਿਭਾਗ, ਸਮਾਜਿਕ ਸੁਰੱਖਿਆ ਵਿਭਾਗ, ਫੂਡ ਸਪਲਾਈ ਅਫਸਰ, ਮਾਲ ਵਿਭਾਗ, ਜਲ ਸਪਲਾਈ ਵਿਭਾਗ, ਹੁਨਰ ਵਿਕਾਸ ਮਿਸ਼ਨ ਵਿਭਾਗ ਨਾਲ ਸਬੰਧਿਤ ਯੋਗ ਸਮੱਸਿਆਵਾਂ ਦਾ ਮੌਕੇ ਤੇ ਹੀ ਹੱਲ ਕੀਤਾ ਗਿਆ, ਜਿਹੜੇ ਮਾਮਲੇ ਕਿਸੇ ਕਾਰਨ ਬਕਾਇਆ ਰਹੇ ਉਨ੍ਹਾਂ ਨੂੰ ਸਮਾਂਬੱਧ ਹੱਲ ਕਰਨ ਦੇ ਨਿਰਦੇਸ਼ ਦਿੱਤੇ ਗਏ। ਇਸ ਮੌਕੇ ਸੀਨੀਅਰ ਮੈਡੀਕਲ ਅਫਸਰ ਡਾ.ਵਿਧਾਨ ਚੰਦਰ, ਉਪ ਜ਼ਿਲ੍ਹਾ ਸਿੱਖਿਆ ਅਫਸਰ ਸੁਰਿੰਦਰਪਾਲ ਸਿੰਘ, ਡਾ.ਅੰਜੂ ਤੇ ਵੱਖ ਵੱਖ ਵਿਭਾਗਾਂ ਤੋਂ ਅਧਿਕਾਰੀ ਤੇ ਕਰਮਚਾਰੀ ਹਾਜ਼ਰ ਸਨ।

# ਪੀ ਸੀ ਐੱਸ ਐੱਸ ਏ ਐੱਸ ਨਗਰ ਦੀ ਟੀਮ ਜ਼ਿਲ੍ਹਾ ਹਾਕੀ ਟੂਰਨਾਮੈਂਟ ਜਿੱਤ ਕੇ ਸੂਬਾ ਚੈਂਪੀਅਨ ਬਣੀ



**ਜਲੰਧਰ( ਸ਼ੈਲੀ ਐਲਬਰਟ)** ਪੀ ਸੀ ਐਸ ਐਸ ਏ ਐਸ ਨਗਰ ਟੀਮ 67ਵੇਂ ਅੰਤਰ - ਜ਼ਿਲ੍ਹਾ ਹਾਕੀ ਟੂਰਨਾਮੈਂਟ ਨੂੰ ਜਿੱਤ ਸੂਬਾ ਚੈਂਪੀਅਨ ਬਣੀ। ਸਥਾਨਕ ਓਲੰਪੀਅਨ ਸੁਰਜੀਤ ਹਾਕੀ ਸਟੇਡੀਅਮ ਵਿਖੇ ਚੱਲ ਰਹੇ ਟੂਰਨਾਮੈਂਟ ਦੇ ਆਖਰੀ ਦਿਨ ਖੇਡੇ ਗਏ ਫਾਈਨਲ ਮੁਕਾਬਲੇ ਵਿਚ ਖਿਡਾਰਨਾਂ ਨੂੰ ਅਸ਼ੀਰਵਾਦ ਦੇਣ ਹਾਕੀ ਖੇਡ ਦੇ ਸਿਰਮੌਰ ਅਰਜੁਨਾ ਅਵਾਰਡੀ ਓਲੰਪੀਅਨ ਸੁਰਿੰਦਰ ਸਿੰਘ ਸੋਢੀ (ਸਾਬਕਾ ਆਈ.ਜੀ.) ਵਲੋਂ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਗਈ। ਖੇਡ ਕਨਵੀਨਰ ਪ੍ਰਿੰਸੀਪਲ ਅਰਵਿੰਦਰ ਕੌਰ ਵਲੋਂ ਮੁੱਖ ਪ੍ਰਬੰਧਕ ਡੀ ਐਮ ਸਪੋਰਟਸ ਇਕਬਾਲ ਸਿੰਘ ਰੰਧਾਵਾ ਹੈੱਡਮਾਸਟਰ ਰਾਕੇਸ਼ ਭੱਟੀ ਨਾਲ ਉਨ੍ਹਾਂ ਨੂੰ ਦੁਸ਼ਾਲਾ ਤੇ ਯਾਦਗਾਰੀ ਚਿੰਨ੍ਹ ਭੇਂਟ ਕਰ ਕੇ ਸਨਮਾਨ ਕੀਤਾ। ਇਸ ਮੌਕੇ ਉਨ੍ਹਾਂ ਨਾਲ ਅੰਤਰਰਾਸ਼ਟਰੀ ਅੰਪਾਇਰ ਗੁਰਿੰਦਰ ਸਿੰਘ ਸੰਘਾ, ਸਰਬਜੀਤ ਕੌਰ, ਪਰਮਿੰਦਰ ਕੌਰ , ਪ੍ਰਭਜੋਤ ਕੌਰ, ਅਮਰਿੰਦਰ ਜੀਤ ਸਿੰਘ ਸਿੱਧੂ ,ਵਿਕਾਸ ਚੱਡਾ , ਦਵਿੰਦਰ ਪਾਲ ਸਿੰਘ ਅਤੇ ਹੋਰ ਕੋਚ ਵੀ ਮੌਜੂਦ ਸਨ। ਸਮੂਹ ਖੇਡ ਮੁਕਾਬਲੇ ਦੌਰਾਨ ਸਿਖਿਆ ਵਿਭਾਗ ਵਲੋਂ ਚੋਣਕਾਰ ਕਮ ਅਬਜਰਬਰ ਮਲਵਿੰਦਰ ਸਿੰਘ ਮੱਲ੍ਹੀ , ਸ਼ਮਿੰਦਰ ਸਿੰਘ, ਦਵਿੰਦਰ ਸਿੰਘ ਹਰ ਮੈਚ ਦੌਰਾਨ ਖੇਡ ਪ੍ਰਦਰਸ਼ਨ ਨੂੰ ਭਾਂਪਣ ਦੀ ਵਿਸ਼ੇਸ਼ ਜ਼ੁੰਮੇਵਾਰੀ ਨਿਭਾਈ ਗਈ। ਰੰਧਾਵਾ ਨੇ ਮੀਡੀਆ ਕੋਆਰਡੀਨੇਟਰ ਅਮਰਿੰਦਰ ਜੀਤ ਸਿੰਘ ਸਿੱਧੂ ਨੇ ਦੱਸਿਆ ਗਿਆ ਕਿ ਪਹਿਲਾਂ ਸਵੇਰੇ ਖੇਡੇ ਸੈਮੀਫਾਈਨਲ ਪੀਸੀਐਸ, ਬਠਿੰਡਾ ਨੇ ਪਟਿਆਲਾ ਟੀਮ ਨੂੰ 3-0 ਦੇ ਫਰਕ ਨਾਲ ਹਰਾ ਫਾਈਨਲ ਵਿਚ ਪ੍ਰਵੇਸ਼ ਕੀਤਾ। ਜਦਕਿ ਦੂਸਰੇ ਸੈਮੀਫਾਈਨਲ ਮੁਕਾਬਲੇ ਵਿਚ ਪੀਸੀਐਸ ਐਸ ਏ ਐਸ ਨਗਰ ਨੇ ਪੀ ਆਈ ਐਸ ਬਾਦਲ ਟੀਮ ਨੂੰ 4-0 ਦੇ ਫਰਕ ਨਾਲ ਹਰਾ ਫਾਈਨਲ 'ਚ ਜਗ੍ਹਾ ਪਾਈ । ਖਿਤਾਬੀ ਫਾਈਨਲ ਮੁਕਾਬਲਾ ਪੀਸੀਐਸ ਐਸ. ਏ. ਐਸ . ਨਗਰ (ਮੋਹਾਲੀ) ਤੇ ਪੀਸੀਐਸ ਬਠਿੰਡਾ ਦੀਆਂ ਟੀਮਾਂ ਵਿਚਾਲੇ ਖੇਡਿਆ ਗਿਆ ਜੋ ਕਿ ਨਿਰਧਾਰਿਤ ਸਮੇਂ ਦੋ ਕੁਆਰਟਰਾਂ ਤਕ ਗੋਲ ਲੈਸ ਡਰਾਅ ਰਿਹਾ। ਦੋਵਾਂ ਟੀਮਾਂ ਵਲੋਂ ਇਕ ਦੂਸਰੇ ਵਿਰੁੱਧ ਕਾਫੀ ਹਮਲੇ ਕੀਤੇ ਗਏ ਪ੍ਰੰਤੂ ਨਿਸਫਲ ਰਹਿਣ ਕਾਰ 0-0 ਦੀ ਬਰਾਬਰੀ ਰਹੀ। ਤੀਸਰੇ ਕੁਆਰਟਰ ਵਿਚ ਮੋਹਾਲੀ ਟੀਮ ਵਲੋਂ ਵਧੀਆ ਖੇਡ ਪ੍ਰਦਰਸ਼ਨ ਕਰ ਫੀਲਡ ਗੋਲ ਕਰ 1-0 ਦੀ ਲੀਡ ਲਈ ਗਈ। ਜਿਸ ਨੂੰ ਖੇਡ ਦੇ ਆਖਰੀ ਚੌਥੇ ਕਵਾਟਰ ਵਿਚ ਬਠਿੰਡਾ ਟੀਮ ਫੀਲਡ ਗੋਲ ਕਰ ਸਕੋਰ 1-1 ਨਾਲ ਬਰਾਬਰੀ 'ਤੇ ਲਿਆਉਣ ਵਿਚ ਸਫਲ ਰਹੀ। ਮੈਚ ਦੇ ਆਖਰੀ ਪੱਲਾਂ ਵਿਚ ਮੋਹਾਲੀ ਟੀਮ ਵਲੋਂ ਹਮਲਿਆਂ ਦੀ ਗਤੀ ਵਿਚ ਤੇਜੀ ਲਿਆਉਣ ਤੇ ਮਿਲੇ ਪੈਨਲਟੀ ਕਾਰਨਰ ਨੂੰ ਗੋਲ ਵਿਚ ਤਬਦੀਲ ਕਰ 2-1 ਦੇ ਫਰਕ ਨਾਲ ਬੜਤ ਲੈਣ ਵਿਚ ਸਫਲ ਹੋਈ। ਜੋ ਮੈਚ ਦੇ ਖਤਮ ਹੋਣ ਤਕ ਬਣੀ ਰਹਿਣ ਕਾਰਨ ਮੋਹਾਲੀ ਟੀਮ ਬਠਿੰਡਾ ਟੀਮ ਨੂੰ 2-1 ਫਰਕ ਨਾਲ ਹਰਾ ਸੂਬਾ ਚੈਂਪੀਅਨ ਬਣਨ ਵਿਚ ਸਫਲ ਹੋਇਆ।

# ਪ੍ਰੋਫੈਸਰ ਸੁਨੇਤ ਭਾਈ ਘਨੱਈਆ ਸਿੰਘ ਜੀ ਸੇਵਾ ਐਵਾਰਡ ਨਾਲ ਸਨਮਾਨਤ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਭਾਈ ਘਨੱਈਆ ਜੀ ਦੀਆਂ ਮਹਾਨ ਸੇਵਾਵਾਂ ਨੂੰ ਸਮਰਪਿਤ ਸੇਵਾ ਦਿਵਸ ਸਬੰਧੀ ਭਾਈ ਘਨੱਈਆ ਜੀ ਮਿਸ਼ਨ ਸੇਵਾ ਸੁਸਾਇਟੀ ਲੁਧਿਆਣਾ ਵੱਲੋਂ ਗੁਰਦੁਆਰਾ ਸ਼ਹੀਦ ਬਾਬਾ ਦੀਪ ਸਿੰਘ ਜੀ ਵਿਖੇ ਇਕ ਸਮਾਗਮ ਜਥੇਦਾਰ ਤਰਨਜੀਤ ਸਿੰਘ ਨਿਮਾਣਾ ਦੀ ਅਗਵਾਈ ਵਿੱਚ ਕਰਵਾਇਆ ਗਿਆ । ਇਸ ਮੌਕੇ 'ਤੇ ਜਿਥੇ ਵੱਖ ਵੱਖ ਧਰਮਾਂ ਦੀਆਂ ਧਾਰਮਿਕ ਸ਼ਖਸੀਅਤਾਂ , ਬੁੱਧੀਜੀਵੀਆਂ ਅਤੇ ਰਾਜਨੀਤਕ ਸ਼ਖਸੀਅਤਾਂ ਨੇ ਭਾਈ ਘਨੱਈਆ ਜੀ ਦੀਆਂ ਮਹਾਨ ਸੇਵਾਵਾਂ ਨੂੰ ਵਿਸ਼ਵ ਵਿਆਪੀ ਬਣਾਉਣ ਸਬੰਧੀ ਆਪਣੇ ਵਿਚਾਰ ਪੇਸ਼ ਕੀਤੇ ਅਤੇ ਆਪਸੀ ਭਾਈਚਾਰਕ ਸਾਂਝ ਦੀ ਮਜਬੂਤੀ , ਸਰਬਸਾਂਝੀਵਾਲਤਾ ਅਤੇ ਵਿਸ਼ਵ ਸ਼ਾਂਤੀ ਲਈ ਅਰਦਾਸ ਵੀ ਕੀਤੀ ਗਈ ।

ਇਸ ਮੌਕੇ 'ਤੇ ਸਮਾਜ ਸੇਵਾ ਦੇ ਖੇਤਰ ਵਿੱਚ ਵੱਡਮੁੱਲਾ ਯੋਗਦਾਨ ਪਾਉਣ ਵਾਲੇ ਹੁਸ਼ਿਆਰਪੁਰ ਦੇ ਸਮਾਜ ਸੇਵੀ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ ਨੂੰ ਭਾਈ ਘਨੱਈਆ ਜੀ ਸੇਵਾ ਅਵਾਰਡ ਨਾਲ ਸਨਮਾਨਿਤ ਕੀਤਾ ਗਿਆ । ਉਨ੍ਹਾਂ ਦੱਸਿਆ ਕਿ ਦਸਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਤੋਂ ਅਸ਼ੀਰਵਾਦ ਲੈਣ ਉਪਰੰਤ ਭਾਈ ਘਨੱਈਆ ਵੱਲੋਂ ਸ੍ਰੀ ਅਨੰਦਪੁਰ ਸਾਹਿਬ ਵਿਖੇ ਮੈਦਾਨੇ ਜੰਗ ਵਿੱਚ ਬਿਨਾਂ ਕਿਸੇ ਭੇਦ ਭਾਵ ਦੇ ਜਖ਼ਮੀ ਹੋਏ ਯੋਧਿਆਂ ਦੀ ਕੀਤੀ ਸੇਵਾ ਅਤੇ ਭਾਈ ਘਨੱਈਆ ਜੀ ਦੇ ਜੀਵਨ ਸਬੰਧੀ ਕੀਤੀ ਖੋਜ ਸਬੰਧੀ ਅੰਤਰਰਾਸ਼ਟਰੀ ਰੈਡ ਕਰਾਸ ਸੁਸਾਇਟੀ, ਜਨੇਵਾ ਸਵਿਟਜਰਲੈਂਡ , ਭਾਰਤੀ ਰੈਡ ਕਰਾਸ ਸੁਸਾਇਟੀ ਅਤੇ ਹੋਰ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਸੰਸਥਾਵਾਂ ਨੂੰ ਜਾਣੂ ਕਰਵਾਇਆ ਗਿਆ ਅਤੇ ਇਸ ਮਹਾਨ ਸੇਵਾ ਸੰਕਲਪ ਨੂੰ ਸਮੁੱਚੀ ਮਾਨਵਤਾ ਦੀ ਭਲਾਈ ਲਈ ਅੰਤਰਰਾਸ਼ਟਰੀ ਪੱਧਰ 'ਤੇ ਦਰਜ ਕਰਵਾਉਣ ਲਈ ਵੱਡਮੁੱਲਾ ਯੋਗਦਾਨ ਪਾਇਆ ਜਾ ਰਿਹਾ ਹੈ ਤਾਂ ਜੋ ਵਿਸ਼ਵ ਭਰ ਦੇ ਲੋਕ ਸਾਡੇ ਅਮੀਰ ਸੱਭਿਆਚਾਰ ਵਿਰਸੇ ਤੋਂ ਜਾਣੂ ਹੋ ਸਕਣ । ਇਸ ਮੌਕੇ ਤੇ ਮਾਨਵਤਾ ਦੀ ਸੇਵਾ ਹਿੱਤ ਇਕ ਵਿਸਾਲ ਖ਼ੂਨਦਾਨ ਕੈਂਪ ਵੀ ਲਗਾਇਆ ਗਿਆ । ਨਾਨਕਸਰ ਸੰਪਰਦਾ ਦੇ ਮੁੱਖੀ ਸੰਤ ਬਾਬਾ ਲੱਖਾ ਸਿੰਘ ਅਤੇ ਅਤੇ ਹੋਰਨਾਂ ਧਾਰਮਿਕ ਸ਼ਖ਼ਸੀਅਤਾਂ ਵੱਲੋਂ ਖੂਨ ਦਾਨੀਆਂ ਅਤੇ ਸਮਾਜ ਸੇਵੀਆਂ ਨੂੰ ਸਨਮਾਨਤ ਕੀਤਾ ਗਿਆ । ਉਥੇ ਪ੍ਰਚਾਰਕ ਭਾਈ ਹਰਪ੍ਰੀਤ ਸਿੰਘ ਮੱਖੂ ਵੱਲੋਂ ਵਿਸ਼ਵ ਸ਼ਾਂਤੀ ਅਤੇ ਭਾਈਚਾਰਕ ਸਾਂਝ ਦੀ ਮਜ਼ਬੂਤੀ ਲਈ ਅਰਦਾਸ ਕੀਤੀ ਗਈ ।

# ਪੰਜਾਬ ਕ੍ਰਿਸਚੀਅਨ ਮੂਵਮੈਂਟ ਦੇ ਸਾਰੇ ਵਿੰਗ ਭੰਗ

**ਜਲੰਧਰ ( ਰਾਜੇਸ਼ ਥਾਪਾ )** ਪੰਜਾਬ ਕ੍ਰਿਸਚੀਅਨ ਮੂਵਮੈਂਟ ਦੇ ਪ੍ਰਧਾਨ ਹਮੀਦ ਮਸੀਹ ਨੇ ਇੱਕ ਬਿਆਨ ਜਾਰੀ ਕਰਕੇ ਆਪਣੇ ਮੌਲਿਕ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਪੰਜਾਬ ਕਿਸਚੀਅਨ ਮੂਵਮੈਂਟ ਦੇ ਧਾਰਮਿਕ ਵਿੰਗ, ਯੂਥ ਵਿੰਗ ਇਟਲੈਕਚੂਅਲ ਵਿੰਗ, ਮੈਡੀਕਲ ਵਿੰਗ ਇਸਤਰੀ ਵਿੰਗ ਅਤੇ ਜਨਰਲ ਬਾਡੀ ਸਮੇਤ ਤਮਾਮ ਅਹੁਦੇਦਾਰੀਆਂ ਨੂੰ ਭੰਗ ਕਰ ਦਿੱਤਾ ਹੈ। ਉਹਨਾਂ ਇਹ ਵੀ ਦੱਸਿਆ ਕਿ ਜੋ ਅਹੁਦੇਦਾਰ ਆਪਣੇ ਨਾਂਅ ਦੇ ਨਾਲ ਅਹੁਦੇ ਦਾ ਇਸਤੇਮਾਲ ਕਰਦੇ ਹਨ, ਉਹ ਹੁਣ ਇਹ ਨਾ ਕਰਨ ਕਿਉਂਕਿ ਤਮਾਮ ਅਹੁਦੇਦਾਰੀਆਂ ਨੂੰ ਪ੍ਰਭਾਵੀ ਤੌਰ 'ਤੇ ਭੰਗ ਕੀਤਾ ਜਾਂਦਾ ਹੈ। ਅਗਲੇ ਤਿੰਨ ਮਹੀਨਿਆਂ ਤੱਕ ਇਸ ਦਾ ਮੁੜ ਗਠਨ ਕਰ ਦਿੱਤਾ ਜਾਵੇਗਾ।

# ਚਰਨਜੀਤ ਸਿੰਘ ਬਾਸੀ ਮੈਮੋਰੀਅਲ ਚੈਰੀਟੇਬਲ ਟਰੱਸਟ ਨੇ ਵਿਦਿਆਰਥੀਆਂ ਨੂੰ ਵੰਡੇ 4.50 ਲੱਖ ਰੁਪਏ ਦੇ ਵਜ਼ੀਫੇ



**ਫਗਵਾੜਾ (ਜਸਵਿੰਦਰ ਢੱਡਾ)**-ਰਨਜੀਤ ਸਿੰਘ ਬਾਸੀ ਮੈਮੋਰੀਅਲ ਚੈਰੀਟੇਬਲ ਟਰੱਸਟ ਵਲੋਂ ਹਰ ਸਾਲ ਦੀ ਤਰ੍ਹਾਂ ਲੋੜਵੰਦ ਅਤੇ ਹੋਣਹਾਰ ਵਿਦਿਆਰਥੀਆਂ ਨੂੰ 4.50 ਲੱਖ ਰੁਪਏ ਦੇ ਵਜੀਫੇ ਵੰਡੇ ਗਏ। ਇਸ ਸਬੰਧੀ ਇਕ ਸਮਾਗਮ ਦਾ ਆਯੋਜਨ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖਰੇਖ ਹੇਠ ਕੀਤਾ ਗਿਆ। ਜਿੱਥੇ 5 ਸਕੂਲਾਂ ਦੇ ਪੰਜਾਹ ਵਿਦਿਆਰਥੀਆਂ ਨੂੰ ਵਜੀਫੇ ਦੀ ਵੰਡ ਕੀਤੀ ਗਈ। ਜਦਕਿ ਅਨੇਕਾਂ ਵਿਦਿਆਰਥੀਆਂ ਨੂੰ ਉਹਨਾਂ ਦੇ ਸਕੂਲਾਂ ਤੇ ਕਾਲਜਾਂ ਵਿਚ ਜਾ ਕੇ ਵਜੀਫੇ ਤਕਸੀਮ ਕੀਤੇ ਗਏ। ਬਲੱਡ ਬੈਂਕ ਵਿਖੇ ਆਯੋਜਿਤ ਸਮਾਗਮ ਦੌਰਾਨ ਵਜੀਫੇ ਦੀ ਰਾਸ਼ੀ ਪ੍ਰਧਾਨਗੀ ਮੰਡਲ ਵਿਚ ਸ਼ਾਮਲ ਅਮਰਜੀਤ ਸਿੰਘ ਐਡਮਿਨਿਸਟ੍ਰੇਟਰ ਕੈਂਬ੍ਰਿਜ ਇੰਟਰਨੈਸ਼ਨਲ ਸਕੂਲ ਫਗਵਾੜਾ ਅਤੇ ਟਰੱਸਟ ਦੇ ਸਕੱਤਰ ਪ੍ਰੋਫੈਸਰ ਜਸਵੰਤ ਸਿੰਘ ਗੰਢਮ ਨੇ ਵਿਦਿਆਰਥੀਆਂ ਨੂੰ ਪ੍ਰਦਾਨ ਕੀਤੀ। ਮਲਕੀਅਤ ਸਿੰਘ ਰਘਬੋਤਰਾ ਨੇ ਦੱਸਿਆ ਕਿ ਇਸ ਵਾਰ 8 ਸਕੂਲਾਂ ਅਤੇ 6 ਕਾਲਜਾਂ ਦੇ ਕੁੱਲ 252 ਵਿਦਿਆਰਥੀਆਂ ਨੂੰ 4.50 ਲੱਖ ਰੁਪਏ ਦੇ ਵਜੀਫੇ ਵੰਡੇ ਗਏ ਹਨ ਅਤੇ ਪੰਜਾਹ ਹਜਾਰ ਰੁਪਏ ਦੇ ਹੋਰ ਵਜੀਫੇ ਲੋੜਵੰਦਾਂ ਨੂੰ ਦਿੱਤੇ ਜਾਣਗੇ। ਉਹਨਾਂ ਦੱਸਿਆ ਕਿ ਚੇਅਰਮੈਨ ਕੁਲਦੀਪ ਸਰਦਾਨਾ ਦੀ ਪ੍ਰਧਾਨਗੀ ਹੇਠ ਕਮੇਟੀ ਵਲੋਂ ਲਏ ਫੈਸਲੇ ਅਨੁਸਾਰ 80% ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਵਿਦਿਆਰਥੀਆਂ ਤੋਂ ਇਲਾਵਾ ਆਰਥਕ ਤੌਰ ਤੇ ਕਮਜੋਰ ਪਰਿਵਾਰਾਂ ਨਾਲ ਸਬੰਧਤ ਹੋਣਹਾਰ ਵਿਦਿਆਰਥੀਆਂ ਨੂੰ ਵਜੀਫੇ ਦਿੱਤੇ ਜਾਂਦੇ ਹਨ। ਸਮਾਗਮ ਦੌਰਾਨ ਪ੍ਰੋਫੈਸਰ ਗੰਢਮ ਨੇ ਬਾਸੀ ਪਰਵਾਰ ਦੇ ਪਿਛੋਕੜ ਅਤੇ ਇਸ ਪਰਵਾਰ ਵਲੋਂ ਟਰੱਸਟ ਰਾਹੀਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਸਬੰਧੀ ਵਿਸਥਾਰ ਨਾਲ ਚਾਨਣਾ ਪਾਇਆ। ਇਸ ਦੌਰਾਨ ਅਮਰਜੀਤ ਸਿੰਘ ਅਤੇ ਟੀ.ਡੀ. ਚਾਵਲਾ ਨੇ ਸੰਬੋਧਨ ਕਰਦਿਆਂ ਬਾਸੀ ਪਰਵਾਰ ਤੇ ਟਰੱਸਟ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ। ਇਸ ਮੌਕੇ ਵਿਸ਼ਵਾਮਿੱਤਰ ਸ਼ਰਮਾ, ਅਮਰਜੀਤ ਡਾਂਗ, ਐਸ.ਸੀ. ਚਾਵਲਾ, ਕ੍ਰਿਸ਼ਨ ਕੁਮਾਰ, ਪ੍ਰਿੰਸੀਪਲ ਕੁਲਵਿੰਦਰ ਕੌਰ, ਸੁਧਾ ਬੇਦੀ, ਜੁਨੇਸ਼ ਜੈਨ, ਯਸ਼ ਸ਼ਰਮਾ, ਮੋਹਨ ਲਾਲ ਤਨੇਜਾ ਤੋਂ ਇਲਾਵਾ ਸਕਾਲਰਸ਼ਿਪ ਲੈਣ ਵਾਲੇ ਵਿਦਿਆਰਥੀ ਅਤੇ ਸਬੰਧਤ ਸਕੂਲਾਂ ਦੇ ਸਟਾਫ ਮੈਂਬਰ ਹਾਜਰ ਸਨ।

# ਚਰੰਜੀ ਲਾਲ ਕੰਗਣੀਵਾਲ ਦੇ ਬੇਟੇ ਨਵਦੀਪ ਦੀ ਯਾਦ 'ਚ ਸ਼ੋਕ ਸਮਾਗਮ



**ਜਲੰਧਰ (ਕੇਸਰ)** ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਹਾਇਕ ਸਕੱਤਰ ਚਰੰਜੀ ਲਾਲ ਕੰਗਣੀਵਾਲ ਦੇ ਬੇਟੇ ਨਵਦੀਪ ਕੁਮਾਰ ਦੇ ਜ਼ੋਬਨ ਰੁੱਤੇ ਦਰਦ ਵਿਛੋੜੇ 'ਤੇ ਕੰਗਣੀਵਾਲ ਵਿਖੇ ਹੋਏ ਸ਼ੋਕ ਸਮਾਗਮ 'ਚ ਦਰਜਣ ਤੋਂ ਵੱਧ ਜੱਥੇਬੰਦੀਆਂ ਦੇ ਨੁਮਾਇੰਦਿਆਂ ਨੇ ਭਾਵ-ਭਿੰਨੀ ਸ਼ਰਧਾਂਜਲੀ ਭੇਂਟ ਕੀਤੀ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਅਜਮੇਰ ਸਿੰਘ, ਜਨਰਲ ਸਕੱਤਰ ਪ੍ਰਿਥੀਪਾਲ ਸਿੰਘ ਮਾੜੀਮੇਘਾ, ਕਮੇਟੀ ਮੈਂਬਰ ਕੁਲਬੀਰ ਸਿੰਘ ਸੰਘੇੜਾ, ਆਰ ਐਮ ਪੀ ਆਈ ਦੇ ਕੌਮੀ ਆਗੂ ਮੰਗਤ ਰਾਮ ਪਾਸਲਾ, ਜਮਹੂਰੀ ਅਧਿਕਾਰ ਸਭਾ ਦੇ ਬੂਟਾ ਸਿੰਘ, ਡਾ. ਅੰਬੇਡਕਰ ਭਵਨ ਟ੍ਰਸਟ ਦੇ ਪ੍ਰੋ. ਜੀ ਸੀ ਕੌਲ, ਗਿਆਨ ਚੰਦ ਖਲਵਾੜਾ, ਰੂਪ ਲਾਲ ਰੂਪ, ਨਿਰਮਲ ਸਿੰਘ ਕੰਗਣੀਵਾਲ ਨੇ ਆਪਣੇ ਸੰਬੋਧਨ 'ਚ ਪਰਿਵਾਰ, ਸਾਕ-ਸੰਬੰਧੀਆਂ ਅਤੇ ਚਰੰਜੀ ਲਾਲ ਕੰਗਣੀਵਾਲ ਦੇ ਸੰਗੀ-ਸਾਥੀਆਂ ਨਾਲ ਦੁੱਖ ਸਾਂਝਾ ਕਰਦਿਆਂ ਕਿਹਾ ਕਿ ਅਜੇਹੀਆਂ ਹਿਰਦੇਵੇਦਕ ਮੌਤਾਂ ਸਾਨੂੰ ਸੋਚਣ 'ਤੇ ਮਜ਼ਬੂਰ ਕਰਦੀਆਂ ਹਨ ਕਿ ਬਿਮਾਰੀਆਂ, ਹਾਰਟ ਅਟੈਕ, ਦੁਰਘਟਨਾਵਾਂ ਅਤੇ ਮੰਦਭਾਗੀਆਂ ਘਟਨਾਵਾਂ ਦੇ ਕਾਰਨਾਂ ਦੀ ਵਿਗਿਆਨਕ ਘੋਖ-ਪੜਤਾਲ ਕਰਦਿਆਂ ਸਾਨੂੰ ਦਿਨ-ਬ-ਦਿਨ ਵਿਆਪਕ ਰੂਪ ਧਾਰਨ ਕਰ ਰਹੀ ਸੋਗ ਲੱਦੀ ਰੁੱਤ ਠੱਲ੍ਹਣ ਲਈ ਸਿਹਤਮੰਦ ਸਮਾਜ ਸਿਰਜਣ ਲਈ ਸਾਂਝੇ ਉੱਦਮ ਜੁਟਾਉਣ ਦੀ ਲੋੜ ਹੈ। ਇਸ ਮੌਕੇ ਦੇਸ਼ ਭਗਤ ਯਾਦਗਾਰ ਕਮੇਟੀ ਦੇ ਮੈਂਬਰ ਡਾ. ਪਰਮਿੰਦਰ, ਰਣਜੀਤ ਸਿੰਘ ਔਲਖ, ਸੁਰਿੰਦਰ ਕੁਮਾਰੀ ਕੋਛੜ, ਡਾ. ਸੈਲੇਸ਼, ਵਿਜੈ ਬੰਬੇਲੀ, ਪ੍ਰਗਟ ਸਿੰਘ ਜਾਮਾਰਾਏ, ਸੀਤਲ ਸਿੰਘ ਸੰਘਾ ਨੇ ਦੁੱਖ ਸਾਂਝਾ ਕੀਤਾ। ਇਸ ਸਮਾਗਮ 'ਚ ਜਮਹੂਰੀ ਕਿਸਾਨ ਸਭਾ ਦੇ ਆਗੂ ਕੁਲਵੰਤ ਸੰਧੂ, ਡਾ. ਜੋਗਿੰਦਰ ਸਿੰਘ, ਡਾ. ਇਕਬਾਲ ਕੌਰ ਸੌਂਦ (ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ), ਕੇਵਲ ਬੋਲੀਨਾ, ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸੈਕਰਾਮੈਂਟੋ (ਕੈਲੇਫੋਰਨੀਆ), ਅਮਰੀਕਨ ਸੀਨੀਅਰ ਸਿਟੀਜ਼ਨ ਗਰੁੱਪ ਸੈਕਰਾਮੈਂਟੋ, ਇੰਡੋ ਅਮੈਰੀਕਨ ਹੈਰੀਟੇਜ਼ ਫੋਰਮ ਸਾਨਫਰਾਂਸਿਸਕੋ, ਇੰਡੋ ਅਮੈਰੀਕਨ ਕਲਚਰਲ ਐਸੋਸੀਏਸ਼ਨ (ਯੂ ਐਸ ਏ), ਈਸਟ ਇੰਡੀਅਨ ਡੀਫੈਂਸ ਕਮੇਟੀ ਬ੍ਰਿਟਿਸ਼ ਕੋਲੰਬੀਆ (ਕਨੇਡਾ), ਗ਼ਦਰ ਹੈਰੀਟੇਜ਼ ਫਾਊਂਡੇਸ਼ਨ ਐਂਡ ਕਲਚਰਲ ਆਰਗਨਾਈਜੇਸ਼ਨ (ਯੂ ਐਸ ਏ), ਮਾਸਟਰ ਭਜਨ ਗਿੱਲ ਕੈਲਗਰੀ, ਹਰਬੰਸ ਸਿੰਘ ਟੋਰੰਟੋ, ਬਲਦੇਵ ਰਹਿਪਾ ਟੋਰੰਟੋ, ਅਵਤਾਰ ਬਾਈ ਕਨੇਡਾ, ਡਾ. ਸੁਰਿੰਦਰ ਪੰਜਲ, ਭਗਵੰਤ, ਭੂਸ਼ਨ, ਸ਼ੀਰਾ ਜੌਹਲ, ਸੁਰਿੰਦਰ ਕੌਰ (ਬਰਮਿੰਘਮ) ਵੱਲੋਂ ਭੇਜੇ ਸ਼ੋਕ ਸੁਨੇਹੇ ਸਾਂਝੇ ਕੀਤੇ ਗਏ।

ਇਸ ਸਮਾਗਮ 'ਚ ਸੋਹਣ ਲਾਲ, ਚਰਨ ਦਾਸ ਸੰਧੂ, ਚਰਨਜੀਤ, ਗੁਰਦੇਵ ਚੰਦ, ਸਵਾਮੀ ਸਵਰਨ ਦਾਸ, ਡਾ. ਸੈਲੇਸ਼, ਡਾ. ਮੰਗਤ ਰਾਏ, ਤਲਵਿੰਦਰ ਹੀਰ, ਸਰਬਜੀਤ ਕੰਗਣੀਵਾਲ, ਵਰੁਣ ਟੰਡਨ, ਸੁਖਵਿੰਦਰ ਬਾਗਪੁਰ, ਗੁਰਦੀਪ ਸਿੰਘ, ਰਾਮਜੀ, ਰਤਨ ਆਦਿ ਵੀ ਸ਼ਾਮਲ ਸਨ। ਸਾਬਕਾ ਚੀਫ਼ ਕਮਿਸ਼ਨਰ ਇਨਕਮ ਟੈਕਸ ਲੇਖ ਰਾਜ ਨਜੀਅਰ ਨੇ ਪਰਿਵਾਰ ਦੀ ਤਰਫ਼ੋਂ ਸਭਨਾਂ ਦਾ ਧੰਨਵਾਦ ਕੀਤਾ ਅਤੇ ਪਰਿਵਾਰ ਨੂੰ ਹਰ ਸਹਿਯੋਗ ਦਾ ਭਰੋਸਾ ਦਿੱਤਾ। ਸ਼ੋਕ ਸਮਾਗਮ ਦਾ ਮੰਚ ਸੰਚਾਲਨ ਦੇਸ਼ ਭਗਤ ਯਾਦਗਾਰ ਕਮੇਟੀ ਦੇ ਸਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕੀਤਾ।

# ਗ੍ਰੀਨ ਦੀਵਾਲੀ ਮਨਾਉਣ ਦੀ ਕੀਤੀ ਅਪੀਲ



**ਮੋਰਿੰਡਾ (ਜੈਜੀ ਸਰਦਾਰ)** ਜਿਵੇਂ ਕਿ ਪੂਰੇ ਦੇਸ਼ ਭਰ ਵਿੱਚ ਦਿਨ ਪ੍ਰਤੀ ਦਿਨ ਫੈਲ ਰਹੇ ਪ੍ਰਦੂਸ਼ਣ ਦੀ ਸਮੱਸਿਆ ਨੂੰ ਨਜਿੱਠਣ ਲਈ ਜਿੱਥੇ ਮਾਨਯੋਗ ਸੁਪਰੀਮ ਕੋਰਟ ਨੂੰ ਵੀ ਦਖ਼ਲ ਦੇਣਾ ਪੈ ਰਿਹਾ ਹੈ, ਉੱਥੇ ਸਾਡਾ ਸਾਰਿਆਂ ਦਾ ਨਿੱਜੀ ਤੌਰ 'ਤੇ ਫਰਜ ਬਣਦਾ ਹੈ ਕਿ ਅਸੀਂ ਸਾਰੇ ਰਲ ਕੇ ਵੀ ਆਪਣੀ ਆਪਣੀ ਬਣਦੀ ਜ਼ਿੰਮੇਵਾਰੀ ਨਿਭਾਈਏ। ਇਸ ਗੱਲ ਦਾ ਪ੍ਰਗਟਾਵਾ ਕੱਕੜ ਹਸਪਤਾਲ ਦੇ ਐੱਚ ਆਰ ਘਨਸ਼ਿਆਮ ਸ਼ਰਮਾ ਅਤੇ ਸਮੂਹ ਸਟਾਫ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਉਨ੍ਹਾਂ ਨੇ ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀ ਖੁਸੀ ਵਿੱਚ ਲੋਕਾਂ ਨੂੰ ਆਪਣੇ ਘਰਾਂ ਵਿੱਚ ਛਾਂਦਾਰ ਰੁੱਖ ਤੇ ਫਲਦਾਰ ਬੂਟੇ ਲਗਾਉਣ ਦੀ ਵੀ ਅਪੀਲ ਕੀਤੀ ਅਤੇ ਇਲਾਕੇ ਦੇ ਲੋਕਾਂ ਨੂੰ ਪਰਾਲੀ ਨਾ ਸਾੜਨ ਲਈ ਪ੍ਰੇਰਿਤ ਕੀਤਾ। ਸਮੂਹ ਸਟਾਫ ਵੱਲੋ ਦੇਸ਼ ਵਾਸੀਆਂ ਨੂੰ ਦੀਵਾਲੀ ਤੇ ਬੰਦੀ ਛੋੜ ਦਿਵਸ ਦੀਆਂ ਮੁਬਾਰਕਾਂ ਦਿੰਦਿਆਂ ਪ੍ਰਦੂਸ਼ਣ ਰਹਿਤ ਗ੍ਰੀਨ ਦਿਵਾਲੀ ਮਨਾਉਣ ਦੀ ਅਪੀਲ ਕੀਤੀ। ਇਸ ਮੌਕੇ ਮੈਡਮ ਤਮੰਨਾ ਸ਼ਰਮਾ, ਮੈਡਮ ਗੋਮਿਸਾ ਥਾਪਾ, ਮੈਡਮ ਅਮਨ ਮੱਟੂ, ਮੈਡਮ ਹਰਪ੍ਰੀਤ ਕੌਰ ਅਤੇ ਕਮਲ ਹਾਜਰ ਸਨ।

# ਬਲਵੰਤ ਸਿੰਘ ਖੇੜਾ ਦੀ ਪੁਸਤਕ 'ਸਮਿਆਂ ਦੇ ਸਨਮੁੱਖ' ਲੋਕ ਅਰਪਣ



**ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)**-ਉੱਘੇ ਸਮਾਜਵਾਦੀ ਆਗੂ ਅਤੇ ਮਾਲਟਾ ਜਾਂਚ ਮਿਸ਼ਨ ਦੇ ਚੇਅਰਮੈਨ ਬਲਵੰਤ ਸਿੰਘ ਖੇੜਾ ਦੀ ਨਵੀਂ ਪੁਸਤਕ 'ਸਮਿਆਂ ਦੇ ਸਨਮੁੱਖ' ਦਾ ਲੋਕ ਅਰਪਣ ਸਮਾਗਮ ਲਾਲਾ ਲਾਜਪਤ ਰਾਇ ਸੀਨੀਅਰ ਸੈਕੰਡਰੀ ਸਕੂਲ ਹੁਸ਼ਿਆਰਪੁਰ ਵਿਖੇ ਆਯੋਜਿਤ ਕੀਤਾ ਗਿਆ, ਜਿਸ ਵਿੱਚ ਮੁੱਖ ਮਹਿਮਾਨ ਵੱਜੋਂ ਮੈਗਸਾਸੇ ਐਵਾਰਡੀ ਅਤੇ ਸਮਾਜਵਾਦੀ ਚਿੰਤਕ ਪ੍ਰੋਫੈਸਰ ਸੰਦੀਪ ਪਾਂਡੇ ਨੇ ਸ਼ਿਰਕਤ ਕੀਤੀ। ਸਮਾਗਮ ਦੇ ਪ੍ਰਧਾਨਗੀ ਮੰਡਲ ਵਿੱਚ ਪ੍ਰਸਿੱਧ ਸਾਹਿਤਕਾਰ ਮਦਨ ਵੀਰਾ,ਉੱਘੇ ਆਲੋਚਕ ਡਾ. ਪਿਆਰੇ ਲਾਲ ਗਰਗ, ਖੁਸ਼ਹਾਲ ਸਿੰਘ ਜਨਰਲ ਸਕੱਤਰ ਕੇਂਦਰੀ ਸ੍ਰੀ ਗੁਰੂ ਸਿੰਘ ਸਭਾ, ਐਸ ਪੀ ਸਿੰਘ, ਉੱਘੇ ਕਾਲਮ ਨਵੀਸ ਡਾਕਟਰ ਐਸ ਐਸ ਛੀਨਾ,ਹਮੀਰ ਸਿੰਘ ਸੰਪਾਦਕ ਪੰਜਾਬੀ ਟੈਲੀਵਿਜ਼ਨ,ਮਾਸ ਮੀਡੀਆ ਅਫਸਰ ਤ੍ਰਿਪਤਾ ਕੇ ਸਿੰਘ ਤੇ ਜ਼ਿਲ੍ਹਾ ਭਾਸ਼ਾ ਅਫਸਰ ਡਾਕਟਰ ਜਸਵੰਤ ਰਾਏ ਸ਼ਾਮਿਲ ਹੋਏ, ਜਿਨ੍ਹਾਂ ਨੇ ਬਲਵੰਤ ਸਿੰਘ ਖੇੜਾ ਦੀ ਪੁਸਤਕ 'ਸਮਿਆਂ ਦੇ ਸਨਮੁੱਖ' ਦੀ ਘੁੰਡ ਚੁਕਾਈ ਕੀਤੀ। ਇਸ ਮੌਕੇ ਡਾ. ਅਜੇ ਬੱਗਾ ਦੀ ਮੰਚ ਸੰਚਲਨਾ ਵਿੱਚ ਕਰਵਾਏ ਸਮਾਗਮ ਨੂੰ ਸੰਬੋਧਨ ਕਰਦਿਆਂ ਪ੍ਰੋਫੈਸਰ ਸੰਦੀਪ ਪਾਂਡੇ ਮੈਗਸਾਸੇ ਅਵਾਰਡੀ ਨੇ ਕਿਹਾ ਕਿ ਸਮੁੱਚੇ ਦੇਸ਼ ਦੇ ਰਾਜਨੀਤਿਕ ਦ੍ਰਿਸ਼ ਉਪਰ ਨੈਤਿਕਤਾ ਦਾ ਸੰਕਟ ਸੱਪ ਦੇ ਫਨ ਵਾਂਗ ਖਿਲਰਿਆ ਹੋਇਆ ਹੈ। ਪੰਜਵੇਂ ਦਹਾਕੇ 'ਚ ਰਾਜਨੀਤੀ ਕਰਨ ਵਾਲੇ ਲੋਕ ਪੋਟਿਆਂ ਤੱਕ ਸਾਊ ਸਨ। ਛੇਵੇਂ ਦਹਾਕੇ 'ਚ ਵੀ ਜਿਹੜੇ ਲੋਕ ਆਏ ਉਹ ਵੀ ਅੱਧ ਪਚਦੇ ਸਾਊ ਦਿੱਖ ਵਾਲੇ ਨਜਰ ਆ ਜਾਂਦੇ ਸਨ। ਪਰ ਸੱਤਵੇਂ ਦਹਾਕੇ ਤੱਕ ਪਹੁੰਚਦਿਆਂ ਉਹ ਲੋਕ ਰਾਜਨੀਤੀ 'ਚ ਪ੍ਰਵੇਸ਼ ਕਰ ਗਏ ਜਿਨਾਂ ਦਾ ਨੈਤਿਕਤਾ ਦੇ ਨਾਲ ਕੋਈ ਵਾਸਤਾ ਨਹੀਂ, ਇਸ ਸਾਰੇ ਹਾਲਤ ਦਾ ਬਾਖੂਬੀ ਚਿਤਰਨ ਬਲਵੰਤ ਸਿੰਘ ਖੇੜਾ ਨੇ ਆਪਣੀ ਨਵੀਂ ਪੁਸਤਕ ਸਮਿਆਂ ਦੇ ਸਨਮੁੱਖ ਵਿੱਚ ਕੀਤਾ ਹੈ, ਜਿਸ ਕਾਰਨ ਇਹ ਪੁਸਤਕ ਇਤਿਹਾਸਿਕ ਦਸਤਾਵੇਜ ਬਣ ਗਈ ਹੈ। ਪੁਸਤਕ ਦੇ ਸੰਪਾਦਕ ਮਦਨ ਵੀਰਾ, ਡਾ. ਪਿਆਰੇ ਲਾਲ ਗਰਗ, ਹਮੀਰ ਸਿੰਘ ਸੰਪਾਦਕ ਨੇ ਕਿਹਾ ਕਿ ਇਸ ਪੁਸਤਕ ਵਿੱਚ ਵੱਖ-ਵੱਖ ਤਰ੍ਹਾਂ ਦੇ 22 ਲੇਖਾਂ ਦਾ ਖੂਬਸੂਰਤ ਵਰਨਣ ਕੀਤਾ ਗਿਆ ਹੈ, ਜੋ ਸਮਾਜਿਕ ਰਾਜਨੀਤਿਕ ਅਤੇ ਧਾਰਮਿਕ ਪੱਖ ਤੋਂ ਬਹੁਤ ਮਜਬੂਤੀ ਨਾਲ ਸਮੇਂ ਦੀ ਤਰਜਮਾਨੀ ਕਰਦਾ ਹੈ। ਸਮਾਗਮ ਨੂੰ ਕਾਲਮਨਵੀਸ ਐੱਸ ਐੱਸ ਛੀਨਾ,ਡਾ. ਖੁਸ਼ਹਾਲ ਸਿੰਘ, ਜਿਲ੍ਹਾ ਭਾਸ਼ਾ ਅਫ਼ਸਰ ਜਸਵੰਤ ਸਿੰਘ ਰਾਏ ਅਤੇ ਹੋਰ ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਬਲਵੰਤ ਸਿੰਘ ਖੇੜਾ ਦੀ ਨਵੀਂ ਪੁਸਤਕ ਸਮਿਆਂ ਦੇ ਸਨਮੁੱਖ ਨੂੰ ਪਿਛਲੇ ਕਰੀਬ ਛੇ ਦਹਾਕਿਆਂ ਦੀ ਰਾਜਨੀਤੀ ਦਾ ਇਤਿਹਾਸਿਕ ਦਸਤਾਵੇਜ ਕਰਾਰ ਦਿੱਤਾ। ਬਲਵੰਤ ਸਿੰਘ ਖੇੜਾ ਵੱਲੋਂ ਓਮ ਸਿੰਘ ਸਟਿਆਣਾ ਪੰਜਾਬ ਪ੍ਰਧਾਨ ਨੇ ਆਏ ਹੋਏ ਮਹਿਮਾਨਾਂ ਤੇ ਸਾਹਿਤਕਾਰਾਂ ਦਾ ਸਵਾਗਤ ਅਤੇ ਹਰਿੰਦਰ ਸਿੰਘ ਮਨਸ਼ਾਹੀਆ ਨੇ ਧੰਨਵਾਦ ਕੀਤਾ। ਇਸ ਮੌਕੇ ਬਲਰਾਜ ਸਿੰਘ ਨੰਗਲ, ਅਸ਼ੋਕ ਸ਼ਰਮਾ ਸਾਬਕਾ ਵਿਧਾਇਕ ਪਠਾਨਕੋਟ,ਬੀਬੀ ਰਜਿੰਦਰ ਕੌਰ ਦਾਨੀ ਚੰਡੀਗੜ੍ਹ, ਹਰਿੰਦਰ ਸਿੰਘ ਮਨਸ਼ਾਹੀਆ ਕੌਮੀ ਜਨਰਲ ਸਕੱਤਰ, ਸਾਬਕਾ ਡੀਪੀਆਰਓ ਮਹਿੰਦਰ ਸਿੰਘ ਮੁਸਾਫਰ,ਜਗਦੀਸ਼ ਸ਼ਰਮਾ ਹਰਿਆਣਵੀ,ਮਲਕੀਤ ਸਿੰਘ, ਕੇਵਲ ਸਿੰਘ, ਕਮਲਜੀਤ ਸਿੰਘ ਮੰਨਣ, ਸੁਖਚੈਨ ਸਿੰਘ ਭੱਟੀ, ਮਹਿੰਦਰ ਸਿੰਘ ਹੀਰ,ਸਵਰਨ ਸਿੰਘ ਲੈਕਚਰਾਰ ਆਦਿ ਵੀ ਮੌਜੂਦ ਸਨ।

# ਸੇਂਟ ਸੋਲਜਰ ਲਾਅ ਕਾਲਜ ਨੇ ਮਨਾਇਆ ਲੀਗਲ ਸਰਵਿਸਿਜ਼ ਡੇ



**ਜਲੰਧਰ,(ਇਕਬਾਲ ਸਿੰਘ ਉੱਭੀ)** ਸੇਂਟ ਸੋਲਜਰ ਲਾਅ ਕਾਲਜ ਦੇ ਮੁਫਤ ਕਾਨੂੰਨੀ ਸਹਾਇਤਾ ਕਲੱਬ ਵੱਲੋਂ ਕਾਨੂੰਨੀ ਸੇਵਾਵਾਂ ਦਿਵਸ ਮਨਾਇਆ ਗਿਆ। ਜਿਸ ਵਿੱਚ ਕਾਲਜ ਦੇ ਡਾਇਰੈਕਟਰ ਡਾ.ਐਸ.ਸੀ.ਸ਼ਰਮਾ ਵੱਲੋਂ ਵਿਦਿਆਰਥੀਆਂ ਨੂੰ ਇਸ ਦਿਵਸ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਨਸ਼ਾ ਮੁਕਤੀ, ਮਹਿਲਾ ਸਸ਼ਕਤੀਕਰਨ ਅਤੇ ਭਰੂਣ ਹੱਤਿਆ ਵਿਸ਼ਿਆਂ 'ਤੇ ਸਲੋਗਨ ਰਾਈਟਿੰਗ ਅਤੇ ਪੋਸਟਰ ਮੇਕਿੰਗ ਮੁਕਾਬਲੇ ਕਰਵਾਏ ਗਏ। ਜਿਸ ਵਿੱਚ ਵਿਦਿਆਰਥੀਆਂ ਨੇ ਆਪਣੀ ਕਲਾ ਅਤੇ ਵਿਚਾਰਾਂ ਦਾ ਵਧੀਆ ਢੰਗ ਨਾਲ ਪ੍ਰਗਟਾਵਾ ਕੀਤਾ ਅਤੇ ਸਮਾਜ ਵਿੱਚੋਂ ਇਨ੍ਹਾਂ ਬੁਰਾਈਆਂ ਨੂੰ ਖਤਮ ਕਰਨ ਲਈ ਹਰ ਸੰਭਵ ਯਤਨ ਕਰਨ ਦੀ ਸਹੁੰ ਚੁੱਕੀ। ਇਸ ਤੋਂ ਇਲਾਵਾ ਡਾ: ਸ਼ਰਮਾ ਨੇ ਲੋੜਵੰਦ ਲੋਕਾਂ ਲਈ ਮੌਜੂਦਾ ਕਾਨੂੰਨੀ ਸੇਵਾਵਾਂ ਸਕੀਮਾਂ ਬਾਰੇ ਵਿਦਿਆਰਥੀਆਂ ਨੂੰ ਜਾਣਕਾਰੀ ਦਿੱਤੀ ਅਤੇ ਕਾਨੂੰਨੀ ਸਲਾਹ, ਐਡਵੋਕੇਟ ਸੇਵਾਵਾਂ, ਹਿੱਟ ਐਂਡ ਰਨ ਦੁਰਘਟਨਾ ਦੇ ਕੇਸਾਂ ਵਿੱਚ ਮੁਆਵਜ਼ਾ ਆਦਿ ਸੇਵਾਵਾਂ ਅਤੇ ਇਨ੍ਹਾਂ ਸੇਵਾਵਾਂ ਦਾ ਲਾਭ ਲੈਣ ਲਈ ਲੋੜੀਂਦੀਆਂ ਸ਼ਰਤਾਂ ਬਾਰੇ ਦੱਸਿਆ। ਇਹ ਵੀ ਦੱਸਿਆ ਗਿਆ ਕਿ ਕੋਈ ਵੀ ਵਿਅਕਤੀ ਸਿਵਲ ਜੱਜ (ਜੂਨੀਅਰ ਡਿਵੀਜ਼ਨ) ਦੀ ਅਦਾਲਤ ਤੋਂ ਸੁਪਰੀਮ ਕੋਰਟ ਤੱਕ ਮੁਕੱਦਮੇਬਾਜ਼ੀ ਦੇ ਹਰ ਪੱਧਰ 'ਤੇ ਮਿਆਰੀ ਕਾਨੂੰਨੀ ਸੇਵਾਵਾਂ ਪ੍ਰਾਪਤ ਕਰ ਸਕਦਾ ਹੈ। ਉਨ੍ਹਾਂ ਕਾਲਜ ਦੇ ਵਿਦਿਆਰਥੀਆਂ ਨੂੰ ਸਵੈ-ਇੱਛਾ ਨਾਲ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਵਿੱਚ ਸਕੀਮਾਂ ਬਾਰੇ ਜਾਗਰੂਕਤਾ ਫੈਲਾਉਣ ਦਾ ਕੰਮ ਦਿੱਤਾ ਜਿੱਥੇ ਸਮਾਜ ਦੇ ਕਮਜ਼ੋਰ ਵਰਗ ਰਹਿੰਦੇ ਹਨ। ਕਾਨੂੰਨੀ ਸਹਾਇਤਾ ਅਦਾਲਤ ਦੇ ਸਾਹਮਣੇ ਅਜਿਹੀ ਸਮਾਨਤਾ ਲਿਆਉਣ ਦਾ ਇੱਕ ਸਾਧਨ ਹੈ। ਗਰੁੱਪ ਚੇਅਰਮੈਨ ਅਨਿਲ ਚੋਪੜਾ ਅਤੇ ਵਾਈਸ ਚੇਅਰਪਰਸਨ ਸ਼੍ਰੀਮਤੀ ਸੰਗੀਤਾ ਚੋਪੜਾ ਨੇ ਲਾਅ ਕਾਲਜ ਦੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ।

# ਡਿਪਟੀ ਕਮਿਸ਼ਨਰ ਨੇ ਬਜ਼ੁਰਗਾਂ ਨਾਲ ਮਨਾਈ ਦੀਵਾਲੀ

**ਚਮਕੌਰ ਸਾਹਿਬ ( ਗੁਰਵਿੰਦਰਪਾਲ ਸਿੰਘ ਬੌਬੀ)**- ਡਿਪਟੀ ਕਮਿਸ਼ਨਰ ਡਾ. ਪ੍ਰੀਤੀ ਯਾਦਵ ਵੱਲੋਂ ਇੱਥੋ ਦੇ ਸਤਿਆ ਦੇਵੀ ਮੈਮੋਰੀਅਲ ਸੀਨੀਅਰ ਸਿਟੀਜਨ ਹੋਮ ਵਿਖੇ ਬਜ਼ੁਰਗਾਂ ਨਾਲ ਮੁਲਕਾਤ ਕਰਕੇ ਦੀਵਾਲੀ ਦੀਆਂ ਖ਼ੁਸ਼ੀਆਂ ਸਾਂਝੀਆਂ ਕੀਤੀਆਂ ਗਈਆਂ ਅਤੇ ਉਨ੍ਹਾਂ ਨੂੰ ਦੀਵਾਲੀ ਦੇ ਤੋਹਫੇ ਵਜੋਂ ਸਰਦ ਰੁੱਤਾਂ ਲਈ ਸ਼ਾਲਾਂ ਭੇਟ ਕੀਤੀਆਂ। ਉਨ੍ਹਾਂ ਬਜ਼ੁਰਗਾਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਨੂੰ ਦੀਵਾਲੀ ਦੀ ਵਧਾਈ ਦਿੱਤੀ ਤੇ ਉਨ੍ਹਾਂ ਦੀ ਸਿਹਤ ਦਾ ਹਾਲ ਚਾਲ ਪੁੱਛਿਆ ਅਤੇ ਉਨ੍ਹਾਂ ਨੂੰ ਮਿਲ ਰਹੀਆਂ ਸੁਵਿਧਾਵਾਂ ਬਾਰੇ ਵੀ ਪੁੱਛਿਆ । ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਕਿਸੇ ਤਰ੍ਹਾਂ ਦੀ ਮੱਦਦ ਜਾਂ ਲੋੜ ਹੈ ਤਾਂ ਪ੍ਰਸ਼ਾਸਨ ਆਪਣੀ ਬਜ਼ੁਰਗਾਂ ਪ੍ਰਤੀ ਵਚਨਬੱਧਤਾ ਨੂੰ ਨਿਭਾਉਂਦੇ ਹੋਏ ਹਰ ਸਹੂਲਤ ਪ੍ਰਦਾਨ ਕਰੇਗਾ। ਇਸ ਦੌਰਾਨ ਬਜ਼ੁਰਗਾਂ ਵਲੋਂ ਡਿਪਟੀ ਕਮਿਸ਼ਨਰ ਦਾ ਧੰਨਵਾਦ ਕਰਦਿਆਂ ਗੀਤਾ ਗਾ ਕੇ ਆਸ਼ੀਰਵਾਦ ਦਿੱਤਾ ਅਤੇ ਦੱਸਿਆ ਕਿ ਇਸ ਸੀਨੀਅਰ ਸਿਟੀਜਨ ਹੋਮ ਵਿਖੇ ਉਨ੍ਹਾਂ ਨੂੰ ਮਿਆਰੀ ਸਹੂਲਤਾਂ ਦਿੱਤੀਆਂ ਜਾਂਦੀਆਂ ਅਤੇ ਉਨ੍ਹਾਂ ਦਾ ਖਾਸ ਧਿਆਨ ਵੀ ਰੱਖਿਆ ਜਾ ਰਿਹਾ ਹੈ । ਇਕ ਬਜ਼ੁਰਗ ਮਹਿਲਾ ਨੇ ਭਾਵੁਕ ਹੁੰਦਿਆਂ ਕਿਹਾ ਕਿ ਉਹ ਜਦੋਂ ਵੀ ਇੱਥੇ ਆਉਂਦੇ ਹੋ ਤਾਂ ਉਨ੍ਹਾਂ ਬਹੁਤ ਵਧੀਆ ਲਗਦਾ ਹੈ ਅਤੇ ਉਹ ਮਾਣ ਮਹਿਸੂਸ ਕਰਦੇ ਹਨ ਕਿ ਜ਼ਿਲ੍ਹੇ ਦਾ ਵੱਡਾ ਅਧਿਕਾਰੀ ਉਨ੍ਹਾਂ ਪ੍ਰਤੀ ਫਿਕਰਮੰਦ ਹੈ । ਇਸ ਮੌਕੇ ਜ਼ਿਲ੍ਹਾ ਸਮਾਜਿਕ ਸੁਰੱਖਿਆ ਅਫਸਰ ਅੰਮ੍ਰਿਤਾ ਬਾਲਾ, ਜ਼ਿਲ੍ਹਾ ਪ੍ਰੋਗਰਾਮ ਅਫਸਰ ਨਿਖਿਲ ਅਰੋੜਾ, ਸਕੱਤਰ ਰੈੱਡ ਕਰਾਸ ਗੁਰਸੋਹਨ ਸਿੰਘ, ਚੇਅਰਮੈਨ ਪ੍ਰੋ. ਆਰ ਸੀ ਢੰਡ, ਮੈਨੇਜਰ ਆਸ਼ਾ ਰਾਣੀ , ਮੈਂਬਰ ਹਰਸ਼ ਵਿਵੇਕ, ਕੈਪਟਨ ਹਰਪਾਲ ਸਿੰਘ ਅਤੇ ਜਸਪ੍ਰੀਤ ਸਿੰਘ ਆਦਿ ਹਾਜਰ ਸਨ।



# ਆਰ ਐੱਮ ਪੀ ਆਈ ਵੱਲੋਂ ਅਕਤੂਬਰ ਇਨਕਲਾਬ ਦੀ ਵਰ੍ਹੇਗੰਢ 'ਤੇ ਸਮਾਗਮ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਭਾਰਤੀ ਮਾਰਕਸਵਾਦੀ ਇਨਕਲਾਬੀ ਪਾਰਟੀ (ਆਰਐਮਪੀਆਈ) ਜ਼ਿਲ੍ਹਾ ਕਮੇਟੀ ਹੁਸ਼ਿਆਰਪੁਰ ਵੱਲੋਂ ਅਕਤੂਬਰ ਇਨਕਲਾਬ ਦੀ ਵਰ੍ਹੇਗੰਢ 'ਤੇ ਵਿਸ਼ੇਸ਼ ਸਮਾਗਮ ਕਰਵਾਇਆ ਗਿਆ। ਪਾਰਟੀ ਦੇ ਜ਼ਿਲ੍ਹਾ ਖ਼ਜ਼ਾਨਚੀ ਸਾਥੀ ਸਤਪਾਲ ਲੱਠ ਦੀ ਪ੍ਰਧਾਨਗੀ ਹੇਠ ਕਰਵਾਏ ਸਮਾਗਮ 'ਚ ਹਾਜ਼ਰ ਪਾਰਟੀ ਮੈਂਬਰਾਂ ਨੇ ਇਜ਼ਰਾਈਲ ਵੱਲੋਂ ਫਲਸੀਤੀਨੀ ਔਰਤਾਂ, ਬੱਚਿਆਂ ਅਤੇ ਆਮ ਲੋਕਾਂ ਦੇ ਕੀਤੇ ਜਾ ਰਹੇ ਕਤਲੇਆਮ ਦੀ ਜ਼ੋਰਦਾਰ ਸ਼ਬਦਾਂ 'ਚ ਨਿਖੇਧੀ ਕੀਤੀ। ਹਾਜ਼ਰੀਨ ਨੇ ਫਲਸੀਤੀਆਂ 'ਤੇ ਕੀਤੇ ਜਾ ਰਹੇ ਖੌਫ਼ਨਾਕ ਹਮਲੇ ਤੁਰੰਤ ਬੰਦ ਕਰਨ ਅਤੇ ਫਲਸਤੀਨ ਦੀ ਅਜ਼ਾਦੀ ਦੀ ਗਾਰੰਟੀ ਦੀ ਮੰਗ ਕੀਤੀ। ਪਾਰਟੀ ਦੇ ਸੀਨੀਅਰ ਆਗੂ ਸਾਥੀ ਹਰਕੰਵਲ ਨੇ ਭਾਰਤ ਦੇ ਪ੍ਰਧਾਨ ਮੰਤਰੀ ਮੋਦੀ ਵੱਲੋਂ ਫਲਸਤੀਲ ਦੇ ਹੱਕ 'ਚ ਨਾ ਖੜ੍ਹੇ ਹੋਣ ਦੀ ਸਖ਼ਤ ਸ਼ਬਦਾਂ 'ਚ ਨੁਕਤਾਚੀਨੀ ਕੀਤੀ। ਉੱਥੇ ਹੀ ਮਨੁੱਖੀ ਇਤਿਹਾਸ 'ਚ ਅਕਤੂਬਰ ਇਨਕਲਾਬ ਦੇ ਮਹੱਤਵ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ। ਸਾਥੀ ਸਤੀਸ਼ ਕੁਮਾਰ ਨੇ ਮੋਦੀ ਸਰਕਾਰ ਦੀਆਂ ਫਿਰਕੂ, ਫਾਸ਼ੀਵਾਦੀਆਂ ਅਤੇ ਕਾਰਪੋਰੇਟ ਪੱਖੀ ਨੀਤੀਆਂ ਖ਼ਿਲਾਫ਼ ਆਉਂਦੀਆਂ ਪਾਰਲੀਮਾਨੀ ਚੋਣਾਂ 'ਚ ਭਾਜਪਾ ਨੂੰ ਗੱਦੀਓਂ ਲਾਹੁਣ ਲਈ ਲੋਕਾਂ ਨੂੰ ਲਾਮਬੰਦ ਕਰਨ ਦਾ ਹੋਕਾ ਦਿੱਤਾ। ਸਾਥੀ ਯੋਧ ਸਿੰਘ ਨੇ ਕਿਹਾ ਕਿ 'ਬਦਲਾਅ' ਦੇ ਨਾਅਰੇ ਨਾਲ ਪੰਜਾਬ ਦੀ ਸੱਤਾ 'ਚ ਆਈ 'ਆਪ' ਸਰਕਾਰ ਤੋਂ ਲੋਕਾਂ ਦਾ ਮੋਹ ਭੰਗ ਹੋ ਗਿਆ ਹੈ। ਸਰਕਾਰ ਦੇ ਡੇਢ ਕੁ ਸਾਲ ਦੇ ਕਾਰਜ਼ਕਾਲ ਤੋਂ ਆਮ ਲੋਕ ਦੁਖੀ ਹਨ, ਲੋਕਾਂ ਨਾਲ ਕੀਤੇ ਵਾਅਦੇ ਵਫ਼ਾ ਨਹੀਂ ਹੋ ਰਹੇ, ਸੋਸ਼ਲ ਮੀਡੀਆ 'ਤੇ ਚੱਲਦੀ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦੇ ਕੰਮ ਜ਼ਮੀਨੀ ਪੱਧਰ 'ਤੇ ਦਿਖਾਈ ਨਹੀਂ ਦਿੰਦੇ। ਮੰਚ ਸੰਚਾਲਨ ਸਾਥੀ ਸ਼ਿਵ ਕੁਮਾਰ ਅਮਰੋਹੀ ਨੇ ਕੀਤਾ। ਹੋਰਨਾਂ ਤੋਂ ਇਲਾਵਾ ਇਸ ਮੌਕੇ ਸਾਥੀ ਕੁਲਤਾਰ ਸਿੰਘ ਕੁਲਤਾਰ, ਸਾਥੀ ਗੰਗਾ ਪ੍ਰਸ਼ਾਦ, ਸਾਥੀ ਕੁਲਭੂਸ਼ਨ, ਸਾਥੀ ਸਵਰਨ ਸਿੰਘ, ਸਾਥੀ ਰਾਮਜੀ ਦਾਸ ਚੌਹਾਨ, ਸਾਥੀ ਬਲਵੰਤ ਸਿੰਘ ਨੌਰੰਗਪੁਰ ਆਦਿ ਨੇ ਵੀ ਸੰਬੋਧਨ ਕੀਤਾ।

# ਪੰਜਾਬ ਵਲੋਂ ਚਲਾਈ ਗਈ 'ਜਲ ਦੀਵਾਲੀ-ਵੂਮੈਨ ਫਾਰ ਵਾਟਰ, ਵਾਟਰ ਫਾਰ ਵੂਮੈਨ' ਮੁਹਿੰਮ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਜਲ ਦੀਵਾਲੀ 7 ਨਵੰਬਰ ਤੋਂ 9 ਨਵੰਬਰ 2023 ਤੱਕ ਪੰਜਾਬ ਵਿੱਚ ਮਨਾਈ ਗਈ ਹੈ। ਸਮਾਪਤੀ ਵਾਲੇ ਦਿਨ ਨਗਰ ਨਿਗਮ, ਐਸ.ਏ.ਐਸ. ਨਗਰ, ਬਠਿੰਡਾ ਵਿੱਚ ਰਾਮਾਂ, ਰਾਜਪੁਰਾ ਵਿੱਚ ਗੰਡਾ ਖੇੜੀ ਅਤੇ ਰੂਪਨਗਰ ਵਿੱਚ ਗਿਆਨੀ ਜ਼ੈਲ ਸਿੰਘ ਨਗਰ ਦੀਆਂ ਟੀਮਾਂ ਵੱਲੋਂ 150 ਤੋਂ ਵੱਧ ਔਰਤਾਂ ਦੇ ਸੈਲਫ ਹੈਲਪ ਗਰੁੱਪ ਵੱਲੋਂ 5 ਨੰਬਰ ਵਾਟਰ ਟ੍ਰੀਟਮੈਂਟ ਪਲਾਂਟਸ ਦਾ ਦੌਰਾ ਕਰਵਾਇਆ ਗਿਆ। ਇਹ ਜਾਣਕਾਰੀ ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਉਮਾ ਸ਼ੰਕਰ ਗੁਪਤਾ ਵੱਲੋਂ ਦਿੱਤੀ ਗਈ। ਇਸ ਸਬੰਧੀ ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਨੇ ਦੱਸਿਆ ਕਿ ਇਹ ਪਹਿਲਕਦਮੀ 'ਵੂਮੈਨ ਫਾਰ ਵਾਟਰ ਐਂਡ ਵਾਟਰ ਫਾਰ ਵੂਮੈਨ ਮੁਹਿੰਮ' ਤਹਿਤ ਪੀਣ ਵਾਲੇ ਪਾਣੀ ਦੇ ਟਰੀਟਮੈਂਟ ਪਲਾਂਟਾਂ ਵਿਖੇ ਆਯੋਜਿਤ ਕੀਤੀ ਗਈ। ਵੱਖ-ਵੱਖ ਸੈਲਫ ਹੈਲਪ ਗਰੁੱਪ ਦੀਆਂ ਔਰਤਾਂ ਨੇ ਵਾਟਰ ਟ੍ਰੀਟਮੈਂਟ ਪਲਾਟ ਦਾ ਦੌਰਾ ਕੀਤਾ ਅਤੇ ਪੀਣ ਵਾਲੇ ਪਾਣੀ ਨੂੰ ਸ਼ੁੱਧ ਕਰਨ ਅਤੇ ਵੰਡਣ ਦੀ ਪ੍ਰਕਿਰਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਸਮਝਿਆ। ਇਸ ਦੌਰੇ ਦੌਰਾਨ ਪਾਣੀ ਦੀ ਸੰਭਾਲ ਦੇ ਸੰਕਲਪ ਨਾਲ, ਔਰਤਾਂ ਨੂੰ ਪਲਾਂਟ ਦੀ ਕਾਰਜਵਿਧੀ ਪ੍ਰਤੱਖ ਦਿਖਾਈ ਗਈ । ਉਨ੍ਹਾਂ ਕਿਹਾ ਕਿ ਔਰਤਾਂ ਨੂੰ ਸ਼ੁੱਧ ਪਾਣੀ ਪੀਣ ਦੀ ਮਹੱਤਤਾ ਬਾਰੇ ਜਾਗਰੂਕਤਾ ਸੰਦੇਸ਼ ਅਤੇ ਪੀਣ ਵਾਲੇ ਪਾਣੀ ਨੂੰ ਸ਼ੁੱਧ ਕਰਨ ਦੀਆਂ ਗਤੀਵਿਧੀਆਂ ਬਾਰੇ ਵੀ ਦੱਸਿਆ ਗਿਆ। ਉਨ੍ਹਾਂ ਕਿਹਾ ਕਿ ਜਲ ਦੀਵਾਲੀ ਇੱਕ ਦੇਸ਼ ਵਿਆਪੀ ਮੁਹਿੰਮ ਹੈ ਜੋ ਅੱਜ ਖਤਮ ਹੋ ਰਹੀ ਹੈ। ਇਹ ਹਾਊਸਿੰਗ ਅਤੇ ਸ਼ਹਿਰੀ ਮਾਮਲਿਆਂ ਦੇ ਮੰਤਰਾਲੇ ਦੁਆਰਾ ਆਪਣੀ ਫਲੈਗਸ਼ਿਪ ਸਕੀਮ - ਅਮਰੁਤ ਦੇ ਤਹਿਤ ਸ਼ੁਰੂ ਕੀਤੀ ਗਈ ਇੱਕ ਪਹਿਲਕਦਮੀ ਹੈ।

# ਪੰਜਾਬ ਯੂ ਟੀ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਅਰਥੀ ਫੂਕ ਮੁਜ਼ਾਹਰਾ



**ਫਿਲੌਰ ( ਨਿਰਮਲ )** ਪੰਜਾਬ ਯੂ ਟੀ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵਲੋਂ ਪੰਜਾਬ ਸਰਕਾਰ ਵਲੋਂ ਪੰਜਾਬ ਦੇ ਮੁਲਾਜਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਧਾਰੀ ਸ਼ਾਜਸ਼ੀ ਚੁੱਪ ਦੇ ਖਿਲਾਫ ਤਹਿਸੀਲ ਫਿਲੌਰ ਦੇ ਮੁਲਾਜਮਾਂ ਵਲੋਂ ਪੰਜਾਬ ਸਰਕਾਰ ਦੀ ਅਰਥੀ ਫੂਕ ਕੇ ਪ੍ਰਦਰਸ਼ਨ ਕੀਤਾ ਗਿਆ ਜਿਸ ਦੀ ਅਗਵਾਈ ਨਿਰਮੋਲਕ ਸਿੰਘ ਹੀਰਾ, ਹਰੀਸ਼ ਔਜਲਾ, ਸਤਵਿੰਦਰ ਸਿੰਘ ,ਹਰਮੇਸ਼ ਰਾਹੀ,ਵਤੇ ਗੁਰਦਿਆਲ ਕੌਰ ਪੁਆਰੀ ਨੇ ਸਾਂਝੇ ਤੌਰ 'ਤੇ ਕੀਤੀ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਮੁਲਾਜਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਬਿਲਕੁਲ ਵੀ ਗਭੀਰ ਨਹੀਂ ਹੈ ਉਲਟਾ ਸਰਕਾਰ ਵਲੋਂ ਸਾਜਿਸ਼ੀ ਚੁੱਪ ਧਾਰੀ ਹੋਈ ਹੈ । ਪੰਜਾਬ ਕੈਬਨਿਟ ਦੀ 06 ਨਵੰਬਰ ਦੀ ਮੀਟਿੰਗ ਵਿੱਚ ਇਸ ਵਰਗ ਨੂੰ ਕਾਫੀ ਆਸ ਸੀ ਕਿ ਸਰਕਾਰ ਕੁੱਝ ਮੁਲਾਜਮ / ਪੈਨਸ਼ਨਰ ਪੱਖੀ ਫੈਸਲੇ ਲਵੇਗੀ , ਪ੍ਰੰਤੂ ਇਸ ਮੀਟਿੰਗ ਵਿੱਚ ਸਰਕਾਰ ਨੇ ਵਪਾਰੀ ਵਰਗ ਨੂੰ ਹੀ ਯਕਮੁਸ਼ਤ ਨਿਪਟਾਰਾ ਸਕੀਮ ਤਹਿਤ ਟੈਕਸਾਂ ਵਿੱਚ ਛੋਟ ਦਿੱਤੀ ਹੈ ਅਤੇ ਤੀਰਥ ਯਾਤਰਾਵਾਂ ਦੇ ਹੀ ਸੁਪਨੇ ਦਿਖਾਏ ਹਨ । ਆਗੂਆਂ ਆਖਿਆ ਕਿ ਮੁਲਾਜਮਾਂ / ਪੈਨਸ਼ਨਰਾਂ ਨੂੰ ਮਹਿਗਾਈ ਭੱਤਾ ਨਾ ਦੇ ਕੇ ਤਨਖਾਹ ਅਤੇ ਪੈਨਸ਼ਨ ਨੂੰ 12 ਪ੍ਰਤੀਸ਼ਤ ਖੋਰਾ ਲਗਾਇਆ ਜਾ ਰਿਹਾ ਹੈ ਅਤੇ ਇਹ ਅਸਮਾਨਤਾ ਲੰਬੇ ਸਮੇਂ ਤੋਂ ਚੱਲ ਰਹੀ ਹੈ। ਇਹ ਵੀ ਪਹਿਲੀ ਵਾਰ ਹੈ ਕਿ ਦਿਵਾਲੀ 'ਤੇ ਮਹਿਗਾਈ ਭੱਤਾ ਨਾ ਮਿਲੇ । ਆਗੂਆਂ ਆਖਿਆ ਕਿ ਹੁਣ ਤਾਂ ਸਰਕਾਰ ਗੱਲਬਾਤ ਤੋਂ ਵੀ ਭੱਜ ਗਈ ਹੈ , ਇਸ ਲਈ ਫੈਸਲਾ ਕੀਤਾ ਗਿਆ ਕਿ ਸਰਕਾਰ ਦੇ ਮੁਲਾਜਮ / ਪੈਨਸ਼ਨਰਜ ਵਿਰੋਧੀ ਵਤੀਰੇ ਖਿਲਾਫ ਪੰਜਾਬ ਵਿੱਚ ਵੱਡਾ ਅੰਦੋਲਨ ਕੀਤਾ ਜਾਵੇਗਾ ਜਿਸ ਲਈ ਤਿੱਖੇ ਐਕਸ਼ਨ ਉਲੀਕਣ ਲਈ ਮਿਤੀ 14 ਨਵੰਬਰ ਨੂੰ 11 .00 ਵਜੇ ਪੈਨਸ਼ਨਰਜ ਭਵਨ ਲੁਧਿਆਣਾ ਵਿੱਖੇ ਮੀਟਿੰਗ ਕੀਤੀ ਜਾਵੇਗੀ। ਸਾਂਝਾ ਫਰੰਟ ਵਲੋਂ ਪੰਜਾਬ ਸਟੇਟ ਮਨਿਸਟੀਰੀਅਲ ਸਰਵਿਸਿਜ ਯੂਨੀਅਨ ਵਲੋਂ ਕੀਤੀ ਜਾ ਰਹੀ ਕਲਮ ਛੋੜ/ ਕੰਪਿਊਟਰ ਛੋੜ ਹੜਤਾਲ ਦਾ ਵੀ ਸਮਰਥਨ ਕੀਤਾ ਗਿਆ । ਇਸ ਪ੍ਰਦਰਸ਼ਨ ਮੌਕੇ ਬਲਵੀਰ ਗੋਰਾਇਆ, ਸਰਬਜੀਤ ਢੇਸੀ, ਕਮਲ ਸ਼ਰਮਾ, ਰਕੇਸ਼ ਕੁਮਾਰ, ਅੰਗਰੇਜ ਸਿੰਘ, ਗੋਪਾਲ ਰਾਵਤ, ਰਣਜੀਤ ਕੁਮਾਰ, ਰਾਮ ਕਿਸ਼ਨ, ਸੱਤ ਪਾਲ, ਸ਼ਿਵਚਰਨ, ਅਸ਼ੋਕ ਕੁਮਾਰ, ਹਰੀ ਚੰਦ, ਬਖਸ਼ੀ ਰਾਮ, ਗੁਰਜਿੰਦਰ ਸਿੰਘ, ਪਰੇਮਪਾਲ ਔਜਲਾ, ਪਰਮਜੀਤ ਸੁਮਨ, ਭੋਲਾ ਸਿੰਘ, ਕੁਲਦੀਪ ਸਿੰਘ, ਮਾਨ ਸਿੰਘ, ਹਰਵਿੰਦਰ ਸਿੰਘ, ਸੁਰਜੀਤ ਸਿੰਘ, ਪਵਨ ਕੁਮਾਰ, ਹਰਜਿੰਦਰ ਲਾਲ, ਕਰਨ ਕੁਮਾਰ, ਏਕਤਾ ਜਨੋਤਰਾ, ਹਰਪ੍ਰੀਤ ਕੌਰ, ਸਰਬਜੀਤ ਕੌਰ, ਨਿਰਮਲ ਕੌਰ, ਕੁਲਵਿੰਦਰ ਕੌਰ ਤੇ ਸੁਖਵਿੰਦਰ ਕੌਰ ਆਦਿ ਹਾਜਰ ਸਨ।

# ਨਵਨਿਯੁਕਤ ਅਧਿਆਪਕਾਂ ਦਾ ਸਨਮਾਨ



**ਮੇਹਟੀਆਣਾ ( ਜਗਤਾਰ ਸਿੰਘ ਭੂੰਗਰਨੀ)** ਪੁਰਾਣੀ ਪੈਨਸ਼ਨ ਬਹਾਲੀ ਸੰਘਰਸ਼ ਕਮੇਟੀ ਅਤੇ ਗੌਰਮਿੰਟ ਟੀਚਰ ਯੂਨੀਅਨ ਬਲਾਕ ਕੋਟ ਫਤੂਹੀ ਵੱਲੋਂ ਸ਼੍ਰੀਮਤੀ ਅਮਨਪ੍ਰੀਤ ਕੌਰ ਬਤੌਰ ਪੰਜਾਬੀ ਮਿਸਟ੍ਰੈਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਜਨੋਹਾ, ਸ਼੍ਰੀਮਤੀ ਇੰਦਰਪਾਲ ਕੌਰ ਬਤੌਰ ਪੰਜਾਬੀ ਮਿਸਟ੍ਰੈਸ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਈਸਪੁਰ ਅਤੇ ਗੁਰਵਿੰਦਰ ਸਿੰਘ ਬਤੌਰ ਪੰਜਾਬੀ ਮਾਸਟਰ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੋਟ ਫਤੂਹੀ ਵਿਖੇ ਹਾਜਰ ਹੋਣ ਤੇ ਬਲਾਕ ਪ੍ਰਧਾਨ ਨਰਿੰਦਰ ਅਜਨੋਹਾ, ਜਨਰਲ ਸਕੱਤਰ ਉਂਕਾਰ ਸਿੰਘ ਅਤੇ ਵਿੱਤ ਸਕੱਤਰ ਹਰਮਨੋਜ ਕੁਮਾਰ ਵਲੋਂ ਇੱਕ ਯਾਦਗਾਰੀ ਚਿੰਨ੍ਹ ਦੇ ਕੇ ਨਿੱਘਾ ਜੀ ਆਇਆਂ ਨੂੰ ਆਖਿਆ ਗਿਆ ਅਤੇ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਜਤਿੰਦਰ ਸਿੰਘ, ਸਰਬਜੀਤ ਕੌਰ, ਬਲਬੀਰ ਕੌਰ, ਲਵਦੀਪ ਕੌਰ, ਅਬਿਨਾਸ਼ ਕੌਰ, ਅਮਨਜੀਤ ਕੌਰ, ਜਸਪ੍ਰੀਤ ਕੌਰ, ਧਰਮਿੰਦਰ ਸਿੰਘ, ਹਾਫਿਜ ਪਦਮ, ਦੀਪਕ ਕੁਮਾਰ, ਮੁਨੀਸ਼ ਕੁਮਾਰ ਬਲਵਿੰਦਰ ਸਿੰਘ, ਸੋਹਣ ਸਿੰਘ, ਏਕਤਾ ਸ਼ਰਮਾ, ਸੁਰਜੀਤ ਵਿਰਦੀ, ਮਨਪ੍ਰੀਤ ਕੌਰ,ਦੀਪਕ ਕੁਮਾਰ, ਮੁਨੀਸ਼ ਕੁਮਾਰ, ਦਲਵਿੰਦਰ ਸਿੰਘ, ਜਗਦੀਸ਼ ਸਹੋਤਾ, ਰਾਕੇਸ਼ ਕੁਮਾਰ, ਪਰਮਿੰਦਰ ਕੁਮਾਰ, ਮੁਨੀਸ਼ ਕੁਮਾਰ,ਦੀਪਕ ਕੁਮਾਰ, ਕ੍ਰਿਪਾਲ ਸਿੰਘ, ਹਰਿੰਦਰ ਕੁਮਾਰ, ਅਰਵਿੰਦਰ ਕੌਰ, ਸੁਖਮੀਨ ਕੌਰ, ਅਮਰਜੀਤ ਕੌਰ, ਰਿੰਕੂ ਸਿੰਘ ਅਤੇ ਹੋਰ ਸਟਾਫ ਮੈਂਬਰ ਮੌਜੂਦ ਸਨ।

# ਬਾਹਰਲੇ ਸੂਬਿਆਂ ਤੋਂ ਆਉਣ ਵਾਲੀ ਸੰਗਤ ਨੂੰ ਅਗਾਊਂ ਸੂਚਿਤ ਕੀਤਾ ਜਾਵੇ ਕਿ ਅਜਲਾਸ ਦੌਰਾਨ ਸਰਾਵਾਂ ਖਾਲੀ ਚਾਹੀਦੀਆਂ : ਵਿਰਦੀ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**-ਹਰ ਵਾਰ ਸ਼੍ਰੋਮਣੀ ਕਮੇਟੀ ਦੇ ਸਪੈਸ਼ਲ ਅਜਲਾਸ ਸਬੰਧੀ ਇਕ ਸਾਲ ਪਹਿਲਾਂ ਹੀ ਪਤਾ ਹੁੰਦਾ ਹੈ ਕਿ ਆਉਣ ਵਾਲਾ ਅਜਲਾਸ ਕਿਸ ਤਰੀਕ ਨੂੰ ਹੈ ਅਤੇ ਸ਼੍ਰੋਮਣੀ ਕਮੇਟੀ ਦੇ ਸਪੈਸ਼ਲ ਅਜਲਾਸ ਦੌਰਾਨ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਦਰਸ਼ਨਾਂ ਲਈ ਬਾਹਰਲੇ ਸੂਬਿਆਂ ਤੋਂ ਆਉਣ ਵਾਲੀਆਂ ਸੰਗਤਾਂ ਨੂੰ ਪਹਿਲਾਂ ਤੋਂ ਹੀ ਸੁਚੇਤ ਕਰਨਾ ਚਾਹੀਦਾ ਹੈ ਕਿ ਇਨ੍ਹਾਂ ਦਿਨਾਂ ਵਿੱਚ ਗੁਰੂ ਘਰਾਂ ਦੇ ਦਰਸ਼ਨਾਂ ਨੂੰ ਸੰਗਤਾਂ ਨਾ ਆਉਣ ਕਿਉਂਕਿ ਇਸ ਸਪੈਸ਼ਲ ਅਜਲਾਸ ਦੌਰਾਨ ਸੰਗਤਾਂ ਨੂੰ ਸਰਾਵਾਂ ਵਿੱਚ ਕਮਰੇ ਨਹੀਂ ਮਿਲਣਗੇ ਕਿਉਂਕਿ ਜਦੋਂ ਇਨ੍ਹਾਂ ਦਿਨਾਂ ਵਿੱਚ ਸੰਗਤਾਂ ਗੁਰਧਾਮਾਂ ਦੇ ਦਰਸ਼ਨ ਕਰਨ ਆਉਂਦੀਆਂ ਹਨ ਤਾਂ ਸੰਗਤਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਸਾਲ ਦੀ ਗੱਲ ਕਰੀਏ ਤਾਂ 7 ਅਤੇ 8 ਨਵੰਬਰ ਨੂੰ ਹੋਏ ਸਪੈਸ਼ਲ ਅਜਲਾਸ ਦੌਰਾਨ ਬਾਹਰਲੇ ਸੂਬੇ ਤੋਂ 5 ਨਵੰਬਰ ਤੋਂ ਲੈ ਕੇ 9 ਨਵੰਬਰ ਤੱਕ ਗੁਰਧਾਮਾਂ ਦੇ ਦਰਸ਼ਨਾਂ ਨੂੰ ਆਏ ਸ਼ਰਧਾਲੂਆਂ ਲਈ ਗੁਰੂ ਘਰ ਦੀ ਬਣੀ ਸ੍ਰੀ ਗੁਰੂ ਅਰਜਨ ਦੇਵ ਨਿਵਾਸ ਸਰਾਂ ਵਿੱਚ ਕਮਰਾ ਬੁੱਕ ਕਰਵਾਇਆ ਗਿਆ। ਖਾਸ ਕਰ ਇਨ੍ਹਾਂ ਸ਼ਰਧਾਲੂਆਂ ਲਈ ਇਕ ਮਹੀਨੇ ਤੋਂ ਉੱਪਰ ਇੱਕ ਐਪਲੀਕੇਸ਼ਨ ਰਾਹੀਂ 5 ਨਵੰਬਰ ਤੋਂ 9 ਨਵੰਬਰ ਤੱਕ ਕਮਰੇ ਦੀ ਬੁਕਿੰਗ ਕਰਵਾਈ ਗਈ ਅਤੇ ਜਦੋਂ ਸ਼ਰਧਾਲੂ 5 ਨਵੰਬਰ ਨੂੰ ਪਾਵਨ ਧਰਤੀ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਪਹੁੰਚੇ ਤਾਂ ਸਰਾਂ ਵਿੱਚ ਕਮਰਾ ਮਿਲ ਗਿਆ ਪਰ ਦੂਸਰੇ ਦਿਨ 6 ਨਵੰਬਰ ਨੂੰ ਉਹ ਸ਼ਰਧਾਲੂ ਤਰਨਤਾਰਨ ਸਾਹਿਬ ਵਿਖੇ ਦਰਸ਼ਨਾਂ ਨੂੰ ਚਲੇ ਗਏ ਅਤੇ ਉਥੇ ਦਰਸ਼ਨਾਂ ਦੌਰਾਨ ਉਨ੍ਹਾਂ ਸ਼ਰਧਾਲੂਆਂ ਨੂੰ ਸ੍ਰੀ ਗੁਰੂ ਅਰਜਨ ਦੇਵ ਨਿਵਾਸ ਤੋਂ ਫੋਨ 'ਤੇ ਕਮਰਾ ਖਾਲੀ ਕਰਨ ਲਈ ਕਿਹਾ ਗਿਆ ਅਤੇ ਉਨ੍ਹਾਂ ਸ਼ਰਧਾਲੂਆਂ ਨੇ ਪ੍ਰੇਸ਼ਾਨੀ ਮਹਿਸੂਸ ਕੀਤੀ ਜਿਸ ਤੋਂ ਬਾਅਦ ਸਰਾਂ ਇੰਚਾਰਜ ਨਾਲ ਫੋਨ 'ਤੇ ਗੱਲ ਕੀਤੀ ਗਈ ਤਾਂ ਉਨ੍ਹਾਂ ਵੱਲੋਂ ਅਜਲਾਸ ਹੋਣ ਦੀ ਗੱਲ ਕਰਦਿਆਂ ਤੀਸਰੀ ਮੰਜ਼ਲ ਤੇ ਸ਼ਰਧਾਲੂਆਂ ਨੂੰ ਸ਼ਿਫਟ ਕਰ ਦਿੱਤਾ ਗਿਆ ਅਤੇ ਫਿਰ ਦੁਬਾਰਾ ਉਨ੍ਹਾਂ ਨੂੰ 7 ਨਵੰਬਰ ਨੂੰ ਕਮਰਾ ਖਾਲੀ ਕਰਨ ਲਈ ਕਿਹਾ ਗਿਆ ਅਤੇ ਫਿਰ ਫੋਨ 'ਤੇ ਗੱਲ ਕਰਨ 'ਤੇ ਸਮਾਂ ਵਧਾਇਆ ਗਿਆ ਅਤੇ ਆਖਿਰ 8 ਨਵੰਬਰ ਨੂੰ ਉਨ੍ਹਾਂ ਸ਼ਰਧਾਲੂਆਂ ਨੂੰ ਕਮਰਾ ਖਾਲੀ ਕਰਨਾ ਪਿਆ ਅਤੇ ਉਨ੍ਹਾਂ ਨੂੰ ਮਜਬੂਰਨ ਇਕ ਰਾਤ ਲਈ ਛੋਟੇ ਬੱਚੇ ਅਤੇ ਔਰਤਾਂ ਖਾਤਰ ਇਕ ਰਾਤ ਲਈ ਹੋਟਲ ਵਿੱਚ ਠਹਿਰਨਾ ਪਿਆ। ਇਸ ਸਬੰਧੀ ਖਾਸ ਕਰ ਸ਼੍ਰੋਮਣੀ ਕਮੇਟੀ ਵੱਲੋਂ ਕੀਤੇ ਜਾਣ ਵਾਲੇ ਅਜਲਾਸਾਂ ਦੌਰਾਨ ਸੰਗਤਾਂ ਨੂੰ ਪਹਿਲਾਂ ਤੋਂ ਹੀ ਸੁਚੇਤ ਕਰਨਾ ਚਾਹੀਦਾ ਹੈ ਕਿ ਇਨ੍ਹਾਂ ਦਿਨਾਂ ਵਿੱਚ ਕਮਰੇ ਨਹੀਂ ਮਿਲਣਗੇ।

# ਭੈਣੀ ਲਿੱਧੜ ਵਿਖੇ ਸਾਲਾਨਾ ਧਾਰਮਿਕ ਸਮਾਗਮ ਕਰਵਾਇਆ

**ਮਜੀਠਾ (ਸੋਇਮ ਆਨੰਦ)**-ਚੌਥੇ ਪਾਤਸ਼ਾਹ ਗੁਰੂ ਰਾਮ ਦਾਸ ਜੀ ਦੇ ਪਰਕਾਸ਼ ਦਿਹਾੜੇ ਨੂੰ ਸਮਰਪਿਤ ਧਾਰਮਿਕ ਸਮਾਗਮ ਭਾਈ ਕਲਵੰਤ ਸਿੰਘ ਉਪਲ ਦੀ ਅਗਵਾਈ ਹੇਠ ਕਰਵਾਇਆ ਗਿਆ। ਇਸ ਮੌਕੇ ਸਿਰੀ ਸੁਖਮਨੀ ਸਾਹਿਬ ਦੇ ਭੋਗ ਉਪਰੰਤ ਭਾਰੀ ਦਿਵਾਨ ਸਜਾਏ ਗਏ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸਰੀ ਜਥਿਆਂ ਜਿਨ੍ਹਾਂ ਵਿੱਚ ਕੀਰਤਨੀ ਭਾਈ ਅਰਵਿੰਦ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ, ਕਵੀਸ਼ਰੀ ਜਥੇ ਗਿਆਨੀ ਲਖਬੀਰ ਸਿੰਘ ਤੇਜ਼ੀ, ਭਾਈ ਸਰਵਨ ਸਿੰਘ ਦੇ ਕਵੀਸ਼ਰੀ ਜਥੇ ਅਤੇ ਭਾਈ ਕਿਸ਼ਨ ਸਿੰਘ ਦੇ ਜਥਿਆਂ ਵੱਲੋਂ ਗੁਰੂ ਰਾਮ ਦਾਸ ਜੀ ਦੇ ਪਰਕਾਸ਼ ਦਿਹਾੜੇ 'ਤੇ ਜੀਵਨ ਅਧਾਰਿਤ ਕਵੀਸ਼ਰੀ ਤੇ ਕਥਾ ਵਿਚਾਰਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ ਗਿਆ। ਇਸ ਮੌਕੇ ਗੁਰੂ ਜੀ ਦਾ ਅਤੁੱਟ ਲੰਗਰ ਵੀ ਵਰਤਾਇਆ ਗਿਆ। ਇਸ ਮੌਕੇ ਕਲਵੰਤ ਸਿੰਘ ਤੇ ਸਾਬ ਸਿੰਘ ਵੱਲੋਂ ਅਤੇ ਹੋਰ ਪਤਵੰਤਿਆਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਕੁਲਵੰਤ ਸਿੰਘ ਉਪਲ, ਗੁਰਸ਼ਰਨਜੀਤ ਸਿੰਘ, ਸੁਖਦੇਵ ਸਿੰਘ, ਸਾਹਬ ਸਿੰਘ, ਕੁਲਵਿੰਦਰ ਸਿੰਘ ਫੌਜੀ, ਕੁਲਦੀਪ ਸਿੰਘ ਪਰਧਾਨ, ਚਰਨਜੀਤ, ਭਗਵਾਨ ਸਿੰਘ, ਬਲਜੀਤ ਸਿੰਘ, ਰਣਜੀਤ ਸਿੰਘ, ਸੁਰਜੀਤ ਸਿੰਘ ਤੋਂ ਇਲਾਵਾ ਬਹੁਤ ਸਾਰੀਆਂ ਸੰਗਤਾਂ ਹਾਜ਼ਰ ਸਨ ।

# ਸੇਂਟ ਕਬੀਰ ਸਕੂਲ 'ਚ ਦੀਵਾਲੀ ਮੌਕੇ ਰੰਗੋਲੀ ਮੁਕਾਬਲੇ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਵਿੱਚ ਦੀਵਾਲੀ ਦਾ ਤਿਓਹਾਰ ਬਹੁਤ ਹੀ ਚਾਅ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਪ੍ਰਧਾਨਗੀ ਹੇਠ ਰੰਗਾ-ਰੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।

ਪ੍ਰੋਗਰਾਮ ਦੀ ਸ਼ੁਰੂਆਤ ਨੌਵੀਂ ਜਮਾਤ ਦੀ ਵਿਦਿਆਰਥਣ ਜਸ਼ਨਪ੍ਰੀਤ ਨੇ ਦਿਵਾਲੀ ਦੀ ਪਵਿੱਤਰਤਾ ਸੰਬੰਧੀ ਵਿਚਾਰ ਪੇਸ਼ ਕਰਦਿਆਂ ਕੀਤੀ। ਉਪਰੰਤ ਸਕੂਲ ਦੇ ਸੰਗੀਤ ਅਧਿਆਪਕ ਜਗਦੀਪ ਸਿੰਘ ਤੇ ਰਵੀ ਕੁਮਾਰ ਦੇ ਸਹਿਯੋਗ ਨਾਲ ਦਸਵੀਂ ਤੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵਲੋਂ ਮਧੁਰ ਸ਼ਬਦ ਗਾਇਨ ਕੀਤੇ। ਐੱਲ. ਕੇ. ਜੀ. ਅਤੇ ਯੂ. ਕੇ. ਜੀ. ਦੇ ਵਿਦਿਆਰਥੀਆਂ ਨੇ ਸੁੰਦਰ ਡਾਂਸ ਦੀ ਪੇਸ਼ਕਾਰੀ ਕੀਤੀ। ਸਕੂਲ ਦੇ ਦੂਸਰੀ ਤੋਂ ਲੈ ਕੇ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਵਿੱਚ ਦੀਵਾ-ਥਾਲੀ ਮੁਕਾਬਲਾ ਕਰਵਾਇਆ ਗਿਆ। ਇਸ ਮੁਕਾਬਲੇ ਵਿੱਚ ਬੜੇ ਉਤਸ਼ਾਹ ਨਾਲ ਭਾਗ ਲੈ ਕੇ ਵਿਦਿਆਰਥੀਆਂ ਨੇ ਆਪਣੀਆਂ ਸੁੰਦਰ ਕਲਾ ਕ੍ਰਿਤੀਆਂ ਦਾ ਪ੍ਰਦਰਸ਼ਨ ਕੀਤਾ। ਉਪਰੰਤ ਸਕੂਲ ਦੇ ਚਾਰ ਹਾਊਸਾਂ ਵਿੱਚ ਰੰਗੋਲੀ ਮੁਕਾਬਲਾ ਕਰਵਾਇਆ, ਜਿਸ ਦੌਰਾਨ ਵਿਦਿਆਰਥੀਆਂ ਨੇ ਮਨਮੋਹਕ ਨਮੂਨਿਆਂ ਰਾਹੀਂ ਆਪਣੇ ਹੁਨਰ ਨੂੰ ਸਾਹਮਣੇ ਲਿਆਂਦਾ। ਸਕੂਲ ਦੇ ਬਲਾਕ ਏ ਵਿੱਚ ਨੰਨੇ-ਮੁੰਨੇ ਵਿਦਿਆਰਥੀਆਂ ਦੁਆਰਾ ਦੀਵਿਆਂ ਨੂੰ ਸੁੰਦਰ ਸਜਾਇਆ ਗਿਆ ਅਤੇ ਫਲਾਂ ਤੇ ਸਬਜ਼ੀਆਂ ਦੀਆਂ ਸੁੰਦਰ ਰੰਗੋਲੀਆਂ ਬਣਾ ਕੇ ਬੱਚਿਆਂ ਸਨਮੁੱਖ ਪੇਸ਼ ਕੀਤੀਆਂ।

ਅਧਿਆਪਕਾਂ ਦੁਆਰਾ ਵੱਖ-ਵੱਖ ਪੋਸ਼ਾਕਾਂ ਪਹਿਨ ਕੇ ਪੁਤਲੀਆਂ ਦਾ ਤਮਾਸ਼ਾ ਪੇਸ਼ ਕੀਤਾ ਗਿਆ। ਇਸ ਮੌਕੇ ਪ੍ਰਿੰ. ਐਸਬੀ ਨਾਯਰ ਅਤੇ ਮੈਨੇਜਮੈਂਟ ਮੈਂਬਰ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਵਲੋਂ ਦੀਵਾ-ਥਾਲੀ ਅਤੇ ਰੰਗੋਲੀ ਮੁਕਾਬਲਿਆਂ ਵਿੱਚੋਂ ਜੇਤੂ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ ਅਤੇ ਸਮੁੱਚੇ ਸਕੂਲ ਨੂੰ ਦੀਵਾਲੀ ਦੇ ਤਿਓਹਾਰ ਦੀਆਂ ਹਾਰਦਿਕ ਸ਼ੁਭਕਾਮਨਾਵਾਂ ਦਿੰਦੇ ਹੋਏ ਸਾਰੇ ਵਿਦਿਆਰਥੀਆਂ ਨੂੰ ਦੀਵਾਲੀ ਦੇ ਵਿਸ਼ੇਸ਼ ਤਿਓਹਾਰ 'ਤੇ ਘੱਟ ਪਟਾਕੇ ਚਲਾ ਕੇ ਵਾਤਾਵਰਨ ਨੂੰ ਸੰਭਾਲਣ ਤੇ ਹਮੇਸ਼ਾ ਆਪਣੇ ਧਰਮ ਦਾ ਸਤਿਕਾਰ ਕਰਨ ਦੀ ਪ੍ਰੇਰਨਾ ਦਿੱਤੀ ਗਈ।

# 20 ਤੋਂ 29 ਤੱਕ ਮਨਾਇਆ ਜਾਵੇਗਾ ਰਾਮਤੀਰਥ ਮੇਲਾ : ਵਧੀਕ ਡਿਪਟੀ ਕਮਿਸ਼ਨਰ

**ਅੰਮ੍ਰਿਤਸਰ, (ਨਰਿੰਦਰਜੀਤ ਸਿੰਘ)**-20 ਨਵੰਬਰ ਤੋਂ 29 ਨਵੰਬਰ ਤੱਕ ਰਾਮਤੀਰਥ ਵਿਖੇ ਲੱਗਣ ਵਾਲੇ ਮੇਲੇ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਵਧੀਕ ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਵੱਲੋਂ ਜ਼ਿਲ੍ਹੇ ਦੇ ਹੋਰ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਉਨ੍ਹਾਂ ਅਧਿਕਾਰੀਆਂ ਨੂੰ ਸੰਬੋਧਨ ਕਰਦੇ ਦੱਸਿਆ ਕਿ ਮੇਲੇ ਵਿਚ ਹਰ ਸਾਲ ਦੀ ਤਰ੍ਹਾਂ ਲੱਖਾਂ ਲੋਕਾਂ ਦੇ ਪਹੁੰਚਣ ਦੀ ਸੰਭਾਵਨਾ ਨੂੰ ਮੱਦੇਨਜ਼ਰ ਰੱਖਦੇ ਹੋਏ ਲੋਕਾਂ ਦੀ ਸਹੂਲਤ ਅਤੇ ਸੁਰੱਖਿਆ ਦੀ ਦ੍ਰਿਸ਼ਟੀ ਤੋਂ ਵਿਆਪਕ ਪ੍ਰਬੰਧ ਕੀਤੇ ਜਾਣ। ਉਨ੍ਹਾਂ ਦੱਸਿਆ ਕਿ ਮੇਲੇ ਲਈ ਵਿਸ਼ੇਸ਼ ਬੱਸਾਂ ਚਲਾਈਆਂ ਜਾਣ ਤਾਂ ਜੋ ਲੋਕ ਆਸਾਨੀ ਨਾਲ ਰਾਮਤੀਰਥ ਵਿਖੇ ਪਹੁੰਚ ਸਕਣ। ਵਧੀਕ ਡਿਪਟੀ ਕਮਿਸ਼ਨਰ ਨੇ ਲੋਕਾਂ ਦੀ ਸਹੂਲਤ ਲਈ ਮੇਲੇ ਵਾਲੀ ਥਾਂ 'ਤੇ ਪੀਣ ਵਾਲੇ ਪਾਣੀ ਦਾ ਪ੍ਰਬੰਧ ਕਰਨ ਅਤੇ ਲੋਕਾਂ ਲਈ ਪਬਲਿਕ ਟਾਇਲਟ ਲਗਾਉਣ ਦੀ ਹਦਾਇਤ ਵੀ ਕੀਤੀ। ਉਨ੍ਹਾਂ ਦੱਸਿਆ ਕਿ ਰਾਮ ਤੀਰਥ ਅਤੇ ਇਸ ਦੇ ਆਲੇ-ਦੁਆਲੇ ਦੀ ਸਾਫ-ਸਫਾਈ ਕਰਵਾਉਣ ਦੇ ਨਾਲ-ਨਾਲ ਸਰੋਵਰ ਦੀ ਸਫਾਈ ਯਕੀਨੀ ਬਣਾਈ ਜਾਵੇ। ਵਧੀਕ ਡਿਪਟੀ ਕਮਿਸ਼ਨਰ ਨੇ ਆਉਣ ਵਾਲੇ ਸ਼ਰਧਾਲੂਆਂ ਨੂੰ ਧਾਰਮਿਕ ਸਥਾਨ ਦੀ ਮਰਯਾਦਾ ਕਾਇਮ ਰੱਖਣ ਅਤੇ ਸੁਰੱਖਿਆ ਪੱਖੋਂ ਆਪਣਾ ਤੇ ਆਪਣੇ ਬੱਚਿਆਂ ਦਾ ਧਿਆਨ ਰੱਖਣ ਦੀ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਸਰੋਵਰ ਵਿਚ ਇਸ਼ਨਾਨ ਕਰਦੇ ਵਕਤ ਬੱਚਿਆਂ ਦਾ ਖਾਸ ਧਿਆਨ ਰੱਖਿਆ ਜਾਵੇ ਅਤੇ ਅੱਗ ਵਾਲੇ ਸਾਧਨਾਂ, ਜਿੱਥੇ ਕਿ ਸਿਲੰਡਰ ਦੀ ਵਰਤੋਂ ਕੀਤੀ ਜਾ ਰਹੀ ਹੋਵੇ, ਤੋਂ ਦੂਰੀ ਬਣਾ ਕੇ ਰੱਖੀ ਜਾਵੇ। ਇਸ ਮੌਕੇ ਐੱਸਡੀਐੱਮ. ਅਜਨਾਲਾ ਅਰਵਿੰਦਰ ਪਾਲ ਸਿੰਘ, ਵਿਸ਼ਾਲ ਵਧਾਵਨ, ਜੀ. ਐੱਮ. ਕੁਸ਼ਰਾਜ ਤੋਂ ਇਲਾਵਾ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# ਧਨਵੰਤਰੀ ਦਿਵਸ 'ਤੇ ਅਸ਼ਟਕੁੰਡੀਆ ਅਯੋਜਿਤ



**ਦੀਨਾਨਗਰ, (ਬਲਵਿੰਦਰ ਸਿੰਘ ਬਿੱਲਾ)**-ਤ੍ਰਿਖਾ ਆਯੁਰਵੈਦਿਕ ਅਤੇ ਭਾਰਤ ਵਿਕਾਸ ਪ੍ਰੀਸ਼ਦ ਨੇ ਧਨਵੰਤਰੀ ਦਿਵਸ 'ਤੇ ਤ੍ਰਿਖਾ ਆਯੁਰਵੈਦਿਕ ਦੀਨਾਨਗਰ ਵਿਖੇ ਅਸ਼ਟਕੁੰਡੀਆ ਯੱਗ ਕੀਤਾ। ਡਾ: ਸ਼ੰਭੂ ਦੱਤ ਤ੍ਰਿਖਾ ਅਤੇ ਡਾ: ਰਾਜੇਸ਼ ਤ੍ਰਿਖਾ ਨੇ ਜੱਜਮਾਨ ਵਜੋਂ ਸ਼ਿਰਕਤ ਕੀਤੀ। .ਡਾ: ਸ਼ੰਭੂ ਦੱਤ ਤ੍ਰਿਖਾ ਅਤੇ ਡਾ: ਰਾਜੇਸ਼ ਤ੍ਰਿਖਾ ਨੇ ਦੱਸਿਆ ਕਿ ਧਨਤੇਰਸ ਤੇ ਸੋਨਾ, ਚਾਂਦੀ, ਭਾਂਡੇ ਅਤੇ ਹੋਰ ਸਾਮਾਨ ਦੀ ਖਰੀਦਦਾਰੀ ਕਰਨਾ ਸ਼ੁਭ ਮੰਨਿਆ ਜਾਂਦਾ ਹੈ ਜਦਕਿ ਧਨਵੰਤਰੀ ਜਨਮ ਦਿਨ ਧਨਤੇਰਸ ਵਜੋਂ ਮਨਾਇਆ ਜਾਂਦਾ ਹੈ ਕਿਉਂਕਿ ਇਸ ਦਿਨ ਭਗਵਾਨ ਧਨਵੰਤਰੀ ਹੱਥ ਵਿੱਚ ਅੰਮ੍ਰਿਤ ਦਾ ਘੜਾ ਲੈ ਕੇ ਸਮੁੰਦਰ ਮੰਥਨ ਤੋਂ ਪ੍ਰਗਟ ਹੋਏ ਸਨ। ਇਸ ਲਈ ਲੋਕ ਧਨਤੇਰਸ ਤੇ ਸੋਨਾ, ਚਾਂਦੀ, ਭਾਂਡੇ ਖਰੀਦਣਾ ਬਹੁਤ ਸ਼ੁਭ ਮੰਨਦੇ ਹਨ। ਉਨ੍ਹਾਂ ਕਿਹਾ ਕਿ ਧਨਤੇਰਸ ਅਤੇ ਦੀਵਾਲੀ ਤੇ ਵਿਸ਼ੇਸ ਯੱਗ ਕੀਤਾ ਜਾਂਦਾ ਹੈ ਤਾਂ ਜੋ ਦੇਵੀ ਲਕਸ਼ਮੀ ਦਾ ਵਿਸ਼ੇਸ਼ ਆਸ਼ੀਰਵਾਦ ਦੁਨੀਆ ਭਰ ਦੇ ਲੋਕਾਂ 'ਤੇ ਬਣਿਆ ਰਹੇ। ਇਸ ਮੌਕੇ ਪ੍ਰਧਾਨ ਰਾਕੇਸ਼ ਮਹਾਜਨ, ਰਾਧੇਸ਼ਿਆਮ ਮਹਾਜਨ, ਵਿਜੇ ਕਾਂਸਰਾ, ਵਿਨੋਦ ਸ਼ਰਮਾ, ਜਤਿੰਦਰ ਮਹਾਜਨ, ਈਸ਼ਵਰ ਭੱਲਾ, ਸਤਪਾਲ ਸ਼ਰਮਾ, ਜੋਗਿੰਦਰ ਪਾਲ ਗੁਪਤਾ, ਮਹਿੰਦਰ ਪਾਲ ਟਾਪ, ਡਾ: ਸੁਖਵਿੰਦਰ ਆਦਿ ਹਾਜ਼ਰ ਸਨ।

# ਤਿੰਨ ਦੁਕਾਨਾਂ ਦੀ ਭੰਨ-ਤੋੜ; ਨਕਦੀ ਤੇ ਸਾਮਾਨ ਚੋਰੀ, ਸੀਸੀਟੀਵੀ ਕੈਮਰੇ ਤੋੜੇ




**ਮੀਆਂਵਿੰਡ (ਰਵੀ ਖਹਿਰਾ)**-ਸਬ-ਡਵੀਜ਼ਨਲ ਖਡੂਰ ਸਾਹਿਬ ਦੇ ਮੇਨ ਬਾਜ਼ਾਰ ਵਿਚ ਚੋਰਾਂ ਵਲੋਂ ਦੁਕਾਨਾਂ ਨੂੰ ਨਿਸ਼ਾਨਾ ਬਣਾ ਕੇ ਕੀਤੀਆਂ ਜਾ ਰਹੀਆਂ ਚੋਰੀਆਂ ਰੁਕਣ ਦਾ ਨਾਂਅ ਨਹੀਂ ਲੈ ਰਹੀਆਂ ਅਤੇ ਪੁਲਸ ਹੱਥ 'ਤੇ ਹੱਥ ਧਰ ਕੇ ਬੈਠੀ ਹੋਈ ਹੈ। ਚੋਰ ਗਿਰੋਹ ਵੱਲੋਂ ਚੋਰੀ ਦੀਆਂ ਘਟਨਾਵਾਂ ਨੂੰ ਅੱਜ ਫਿਰ ਤੜਕਸਾਰ 5 ਵਜੇ ਦੇ ਕਰੀਬ ਕਸਬਾ ਖਡੂਰ ਸਾਹਿਬ ਦੇ ਮੇਨ ਬਾਜ਼ਾਰ ਵਿਚ ਤਿੰਨ ਦੁਕਾਨਾਂ ਜਿਨ੍ਹਾਂ ਵਿੱਚ ਦਸਮੇਸ਼ ਟਰੰਕ ਹਾਊਸ ਐਂਡ ਇਲੈਕਟ੍ਰਾਨਿਕ, ਬਾਵਾ ਗਾਰਮੈਂਟਸ, ਰੂਪਕ ਗਾਰਮੈਂਟਸ ਸਟੋਰ ਨੂੰ ਨਿਸ਼ਾਨਾ ਬਣਾਇਆ ਅਤੇ ਦਸਮੇਸ਼ ਟਰੰਕ ਹਾਊਸ ਐਂਡ ਇਲੈਕਟ੍ਰਾਨਿਕ ਦੁਕਾਨ ਦੇ ਗੱਲੇ ਵਿਚ ਪਈ 42 ਹਜ਼ਾਰ ਅਤੇ 50 ਹਜ਼ਾਰ ਅਲਮਾਰੀ ਦੇ ਸੇਫ ਵਿੱਚੋਂ ਨਕਦੀ ਅਤੇ 2 ਇੰਡਕਸ਼ਨ ਚੁੱਲ੍ਹੇ,1 ਹੋਮ ਥੀਏਟਰ ਚੋਰੀ ਕਰ ਕੇ ਲੈ ਗਏ ਅਤੇ ਜਾਂਦੇ ਸਮੇਂ ਕੈਮਰੇ ਵੀ ਤੋੜ ਗਏ। ਇਕ ਦੁਕਾਨਦਾਰ ਨੇ ਦੱਸਿਆ ਕਿ ਮੇਰੀ ਦੁਕਾਨ 'ਤੇ ਪਹਿਲਾਂ ਵੀ ਚੋਰੀ ਹੋਈ ਸੀ। ਉਦੋਂ ਵੀ ਮੇਰੀ ਕੋਈ ਸੁਣਵਾਈ ਨਹੀਂ ਹੋਈ। ਦੂਜੇ ਦੁਕਾਨਦਾਰਾਂ ਨੇ ਕਿਹਾ ਕਿ ਚੋਰਾਂ ਨੇ ਨਿਸ਼ਾਨਾ ਤਾਂ ਉਨ੍ਹਾਂ ਦੀਆਂ ਦੁਕਾਨਾਂ ਨੂੰ ਵੀ ਬਣਾਇਆ ਪਰ ਚੋਰੀ ਕਰਨ ਵਿਚ ਅਸਫ਼ਲ ਰਹੇ, ਦੁਕਾਨਾਂ 'ਤੇ ਲੱਗੇ ਸੀਸੀਟੀਵੀ ਕੈਮਰੇ ਤੋੜ ਗਏ। ਇਸ ਮੌਕੇ ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਦੀ ਢਿੱਲੀ ਕਾਰਗੁਜ਼ਾਰੀ ਕਾਰਨ ਇਹ ਘਟਨਾਵਾਂ ਵਾਪਰ ਰਹੀਆਂ ਹਨ। ਪੁਲਸ ਨੂੰ ਇਸ ਵੱਲ ਜ਼ਰੂਰ ਧਿਆਨ ਦੇਣਾ ਚਾਹੀਦਾ ਹੈ। ਜ਼ਿਕਰਯੋਗ ਹੈ ਕਿ ਦੀਵਾਲੀ ਦਾ ਤਿਉਹਾਰ ਹੈ ਅਤੇ ਬਾਜ਼ਾਰਾਂ ਵਿੱਚ ਚੋਰ ਦਹਿਸ਼ਤ ਮਚਾ ਰਹੇ ਹਨ ਜਦੋਂਕਿ ਪੁਲਸ ਪ੍ਰਸ਼ਾਸਨ ਨੂੰ ਦੀਵਾਲੀ ਦੇ ਤਿਓਹਾਰ ਨੂੰ ਮੁੱਖ ਰੱਖਦੇ ਹੋਏ ਪੂਰੀ ਤਰ੍ਹਾਂ ਮੁਸਤੈਦ ਰਹਿਣ ਦੀ ਲੋੜ ਹੈ। ਇਸ ਮੌਕੇ ਪੁਲਸ ਚੌਕੀ ਖਡੂਰ ਸਾਹਿਬ ਦੇ ਇੰਚਾਰਜ ਬਲਦੇਵ ਸਿੰਘ ਨਾਲ ਗੱਲਬਾਤ ਕੀਤੀ ਤਾਂ ਉਨ੍ਹਾਂ ਦੱਸਿਆ ਕਿ ਉਨ੍ਹਾਂ ਵੱਲੋਂ ਮੌਕਾ ਦੇਖ ਲਿਆ ਗਿਆ ਹੈ ਅਤੇ ਮਾਮਲਾ ਦਰਜ ਕਰਕੇ ਜਲਦ ਚੋਰਾਂ ਨੂੰ ਕਾਬੂ ਕਰ ਲਿਆ ਜਾਵੇਗਾ। ਨਾਲ ਹੀ ਉਨ੍ਹਾਂ ਪਬਲਿਕ 'ਤੇ ਸਵਾਲ ਉਠਾਇਆ ਕਿ ਇਹ ਘਟਨਾ ਤੜਕਸਾਰ ਵਾਪਰੀ ਹੈ ਪਰ ਰਾਹਗੀਰਾਂ ਵੱਲੋਂ ਖ਼ਰੂਦੀਆਂ ਨੂੰ ਕੈਮਰੇ ਭੰਨਦੇ ਦੇਖਿਆ ਵੀ ਗਿਆ ਪਰ ਕਿਸੇ ਨੇ ਪੁਲਸ ਨੂੰ ਇਤਲਾਹ ਨਹੀਂ ਦਿੱਤੀ।

# 50 ਲੱਖ ਦੀ ਲਾਗਤ ਨਾਲ ਬਣਨ ਵਾਲੇ ਡੇਰਾ ਬਾਬਾ ਨਾਨਕ ਦੇ ਮੇਨ ਬਾਜ਼ਾਰ ਦਾ ਕੰਮ ਸ਼ੁਰੂ



**ਡੇਰਾ ਬਾਬਾ ਨਾਨਕ, (ਰਮੇਸ਼ ਸ਼ਰਮਾ)**-ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨਛੋਹ ਪ੍ਰਾਪਤ ਇਤਿਹਾਸਕ ਕਸਬਾ ਡੇਰਾ ਬਾਬਾ ਨਾਨਕ ਦੇ ਵਿਕਾਸ ਵਿੱਚ ਕੋਈ ਕਮੀ ਨਹੀ ਰਹਿਣ ਦਿੱਤੀ ਜਾਵੇਗੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਗੁਰਦੀਪ ਸਿੰਘ ਰੰਧਾਵਾ ਨੇ 50 ਲੱਖ ਦੀ ਲਾਗਤ ਨਾਲ ਬਣਨ ਵਾਲੇ ਡੇਰਾ ਬਾਬਾ ਨਾਨਕ ਦੇ ਮੇਨ ਬਾਜ਼ਾਰ ਦਾ ਕੰਮ ਸ਼ੁਰੂ ਕਰਵਾਉਣ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਕਸਬੇ ਦੇ ਸੁੰਦਰੀਕਰਨ ਲਈ ਪਹਿਲਾਂ ਹੀ ਢਾਈ ਕਰੋੜ ਰੁਪਏ ਦੇ ਪ੍ਰਜੈਕਟ ਚੱਲ ਰਹੇ ਹਨ। ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦਫਤਰ ਤੋਂ ਲੈ ਕੇ ਮਹਾਰਾਜਾ ਰਣਜੀਤ ਸਿੰਘ ਚੌਕ ਤੱਕ ਕਸਬੇ ਦੇ ਮੇਨ ਬਾਜ਼ਾਰ ਦੀ ਹਾਲਤ ਬਹੁਤ ਹੀ ਮਾੜੀ ਸੀ ਤੇ ਮਮੂਲੀ ਬਰਸਾਤ ਹੋਣ 'ਤੇ ਹੀ ਇਸ ਵਿੱਚ ਪਾਣੀ ਭਰ ਜਾਂਦਾ ਸੀ ਜਿਸ ਨਾਲ ਸ਼ਹਿਰ ਵਾਸੀਆਂ ਤੇ ਬਾਹਰੋਂ ਆਉਣ ਵਾਲੀਆਂ ਸੰਗਤਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਸ਼ਹਿਰ ਵਾਸੀਆਂ ਦੀ ਮੰਗ ਨੂੰ ਦੇਖਦਿਆਂ ਹੋਇਆਂ ਅੱਜ ਕਸਬੇ ਦੇ ਮੇਨ ਬਾਜ਼ਾਰ 'ਚ ਇੰਟਰਲਾਕ ਟਾਇਲਾਂ ਲਗਾਉਣ ਤੇ ਸਵੀਰਜ ਸਹੀ ਕਰਨ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ। ਰੰਧਾਵਾ ਨੇ ਕਿਹਾ ਕਿ ਇਸ ਕੰਮ ਨੂੰ ਸਾਲਾਨਾ ਜੋੜ ਮੇਲਾ ਸ੍ਰੀ ਚੋਲਾ ਸਾਹਿਬ ਤੋਂ ਪਹਿਲਾਂ-ਪਹਿਲਾਂ ਮੁਕੰਮਲ ਕਰ ਲਿਆ ਜਾਵੇਗਾ। ਇਸ ਮੌਕੇ ਆਪ ਆਗੂ ਹਰਜੀਤ ਸਿੰਘ ਠੇਠਰਕੇ, ਰਜੇਸ਼ ਕੁਮਾਰ ਬਿੱਟਾ, ਐੱਸਓ ਮਨਪ੍ਰੀਤ ਸਿੰਘ ਬੰਦੇਸ਼ਾ, ਵਿਪਨ ਸੋਨੀ ਪ੍ਰਧਾਨ ਵਪਾਰ ਮੰਡਲ, ਬਲਾਕ ਪ੍ਰਧਾਨ ਗਗਨਦੀਪ ਸਿੰਘ, ਰਜਿਤ ਮਰਵਾਹ, ਠੇਕੇਦਾਰ ਹਰਪਾਲ ਸਿੰਘ, ਬਲਦੇਵ ਰਾਜ ਡਾਇਮੰਡ, ਰਮੇਸ਼ ਬੱਬਰ, ਰਜੇਸ਼ ਹਾਂਡਾ, ਡਾ. ਅਸ਼ੋਕ ਸੋਨੀ, ਸੱਤਪਾਲ, ਲਵਪ੍ਰੀਤ ਸਿੰਘ ਪੀਏ ਤੇ ਟਹਿਲ ਸਿੰਘ ਕਲਰਕ ਆਦਿ ਹਾਜ਼ਰ ਸਨ।

# ਸੜਕ ਹਾਦਸੇ ਦੌਰਾਨ ਮੋਟਰਸਾਈਕਲ ਸਵਾਰ ਪਤੀ-ਪਤਨੀ ਦੀ ਮੌਤ



**ਧਾਰੀਵਾਲ, (ਮਨਦੀਪ ਸਿੰਘ ਵਿੱਕੀ)**-ਸ਼ਹਿਰ ਧਾਰੀਵਾਲ ਦੇ ਬਾਹਰਵਾਰ ਨੈਸ਼ਨਲ ਹਾਈਵੇਅ ਬਾਈਪਾਸ ਪੁਲ ਖੁੰਡਾ ਨੇੜੇ ਧਾਰੀਵਾਲ-ਖੁੰਡਾ ਸੜਕ ਉਪਰ ਇਕ ਸਕਾਰਪੀਓ ਕਾਰ ਅਤੇ ਮੋਟਰਸਾਈਕਲ ਹਾਦਸੇ ਦੌਰਾਨ ਮੋਟਰਸਾਈਕਲ ਸਵਾਰ ਪਤੀ-ਪਤਨੀ (ਦੋਵਾਂ) ਦੀ ਮੌਤ ਹੋ ਗਈ। ਮ੍ਰਿਤਕਾਂ ਦੀ ਪਛਾਣ ਜਸਪਾਲ ਅਤੇ ਨਿੰਦਰ ਵਾਸੀ ਪਿੰਡ ਸੁਜਾਨਪੁਰ, ਥਾਣਾ ਧਾਰੀਵਾਲ ਵਜੋਂ ਹੋਈ। ਜੁਗਰਾਜ ਸਿੰਘ ਪੁੱਤਰ ਜਸਪਾਲ ਵਾਸੀ ਸੁਜਾਨਪੁਰ ਨੇ ਪੁਲਸ ਨੂੰ ਦੱਸਿਆ ਕਿ ਉਸਦਾ ਪਿਤਾ ਜਸਪਾਲ ਤੇ ਮਾਤਾ ਨਿੰਦਰ (ਦੋਵੇਂ ਜਣੇ) ਕਿੰਗ ਪੈਲੇਸ ਧਾਰੀਵਾਲ ਵਿਖੇ ਰਾਤ ਦਾ ਚੌਕੀਦਾਰਾ ਕਰਦੇ ਸਨ ਜੋ ਰੋਜ਼ਾਨਾ ਦੀ ਤਰ੍ਹਾਂ ਕੱਲ੍ਹ ਦੇਰ ਸ਼ਾਮ ਨੂੰ ਆਪਣੇ ਮੋਟਰਸਾਈਕਲ ਨੰਬਰ ਪੀਬੀ 18 ਜੇ 6829 ਮਾਰਕਾ ਸੀਟੀ-100 ਤੇ ਸਵਾਰ ਹੋ ਕੇ ਆਪਣੇ ਪਿੰਡ ਸੁਜਾਨਪੁਰ ਤੋਂ ਧਾਰੀਵਾਲ ਕਿੰਗ ਪੈਲੇਸ ਜਾਂਦੇ ਸਮੇਂ ਜਦੋਂ ਉਹ ਖੁੰਡਾ ਬਾਈਪਾਸ ਨੇੜੇ ਪੁੱਜੇ ਤਾਂ ਕੁਲਜੀਤ ਸਿੰਘ ਉਰਫ ਹਰਜੀਤ ਸਿੰਘ ਪੁੱਤਰ ਸੁਰਿੰਦਰ ਸਿੰਘ ਵਾਸੀ ਖਾਨਮਲੱਕ ਨੇ ਧਾਰੀਵਾਲ ਸਾਇਡ ਤੋਂ ਆਪਣੀ ਸਕਾਰਪੀਓ ਕਾਰ ਨੰਬਰੀ ਪੀਬੀ 06 ਬੀਈ 5800 ਤੇਜ਼ ਰਫਤਾਰ ਲਾਪ੍ਰਵਾਹੀ ਨਾਲ ਗਲਤ ਸਾਇਡ ਤੋਂ ਲਿਆ ਕੇ ਉਸਦੇ ਪਿਤਾ ਦੇ ਮੋਟਰਸਾਈਕਲ ਵਿੱਚ ਮਾਰ ਦਿੱਤੀ। ਇਸ ਹਾਦਸੇ ਦੌਰਾਨ ਦੋਵੇਂ ਜਣਿਆਂ ਦੇ ਗੰਭੀਰ ਸੱਟਾਂ ਲੱਗ ਗਈਆਂ ਅਤੇ ਉਸਦੇ ਪਿਤਾ ਜਸਪਾਲ ਦੀ ਮੌਕਾ 'ਤੇ ਹੀ ਮੌਤ ਹੋ ਗਈ ਅਤੇ ਮਾਤਾ ਨਿੰਦਰ ਨੂੰ ਸਿਵਲ ਹਸਪਤਾਲ ਗੁਰਦਾਸਪੁਰ ਲਿਜਾਂਦੇ ਸਮੇਂ ਰਸਤੇ ਵਿੱਚ ਹੀ ਉਸਦੀ ਵੀ ਮੌਤ ਹੋ ਗਈ ਹੈ। ਥਾਣਾ ਧਾਰੀਵਾਲ ਦੇ ਸਹਾਇਕ ਸਬ ਇੰਸਪੈਕਟਰ ਕੁਲਵਿੰਦਰ ਸਿੰਘ ਨੇ ਜੁਗਰਾਜ ਸਿੰਘ ਦੇ ਬਿਆਨਾਂ ਅਨੁਸਾਰ ਕੁਲਜੀਤ ਸਿੰਘ ਵਿਰੁੱਧ ਧਾਰਾ 304-ਏ, 427 ਭ.ਦ ਤਹਿਤ ਕੇਸ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਸੇਂਟ ਕਬੀਰ ਸਕੂਲ ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ ਇੰਟਰ ਸਕੂਲ ਮੁਕਾਬਲਿਆਂ ਦੌਰਾਨ ਮਾਰੀਆਂ ਮੱਲਾਂ



**ਧਾਰੀਵਾਲ (ਮਨਦੀਪ ਸਿੰਘ ਵਿੱਕੀ)**-ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ (ਗੁਰਦਾਸਪੁਰ) ਦੇ ਵਿਦਿਆਰਥੀਆਂ ਨੇ ਜ਼ਿਲ੍ਹਾ ਪੱਧਰੀ 'ਤੇ ਇੰਟਰ ਸਕੂਲ ਮੁਕਾਬਲਿਆਂ ਵਿੱਚ ਮੱਲਾਂ ਮਾਰ ਕੇ ਆਪਣੇ ਸਕੂਲ ਅਤੇ ਮਾਤਾ ਪਿਤਾ ਦਾ ਨਾਮ ਰੌਸ਼ਨ ਕੀਤਾ ਹੈ। ਇਸ ਸਬੰਧੀ ਸਕੂਲ ਦੇ ਪ੍ਰਿੰਸੀਪਲ ਐੱਸ. ਬੀ. ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਖੁਸ਼ੀ ਪ੍ਰਗਟ ਕਰਦਿਆਂ ਦੱਸਿਆ ਕਿ 'ਬੇਟੀ ਪੜ੍ਹਾਓ, ਬੇਟੀ ਬਚਾਓ' ਯੋਜਨਾ ਤਹਿਤ ਪੰਡਤ ਮੋਹਨ ਲਾਲ ਐੱਸ. ਡੀ. ਕਾਲਜ ਗੁਰਦਾਸਪੁਰ ਵਿਖੇ ਇੰਟਰ ਸਕੂਲ ਹੋਏ ਮੁਕਾਬਲਿਆਂ ਵਿੱਚ ਸੇਂਟ ਕਬੀਰ ਸਕੂਲ ਸੁਲਤਾਨਪੁਰ ਸਮੇਤ ਲਗਭਗ 29 ਸਕੂਲਾਂ ਦੇ ਵਿਦਿਆਰਥੀਆਂ ਨੇ ਹਿੱਸੇਦਾਰੀ ਲਈ। ਇਸ ਦੌਰਾਨ ਵਿਦਿਆਰਥੀਆਂ ਦੇ ਅੰਦਰੂਨੀ ਹੁਨਰਾਂ ਨੂੰ ਸਾਹਮਣੇ ਲਿਆਉਣ ਲਈ ਰੰਗੋਲੀ, ਮਹਿੰਦੀ, ਨੇਲ ਆਰਟ, ਸੈਲੇਡ ਮੇਕਿੰਗ, ਕਾਰਡ ਮੇਕਿੰਗ, ਸੋਲੋ ਗੀਤ, ਗਰੁੱਪ ਗੀਤ ਤੇ ਗੁਰਬਾਣੀ ਸ਼ਬਦ ਗਾਇਨ ਆਦਿ ਮੁਕਾਬਲੇ ਕਰਵਾਏ ਗਏ। ਇਸ ਮੁਕਾਬਲਿਆਂ ਦੌਰਾਨ ਸੇਂਟ ਕਬੀਰ ਸਕੂਲ ਦੇ ਵਿਦਿਆਰਥੀਆਂ ਸਾਇਨਦੀਪ ਕੌਰ ਭਾਮੜੀ ਤੇ ਨਵਨੀਤ ਕੌਰ ਔਲਖ ਕਲਾਂ ਨੇ ਰੰਗੋਲੀ ਵਿੱਚੋਂ ਪਹਿਲਾ ਸਥਾਨ। ਗਰੁੱਪ ਗੀਤ ਵਿੱਚੋਂ ਨਵਨੀਤ ਕੌਰ ਸਠਿਆਲੀ, ਕ੍ਰਿਸ਼ਕ ਸੱਲੋਪੁਰ, ਤਾਨੀਆ ਭੈਣੀ ਮੀਆਂ ਖਾਂ, ਉਪਿੰਦਰਜੀਤ ਕੌਰ ਘੋੜੇਵਾਹ, ਚਾਹਤ ਸਲਾਰੀਆ ਬਗੋਲ, ਜਸਲੀਨ ਕੌਰ ਕਾਦੀਆਂ ਨੇ ਪਹਿਲਾ ਸਥਾਨ। ਨੇਲ ਆਰਟ ਵਿੱਚੋਂ ਅਮਨਦੀਪ ਕੌਰ ਜਾਗੋਵਾਲ ਬਾਂਗਰ ਨੇ ਦੂਸਰਾ ਸਥਾਨ, ਸੈਲੇਡ ਮੇਕਿੰਗ ਵਿੱਚੋਂ ਹਰਮਨਜੋਤ ਕੌਰ ਭਾਮ ਨੇ ਦੂਸਰਾ ਸਥਾਨ, ਕਾਰਡ ਮੇਕਿੰਗ ਵਿੱਚੋਂ ਰਿਪਨਪ੍ਰੀਤ ਕੌਰ ਡੇਰਹੀਵਾਲ ਦਰੋਗਾ ਨੇ ਦੂਸਰਾ ਸਥਾਨ, ਸੋਲੋ ਗੀਤ ਵਿੱਚਂ ਪਵਨਦੀਪ ਕੌਰ ਮਾਨ ਨੇ ਦੂਸਰਾ ਸਥਾਨ, ਮਹਿੰਦੀ ਮੁਕਾਬਲੇ ਵਿੱਚੋਂ ਸਿਮਰਨਪ੍ਰੀਤ ਕੌਰ ਰੂੜਾ ਬੁਟਰ ਨੇ ਤੀਸਰਾ ਸਥਾਨ ਅਤੇ ਸ਼ਬਦ ਗਾਇਨ ਮੁਕਾਬਲੇ ਵਿੱਚ ਨਵਨੀਤ ਕੌਰ, ਸੁਖਬੀਰ ਕੌਰ ਅਤੇ ਮਨਪ੍ਰੀਤ, ਅੰਸ਼ਪ੍ਰੀਤ ਕੌਰ, ਜਸ਼ਨਪ੍ਰੀਤ ਕੌਰ, ਅਰਮਾਨਦੀਪ ਕੌਰ ਨੇ ਚੌਥਾ ਸਥਾਨ ਹਾਸਲ ਕੀਤਾ ਹੈ। ਸਕੂਲ ਪਹੁੰਚਣ ਤੇ ਜੇਤੂ ਵਿਦਿਆਰਥੀਆਂ ਦਾ ਨਿੱਘਾ ਸੁਆਗਤ ਕੀਤਾ ਗਿਆ। ਇਸ ਮੌਕੇ ਪ੍ਰਿੰ. ਐੱਸ. ਬੀ. ਨਾਯਰ ਅਤੇ ਪ੍ਰਬੰਧਕ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਵੱਲੋਂ ਵਿਦਿਆਰਥੀਆਂ ਦੇ ਨਾਲ-ਨਾਲ ਮੈਡਮ ਨਵਿਤਾ, ਕਰਮਜੀਤ ਕੌਰ, ਦਮਨਬੀਰ ਸਿੰਘ (ਆਰਟ ਅਧਿਆਪਕ) ਜਗਦੀਪ ਸਿੰਘ ਤੇ ਰਵੀ ਕੁਮਾਰ (ਸੰਗੀਤ ਅਧਿਆਪਕ) ਨੂੰ ਵੀ ਵਧਾਈ ਦਿੱਤੀ ਜਿਨ੍ਹਾਂ ਦੇ ਸਹਿਯੋਗ ਤੇ ਪ੍ਰੇਰਨਾ ਨਾਲ ਵਿਦਿਆਰਥੀਆਂ ਨੇ ਮੁਕਾਬਲਿਆਂ ਦੌਰਾਨ ਜੇਤੂ ਪੁਜੀਸ਼ਨਾਂ ਹਾਸ਼ਲ ਕੀਤੀਆਂ। ਇਸ ਮੌਕੇ ਪ੍ਰਿੰ. ਐੱਸ. ਬੀ. ਨਾਯਰ ਨੇ ਕਿਹਾ ਕਿ ਪੜ੍ਹਾਈ ਦੇ ਨਾਲ ਨਾਲ ਵਿਦਿਆਰਥੀਆਂ ਦਾ ਸਰਵਪੱਖੀ ਵਿਕਾਸ ਹੋਣਾ ਬਹੁਤ ਜ਼ਰੂਰੀ ਹੈ। ਇਸ ਮੌਕੇ ਸਮੂਹ ਸਕੂਲ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# 1,70,000 ਰੁਪਏ ਦੀ ਠੱਗੀ ਮਾਰਨ ਵਾਲੇ ਖ਼ਿਲਾਫ਼ ਮਾਮਲਾ ਦਰਜ

**ਗੁਰਦਾਸਪੁਰ, (ਜਨਕ ਮਹਾਜਨ)**-ਪੁਲਸ ਨੂੰ ਰਣਜੀਤ ਕੌਰ ਪਤਨੀ ਹਰਮਨਦੀਪ ਸਿੰਘ ਵਾਸੀ ਸਿੰਧਵਾਂ ਨੇ ਦਿੱਤੀ ਸ਼ਿਕਾਇਤ 'ਤੇ ਦਰਖਾਸਤ ਨੰਬਰ 552 ਐੱਮਆਈ ਐੱਸਸੀ. ਇੰਚਾਰਜ ਸਾਇਬਰ ਕਰਾਈਮ ਸੈਲ ਗੁਰਦਾਸਪੁਰ ਵਲੋਂ ਜਾਂਚ ਪੜਤਾਲ ਵਿਚ ਪਾਇਆ ਗਿਆ ਕਿ 09.03.2023 ਨੂੰ ਮੁਦਈਆਂ ਨੂੰ ਇੱਕ ਫੋਨ ਕਾਲ ਆਈ। ਫੋਨ ਕਰਨ ਵਾਲੇ ਵਿਅਕਤੀ ਨੇ ਖੁਦ ਨੂੰ ਮੁਦਈਆਂ ਦਾ ਆਸਟ੍ਰੇਲੀਆ ਤੋਂ ਰਿਸ਼ਤੇਦਾਰ ਦੱਸ ਕੇ 1,70,000 ਰੁਪਏ ਦੀ ਠੱਗੀ ਮਾਰੀ ਹੈ।

ਪੜਤਾਲ ਕਰਨ 'ਤੇ ਪਤਾ ਲੱਗਾ ਹੈ ਕਿ ਮੁਦਈਆਂ ਦੇ ਬੈਂਕ ਖਾਤੇ ਵਿਚੋਂ 1,70,000 ਰੁਪਏ ਦੀ ਰਕਮ ਦੋਸ਼ੀ ਦਿਨੇਸ਼ ਕੁਮਾਰ ਪੁੱਤਰ ਮੂਰਤੀ ਵਾਸੀ 3/3 ਸੰਜੇ ਨਗਰ ਮੰਨਾਰਾ, ਅੰਬੋਦੀ ਕੋਇੰਬਟੂਰ ਤਾਮਿਲਨਾਡੂ ਦੇ ਖਾਤੇ ਵਿੱਚ ਟਰਾਂਸਫਰ ਕੀਤੀ ਗਈ ਹੈ। ਥਾਣਾ ਤਿੱਬੜ ਪੁਲਸ ਨੇ ਉਕਤ ਦੋਸ਼ੀਆਂ ਖ਼ਿਲਾਫ਼ ਧਾਰਾ 420 ਅਧੀਨ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਹੈ।

# ਸਾਹਿਬਜ਼ਾਦਿਆਂ ਦੀ ਸ਼ਹਾਦਤ ਨੂੰ ਸਮਰਪਿਤ ਸੈਮੀਨਾਰ ਕਰਵਾਇਆ

## ਸਰਹੰਦ ਦੀ ਦੀਵਾਰ ਬੋਲਦੀ ਤੇ ਸੁਣਦੀ ਵੀ ਹੈ : ਪ੍ਰੋ. ਬਲਜਿੰਦਰ ਸਿੰਘ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਨੌਜਵਾਨ ਵਿਦਿਆਰਥੀਆਂ ਨੂੰ ਸਿੱਖ ਵਿਰਾਸਤ ਨਾਲ ਜੋੜਨ ਲਈ ਸਿੱਖ ਫੋਰਮ ਅਤੇ ਜਥੇਦਾਰ ਜਗਤਾਰ ਸਿੰਘ ਹਵਾਰਾ ਕਮੇਟੀ ਵਲੋਂ ਮਾਈ ਭਾਗੋ ਪੋਲੀਟੈਕਨਿਕ ਸਰਕਾਰੀ ਕਾਲਜ ਵਿਖੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਵਿਸ਼ੇ 'ਤੇ ਸੈਮੀਨਾਰ ਕਰਵਾਇਆ ਗਿਆ। ਅਜੋਕੇ ਸਮੇਂ ਵਿਚ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਧਰਮ ਅਤੇ ਲੋਕ ਭਲਾਈ ਕਾਰਜਾਂ ਨਾਲ ਜੋੜਨਾ ਜ਼ਰੂਰੀ ਹੈ। ਮੁੱਖ ਮਹਿਮਾਨ ਵਿਧਾਇਕ ਕੁੰਵਰ ਵਿਜੈ ਪ੍ਰਤਾਪ ਸਿੰਘ ਨੇ ਇਸ ਮੌਕੇ ਕਿਹਾ ਕਿ ਨੌਜਵਾਨਾਂ ਨੂੰ ਕੌਮ ਪ੍ਰਤੀ ਆਪਣੀ ਜ਼ਿੰਮੇਵਾਰੀ ਨੂੰ ਸਮਝਦੇ ਹੋਏ ਗੁਰੂ ਗੋਬਿੰਦ ਸਿੰਘ ਜੀ ਦੇ ਸਾਹਿਬਜ਼ਾਦਿਆਂ ਦੀ ਸ਼ਹਾਦਤ ਤੋਂ ਪ੍ਰੇਰਨਾ ਲੈ ਕੇ ਨਵੇਂ ਸਮਾਜ ਦੀ ਸਿਰਜਣਾ ਕਰਨ ਵਿੱਚ ਅੱਗੇ ਆਉਣਾ ਚਾਹੀਦਾ ਹੈ। ਸਿੱਖ ਫੋਰਮ ਦੇ ਮੁੱਖੀ ਪ੍ਰੋ.ਹਰੀ ਸਿੰਘ ਨੇ ਵਿੱਦਿਆ ਦੇ ਨਾਲ-ਨਾਲ ਧਾਰਮਿਕ ਗਿਆਨ ਦੀ ਮਹਾਨਤਾ 'ਤੇ ਜ਼ੋਰ ਦਿੱਤਾ। ਜਥੇਦਾਰ ਹਵਾਰਾ ਕਮੇਟੀ ਦੇ ਮੁੱਖ ਬੁਲਾਰੇ ਪ੍ਰੋ. ਬਲਜਿੰਦਰ ਸਿੰਘ ਨੇ ਕਿਹਾ ਕਿ ਸਰਹੰਦ ਦੀ ਦੀਵਾਰ ਬੋਲਦੀ ਹੈ ਅਤੇ ਸੁਣਦੀ ਵੀ ਹੈ। ਇਸਦੇ ਅੱਗੇ ਖਲੋ ਕੇ ਲੋਕ ਆਪਣੀਆਂ ਮੰਗਾਂ ਲਈ ਅਰਦਾਸਾਂ ਕਰਦੇ ਹਨ ਅਤੇ ਇਹ ਦੀਵਾਰ ਜ਼ੁਲਮ ਅੱਗੇ ਨਾ ਝੁਕਣ, ਧਰਮ ਦੇ ਨਿਆਰੇਪਨ, ਸੱਚ, ਲਾਲਚ ਵਿੱਚ ਨਾ ਆਉਣ ਦਾ ਨਿੱਗਰ ਸੁਨੇਹਾ ਵੀ ਦਿੰਦੀ ਹੈ। ਕਾਲਜ ਦੇ ਪ੍ਰਿ. ਪਰਮਬੀਰ ਸਿੰਘ ਮੱਤੇਵਾਲ ਨੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ ਅਤੇ ਸਨਮਾਨਿਤ ਕੀਤਾ। ਇਸ ਮੌਕੇ ਕਾਲਜ ਸਟਾਫ ਦੇ ਇਲਾਵਾ ਮਨਦੀਪ ਸਿੰਘ ਬੇਦੀ, ਬਲਦੇਵ ਸਿੰਘ ਨਵਾਂਪਿੰਡ, ਡਾ. ਜੋਗਿਦੰਰ ਸਿੰਘ ਅਰੋੜਾ, ਅਵਤਾਰ ਸਿੰਘ, ਮਨਮੋਹਨ ਸਿੰਘ ਆਦਿ ਹਾਜ਼ਰ ਸਨ। ਪ੍ਰੋ. ਹਰੀ ਸਿੰਘ ਅਤੇ ਪ੍ਰੋ. ਬਲਜਿੰਦਰ ਸਿੰਘ ਅਤੇ ਪ੍ਰੋ. ਹਰੀ ਸਿੰਘ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਨੇੜਲੇ ਭਵਿੱਖ ਵਿੱਚ ਇਹੋ ਜਹੇ ਸੈਮੀਨਾਰ ਹੋਰ ਕਰਵਾਏ ਜਾਣਗੇ।

# ਸਿੱਖ ਰਿਸਰਚ ਇੰਸਟੀਚਿਊਟ ਯੂ ਐੱਸ ਏ ਦੇ ਗੁਰੂ ਗ੍ਰੰਥ ਸਾਹਿਬ ਪ੍ਰੋਜੈਕਟ ਵੱਲੋਂ ਅਨੰਦ ਬਾਣੀ (ਖੋਜ-ਕਾਰਜ) ਸੰਗਤ ਨੂੰ ਅਰਪਣ

## ਪ੍ਰੋਜੈਕਟ ਦਾ ਮਕਸਦ ਧਰਮ ਤੇ ਸੱਭਿਆਚਾਰ ਦੇ ਵਿੱਦਿਅਕ ਸਰੋਤਾਂ ਨਾਲ ਜੋੜਨਾ : ਡਾ. ਜਸਵੰਤ ਸਿੰਘ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**-ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ ਦੇ ਪੰਜਾਬੀ ਅਧਿਐਨ ਸਕੂਲ ਦੇ ਸਹਿਯੋਗ ਨਾਲ ਉਪ-ਕੁਲਪਤੀ ਪ੍ਰੋਫ਼ੈਸਰ ਜਸਪਾਲ ਸਿੰਘ ਸੰਧੂ ਦੀ ਸਰਪ੍ਰਸਤੀ ਹੇਠ ਅਤੇ ਪੰਜਾਬੀ ਅਧਿਐਨ ਸਕੂਲ ਦੇ ਮੁਖੀ ਡਾ. ਮਨਜਿੰਦਰ ਸਿੰਘ ਦੀ ਸੁਯੋਗ ਅਗਵਾਈ ਅਧੀਨ ਸਿੱਖ ਰਿਸਰਚ ਇੰਸਟੀਚਿਊਟ ਯੂਐੱਸਏ ਦੇ ਗੁਰੂ ਗ੍ਰੰਥ ਸਾਹਿਬ ਪ੍ਰੋਜੈਕਟ ਵੱਲੋਂ 'ਅਨੰਦ' ਬਾਣੀ (ਖੋਜ-ਕਾਰਜ) ਸੰਗਤ-ਅਰਪਣ ਗੁਰੂ ਨਾਨਕ ਭਵਨ, ਗੁਰੂ ਨਾਨਕ ਦੇਵ ਯੂਨੀਵਰਸਿਟੀ ਵਿਖੇ ਆਯੋਜਿਤ ਕੀਤਾ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਪ੍ਰੋ. ਸਰਬਜੋਤ ਸਿੰਘ ਬਹਿਲ (ਮੁਖੀ, ਅਰਕੀਟੈਕਚਰ ਵਿਭਾਗ) ਸਨ ਜਦੋਂਕਿ ਡਾ. ਸੋਹਨ ਸਿੰਘ (ਗੁਰੂ ਗੋਬਿੰਦ ਸਿੰਘ ਖ਼ਾਲਸਾ ਕਾਲਜ, ਗੁਰੂਸਰ ਸੁਧਾਰ) ਡਾ. ਜਸਵੰਤ ਸਿੰਘ (ਡਾਇਰੈਕਟਰ, ਗੁਰਬਾਣੀ ਰਿਸਰਚ, ਸਿੱਖ ਰਿਸਰਚ ਇੰਸਟੀਚਿਊਟ, (ਯੂਐੱਸਏ) ਅਤੇ ਪ੍ਰੋ. ਅਵਤਾਰ ਸਿੰਘ (ਸਾਬਕਾ ਮੁਖੀ, ਪੰਜਾਬੀ ਵਿਭਾਗ, ਰਾਮਗੜ੍ਹੀਆ ਕਾਲਜ, ਫਗਵਾੜਾ) ਇਸ ਸਮਾਗਮ ਵਿੱਚ ਮੁੱਖ ਵਕਤਾ ਵਜੋਂ ਸ਼ਾਮਿਲ ਹੋਏ। ਪ੍ਰੋਗਰਾਮ ਦਾ ਆਰੰਭ ਅਨੰਦ ਸਾਹਿਬ ਦੇ ਮਧੁਰ ਕੀਰਤਨ ਨਾਲ ਹੋਇਆ। ਵਿਭਾਗ ਦੇ ਮੁਖੀ ਡਾ. ਮਨਜਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਪੌਦੇ ਭੇਟ ਕਰ ਕੇ ਰਸਮੀ ਸਵਾਗਤ ਕੀਤਾ ਅਤੇ ਸੰਬੰਧਿਤ ਖੋਜ-ਕਾਰਜ ਬਾਰੇ ਚਰਚਾ ਕਰਦੇ ਹੋਏ ਕਿਹਾ ਕਿ ਗੁਰਬਾਣੀ ਪੰਜਾਬੀ ਭਾਸ਼ਾ ਦਾ ਪ੍ਰਮਾਣਿਕ ਪ੍ਰਤੀਨਿਧਤਵ ਕਰਦੀ ਹੈ, ਜਿਸਦੀ ਡੂੰਘੀ ਦਾਰਸ਼ਨਿਕ ਵਿਆਖਿਆ ਲੰਬੇ ਕਾਲਖੰਡ ਦੀ ਮੰਗ ਕਰਦੀ ਹੈ। ਉਨ੍ਹਾਂ ਕਿਹਾ ਕਿ 'ਅਨੰਦ ਸਾਹਿਬ' ਦੇ ਅਰਥ ਬ੍ਰਹਿਮੰਡੀ ਵਿਸਮਾਦ ਨਾਲ ਜੁੜੇ ਹੋਏ ਹਨ ਅਤੇ ਇਹ ਨਿਰੰਤਰ ਫੈਲਦੇ ਰਹਿੰਦੇ ਹਨ। ਇਸ ਸੰਦਰਭ ਵਿੱਚ ਅਨੰਦ ਅਤੇ ਗਿਆਨ ਇਕ ਦੂਸਰੇ ਦੇ ਪੂਰਕ ਬਣ ਜਾਂਦੇ ਹਨ। ਇਸ ਉਪਰੰਤ ਡਾ. ਜਸਵੰਤ ਸਿੰਘ ਨੇ ਸੰਸਥਾ ਬਾਰੇ ਮੁੱਢਲੀ ਜਾਣਕਾਰੀ ਪ੍ਰਦਾਨ ਕਰਦੇ ਹੋਏ ਦੱਸਿਆ ਕਿ ਇਸਦਾ ਅਕਾਦਮਿਕ ਪ੍ਰਯੋਜਨ ਨੌਜਵਾਨ ਪੀੜ੍ਹੀ ਨੂੰ ਧਰਮ ਅਤੇ ਸਭਿਆਚਾਰ ਦੇ ਵਿੱਦਿਅਕ ਸਰੋਤਾਂ ਨਾਲ ਜੋੜਨ ਦੀ ਕੋਸ਼ਿਸ਼ ਕਰਨਾ ਹੈ। ਇਸ ਕਾਰਜ ਦੀ ਪੂਰਤੀ ਵਾਸਤੇ ਲਈ ਵਿਭਿੰਨ ਵਿਦਵਾਨਾਂ ਦੀਆਂ ਅੰਤਰ-ਦ੍ਰਿਸ਼ਟੀਆਂ ਦੇ ਬਹੁ-ਅਨੁਸ਼ਾਸਨੀ ਏਕੀਕਰਨ ਦੀ ਜ਼ਰੂਰਤ ਹੈ। ਉਨ੍ਹਾਂ ਦੱਸਿਆ ਕਿ ਸੰਸਥਾ ਦੀ ਵੈੱਬਸਾਈਟ ਾਾ.ਸਿਕਹਰਿ.ਰਗ ਰਾਹੀਂ ਗੁਰੂ ਗ੍ਰੰਥ ਸਾਹਿਬ ਜੀ ਦਾ ਵਿਸ਼ਾਲ, ਖੋਜਮੂਲਕ ਅਤੇ ਆਨਲਾਈਨ ਬਹੁ ਆਯਾਮੀ ਸਰਚ ਇੰਜਨ ਵੀ ਉਸਾਰਿਆ ਗਿਆ ਹੈ ਜੋ ਕਿ ਸਿੱਖੀ ਅਤੇ ਗੁਰਮਤਿ ਵਿਚਾਰਧਾਰਾ ਦੇ ਪੂਰੀ ਦੁਨੀਆ ਵਿੱਚ ਫੈਲਾਉ ਦੀ ਸਕਾਰਾਤਮਕ ਸੰਭਾਵਨਾ ਪੈਦਾ ਕਰਦਾ ਹੈ। ਉਨ੍ਹਾਂ ਅਨੰਦ ਸਾਹਿਬ ਦੇ ਦਾਰਸ਼ਨਿਕ, ਇਤਿਹਾਸਿਕ ਅਤੇ ਸੰਗੀਤਕ ਪਾਸਾਰਾਂ ਤੋਂ ਜਾਣੂ ਕਰਵਾਉਂਦੇ ਹੋਏ ਕਿਹਾ ਕਿ ਵਾਸਤਵ ਵਿੱਚ ਅਨੰਦ ਖ਼ੁਸ਼ੀ ਅਤੇ ਗਮੀ ਤੋਂ ਪਾਰ ਫੈਲਣ ਦੀ ਅਵਸਥਾ ਹੈ। ਇਸ ਲਈ ਹੀ ਹਰ ਖ਼ੁਸ਼ੀ ਜਾਂ ਗਮੀ ਦੇ ਮੌਕੇ ਉੱਤੇ ਸਮਾਪਤੀ ਉਪਰੰਤ ਅਨੰਦ ਸਾਹਿਬ ਜੀ ਦਾ ਪਾਠ ਲਾਜ਼ਮੀ ਕੀਤਾ ਜਾਂਦਾ ਹੈ। ਇਸ ਤੋਂ ਬਾਅਦ ਪ੍ਰੋ. ਅਵਤਾਰ ਸਿੰਘ ਨੇ ਸਰੋਤਿਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਗੁਰਬਾਣੀ ਤਾਂ ਪ੍ਰਮਾਣਿਕ ਹੈ ਪ੍ਰੰਤੂ ਇਸਦਾ ਟੀਕਾ ਪ੍ਰਮਾਣਿਕ ਨਹੀਂ ਹੈ। ਇਸਦੀ ਵਿਆਖਿਆ ਨਿਰੰਤਰ ਗਤੀਸ਼ੀਲ ਹੈ। ਗੁਰਬਾਣੀ ਦੀ ਵਿਆਖਿਆ ਨੂੰ ਆਨਲਾਈਨ ਪਲੇਟਫਾਰਮ ਪ੍ਰਦਾਨ ਕਰਨਾ ਇਸਨੂੰ ਸੰਪਾਦਿਤ ਕਰਨ ਦੀ ਸੁਵਿਧਾ ਪ੍ਰਦਾਨ ਕਰਦਾ ਹੈ। ਸਮਾਗਮ ਦੇ ਮੁੱਖ ਮਹਿਮਾਨ ਡਾ. ਸਰਬਜੋਤ ਸਿੰਘ ਬਹਿਲ ਨੇ ਮੁਖ਼ਾਤਿਬ ਕਰਦੇ ਹੋਏ ਕਿਹਾ ਕਿ ਗੁਰਬਾਣੀ ਆਪਣੇ ਚਰਿਤਰ ਵਿੱਚ ਬੁਨਿਆਦੀ ਤੌਰ ਉੱਤੇ ਸੰਵਾਦਾਤਮਕ ਪ੍ਰਕ੍ਰਿਤੀ ਦੀ ਧਾਰਨੀ ਹੋਣ ਕਾਰਨ ਮਰਿਆਦਾ ਅਤੇ ਵਿਸ਼ਲੇਸ਼ਣ ਦੇ ਦਰਮਿਆਨ ਇੱਕ ਖ਼ੂਬਸੂਰਤ ਤਵਾਜ਼ਨ ਸਿਰਜਦੀ ਹੈ। ਪ੍ਰੋਗਰਾਮ ਦੇ ਅੰਤ ਵਿੱਚ ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਡਾ. ਪਵਨ ਕੁਮਾਰ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ। ਮੰਚ ਸੰਚਾਲਨ ਦੀ ਭੂਮਿਕਾ ਡਾ. ਬਲਜੀਤ ਰਿਆੜ ਨੇ ਬਾਖ਼ੂਬੀ ਨਿਭਾਈ। ਇਸ ਸਮਾਗਮ ਵਿਚ ਪੰਜਾਬੀ ਸਾਹਿਤ ਜਗਤ ਦੀਆਂ ਪ੍ਰਸਿੱਧ ਸ਼ਖ਼ਸੀਅਤਾਂ ਅਰਤਿੰਦਰ ਸੰਧੂ, ਨਿਰਮਲ ਅਰਪਣ, ਡਾ. ਅਮਰਜੀਤ ਸਿੰਘ, ਡਾ. ਹਸਨ ਰਿਹਾਨ, ਡਾ. ਜਗਜੀਤ ਕੌਰ ਜੌਲੀ, ਪ੍ਰਵੀਨ ਪੁਰੀ, ਡਾ. ਕੁਲਦੀਪ ਸਿੰਘ ਢਿੱਲੋਂ, ਪ੍ਰੋ. ਸੁਨੈਨਾ, ਹਰਜੀਤ ਸਿੰਘ (ਭਾਸ਼ਾ ਵਿਭਾਗ ਪੰਜਾਬ), ਜਸਵੰਤ ਧਾਪੀ ਆਦਿ ਨੇ ਸ਼ਿਰਕਤ ਕੀਤੀ। ਇਸ ਸਮੇਂ ਡਾ. ਮੇਘਾ ਸਲਵਾਨ, ਡਾ. ਹਰਿੰਦਰ ਸੋਹਲ, ਡਾ. ਚੰਦਨਪ੍ਰੀਤ ਸਿੰਘ, ਡਾ. ਇੰਦਰਪ੍ਰੀਤ ਕੌਰ, ਡਾ. ਪਵਨ ਕੁਮਾਰ, ਡਾ. ਜਸਪਾਲ ਸਿੰਘ, ਡਾ. ਹਰਿੰਦਰ ਸਿੰਘ ਤੁੜ, ਡਾ. ਅੰਜੂ ਬਾਲਾ ਅਤੇ ਵੱਡੀ ਗਿਣਤੀ ਵਿਚ ਖੋਜ-ਵਿਦਿਆਰਥੀ ਅਤੇ ਵਿਦਿਆਰਥੀ ਹਾਜ਼ਰ ਸਨ।

# ਜੀ ਆਰ ਡੀ ਕਾਨਵੈਂਟ ਸਕੂਲ ਦੇ ਬੱਚਿਆਂ ਦਾ ਨੈਤਿਕ ਸਿੱਖਿਆ ਦੀ ਪ੍ਰੀਖਿਆ 'ਚ ਸ਼ਾਨਦਾਰ ਪ੍ਰਦਰਸ਼ਨ



**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਗੁਰੂ ਗੋਬਿੰਦ ਸਿੰਘ ਸਟਡੀ ਸਰਕਲ ਅੰਮ੍ਰਿਤਸਰ ਵੱਲੋਂ ਤਰਨ ਤਾਰਨ ਅਜਨਾਲਾ ਜੋਨ ਖੇਤਰ ਵਿੱਚ ਖੇਤਰੀ ਪ੍ਰਬੰਧਕ ਹਰ ਪ੍ਰਤਾਪ ਸਿੰਘ ਦੀ ਅਗਵਾਈ ਹੇਠ ਨੈਤਿਕ ਸਿੱਖਿਆ ਦਾ ਇਮਤਿਹਾਨ ਕਰਵਾਇਆ ਗਿਆ। ਇਸ ਇਮਤਿਹਾਨ ਵਿੱਚ ਜੀ. ਆਰ. ਡੀ. ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਦੇ ਬਹੁਤ ਸਾਰੇ ਵਿਦਿਆਰਥੀਆਂ ਨੇ ਭਾਗ ਲਿਆ ਤੇ ਵਧੀਆ ਅੰਕ ਹਾਸਲ ਕਰਕੇ ਆਪਣੇ ਸਕੂਲ ਦਾ ਅਤੇ ਮਾਤਾ ਪਿਤਾ ਦਾ ਨਾਂ ਰੌਸ਼ਨ ਕੀਤਾ। ਪਹਿਲੇ ਦਰਜੇ ਵਿੱਚੋਂ ਚੌਥੀ ਦੀ ਮਨਸੀਰਤ ਕੌਰ ਨੇ ਪਹਿਲਾ ਸਥਾਨ ਹਾਸਿਲ ਕੀਤਾ। ਚੌਥੀ ਦੇ ਨਵੀਸ ਨੇ ਦੂਜਾ ਸਥਾਨ ਤੇ ਸੁਖਮਨ ਜੋਤ ਕੌਰ ਨੇ ਤੀਜਾ ਸਥਾਨ ਹਾਸਿਲ ਕੀਤਾ। ਦੂਜੇ ਦਰਜੇ ਵਿੱਚੋਂ ਅੱਠਵੀਂ ਜਮਾਤ ਦੀ ਗੁਰਵੀਰ ਕੌਰ ਨੇ ਪਹਿਲਾ, ਛੇਵੀਂ ਜਮਾਤ ਦੀ ਮਨਪ੍ਰੀਤ ਕੌਰ ਨੇ ਦੂਜਾ ਤੇ ਛੇਵੀਂ ਜਮਾਤ ਦੀ ਕੋਮਲ ਨੇ ਤੀਜਾ ਸਥਾਨ ਪ੍ਰਾਪਤ ਕੀਤਾ। ਤੀਜੇ ਦਰਜੇ ਵਿੱਚ ਬਾਰਵੀਂ ਜਮਾਤ ਦੀ ਗੁਰਲੀਨ ਕੌਰ ਨੇ ਪਹਿਲਾ ਬਾਰਵੀਂ ਜਮਾਤ ਦੀ ਨਵਨੀਤ ਕੌਰ ਨੇ ਦੂਜਾ ਤੇ ਬਾਰ੍ਹਵੀਂ ਦੀ ਐਸਮੀਨ ਕੌਰ ਨੇ ਤੀਜਾ ਸਥਾਨ ਹਾਸਲ ਕੀਤਾ। ਪ੍ਰਿੰ. ਗੁਰਦਰਸ਼ਨ ਬਜਾਜ, ਰੇਨੂ ਅਤੇ ਵਿਦਿਆਰਥੀਆਂ ਨੂੰ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵੱਲੋਂ ਸਨਮਾਨਿਤ ਕੀਤਾ ਗਿਆ ਤੇ ਸਕੂਲ ਦੇ ਪ੍ਰਿੰਸੀਪਲ ਗੁਰਦਰਸਨ ਬਜਾਜ ਜੀ ਨੇ ਵਿਦਿਆਰਥੀਆਂ ਨੂੰ ਬਹੁਤ ਵਧਾਈ ਦਿੱਤੀ ਤੇ ਆਉਣ ਵਾਲੇ ਸਮੇਂ ਵਿੱਚ ਵੀ ਅੱਗੇ ਵਧਣ ਲਈ ਪ੍ਰੇਰਿਆ ਇਸ ਮੌਕੇ ਤੇ ਪ੍ਰਿੰਸੀਪਲ ਗੁਰਦਰਸਨ ਬਜਾਜ ਜੀ, ਐਮ ਡੀ ਮੈਡਮ ਸੰਤੋਸ ਬਜਾਜ ਜੀ, ਸਟਡੀ ਸਰਕਲ ਦੇ ਮੈਂਬਰ ਤੇ ਸਕੂਲ ਦੇ ਅਧਿਆਪਕ ਸਾਹਿਬਾਨ ਰਜਿੰਦਰ ਕੌਰ ਗੰਥਗੜ੍ਹ,ਜਸਦੀਪ ਕੌਰ, ਰਜਿੰਦਰ ਕੌਰ ਧੂਰੀਆਂ, ਰੇਨੂ ਮੈਡਮ ,ਕਵਿਤਾ ਮੈਡਮ, ਗੁਰਜਿੰਦਰ ਸਿੰਘ ,ਸੀਤਲ ਮੈਡਮ ,ਭਾਵਨਾ ਮੈਡਮ, ਨਵਰਾਜ ਕੌਰ, ਸਾਕਸੀ ਮੈਡਮ, ਬਲਜਿੰਦਰ ਮੈਡਮ, ਜੋਤੀ ਮੈਡਮ ਆਦਿ ਅਧਿਆਪਕ ਮੌਜੂਦ ਸਨ।

# ਬੰਦ ਪਏ 15 ਹਜ਼ਾਰ ਖ਼ਾਲਾਂ 'ਚੋਂ 13,471 ਖ਼ਾਲ ਮੁੜ ਚਾਲੂ ਕਰਵਾਏ : ਸੇਖਵਾਂ



**ਗੁਰਦਾਸਪੁਰ, ਧਾਰੀਵਾਲ, (ਜਨਕ ਮਹਾਜਨ ਮਨਦੀਪ ਸਿੰਘ ਵਿੱਕੀ)**-ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਨੇ ਪਿਛਲੀਆਂ ਸਰਕਾਰ ਵੱਲੋਂ ਕਈ ਸਾਲਾਂ ਤੋਂ ਖ਼ਾਲੀ ਛੱਡੀਆਂ 1400 ਕਿਲੋਮੀਟਰ ਨਹਿਰਾਂ ਨੂੰ ਸੁਰਜੀਤ ਕੀਤਾ ਹੈ। ਇਸਦੇ ਨਾਲ ਹੀ ਅਧੂਰੀਆਂ ਨਹਿਰਾਂ ਦਾ ਲੋੜੀਂਦੀ ਲੰਬਾਈ ਤੱਕ ਨਿਰਮਾਣ ਕੀਤਾ ਜਾ ਰਿਹਾ ਹੈ ਅਤੇ ਸੂਬਾ ਸਰਕਾਰ ਨੇ 20 ਤੋਂ 30 ਸਾਲਾਂ ਤੋਂ ਬੰਦ ਪਏ 15 ਹਜ਼ਾਰ ਖ਼ਾਲਾਂ ਵਿੱਚੋਂ ਇਕ ਸਾਲ ਦੇ ਅੰਦਰ-ਅੰਦਰ 13,471 ਖ਼ਾਲ ਦੁਬਾਰਾ ਚਲਾਏ ਹਨ। ਇਹ ਪ੍ਰਗਟਾਵਾ ਕਰਦਿਆਂ ਜ਼ਿਲ੍ਹਾ ਯੋਜਨਾ ਕਮੇਟੀ ਗੁਰਦਾਸਪੁਰ ਦੇ ਚੇਅਰਮੈਨ ਐਡਵੋਕੇਟ ਜਗਰੂਪ ਸਿੰਘ ਸੇਖਵਾਂ ਨੇ ਦੱਸਿਆ ਕਿ ਸਾਲ 2020-21 ਵਿੱਚ 77 ਕਰੋੜ ਰੁਪਏ ਦੇ ਮੁਕਾਬਲੇ ਸਾਲ 2023-24 ਵਿੱਚ ਮਨਰੇਗਾ ਅਧੀਨ 228 ਕਰੋੜ ਰੁਪਏ ਦੀ ਲਾਗਤ ਨਾਲ ਤਿੰਨ ਗੁਣਾ ਵੱਧ ਨਹਿਰਾਂ ਤੇ ਖ਼ਾਲਾਂ ਦੀ ਮੁਰੰਮਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਦੇ ਮੁਕਾਬਲੇ ਇਸ ਸਾਲ ਨਹਿਰੀ ਪਾਣੀ ਦੀ ਵਰਤੋਂ ਵਿੱਚ 38 ਫੀਸਦੀ ਦਾ ਵਾਧਾ ਹੋਇਆ ਹੈ, ਜਦੋਂਕਿ ਇਸ ਸਾਲ ਪੰਜ ਹਜ਼ਾਰ ਕੇਸਾਂ ਦਾ ਨਿਬੇੜਾ ਕੀਤਾ ਗਿਆ, ਜਿਹੜੇ ਕਈ ਸਾਲਾਂ ਤੋਂ ਬਕਾਇਆ ਸਨ। ਇਸ ਤੋਂ ਇਲਾਵਾ 40 ਤੋਂ ਵੱਧ ਮੌਸਮੀ ਨਹਿਰਾਂ ਨੂੰ ਸਾਰਾ ਸਾਲ ਵਗਣ ਵਾਲੀਆਂ ਨਹਿਰਾਂ ਵਿੱਚ ਤਬਦੀਲ ਕੀਤਾ ਗਿਆ ਹੈ। ਚੇਅਰਮੈਨ ਜਗਰੂਪ ਸਿੰਘ ਸੇਖਵਾਂ ਨੇ ਅੱਗੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਮਹਿਜ਼ 18 ਮਹੀਨਿਆਂ ਦੇ ਕਾਰਜਕਾਲ ਦੌਰਾਨ ਲੋਕਾਂ ਨਾਲ ਕੀਤੀਆਂ ਵੱਖ-ਵੱਖ ਗਰੰਟੀਆਂ ਪੂਰੀਆਂ ਕੀਤੀਆਂ ਹਨ ਅਤੇ ਰਹਿੰਦੀਆਂ ਗਰੰਟੀਆਂ ਵੀ ਪੂਰੀਆਂ ਕੀਤੀਆਂ ਜਾ ਰਹੀਆਂ ਹਨ। ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਹਰੇਕ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਸੂਬੇ ਦੇ ਹਿੱਤ ਵਿੱਚ ਸਰਕਾਰ ਵੱਲੋਂ ਇਤਿਹਾਸਕ ਫੈਸਲੇ ਲਏ ਗਏ ਹਨ।

# ਵਿਗਿਆਨਿਕ ਤਕਨੀਕਾਂ ਨੂੰ ਅਪਣਾ ਕੇ ਜ਼ਮੀਨ ਨੂੰ ਬੰਜਰ ਹੋਣ ਤੋਂ ਬਚਾਇਆ ਜਾਵੇ : ਡਾ. ਮੱਤੇਵਾਲ



**ਪੱਟੀ, (ਬਲਦੇਵ ਸਿੰਘ ਸੰਧੂ/ਸ਼ਮਸ਼ੇਰ ਸਿੰਘ ਯੋਧਾ)**-ਡਿਪਟੀ ਕਮਿਸ਼ਨਰ ਤਰਨ ਤਰਨ ਸੰਦੀਪ ਕੁਮਾਰ ਦੇ ਦਿਸ਼ਾ ਨਿਰਦੇਸ਼ ਅਤੇ ਮੁੱਖ ਖੇਤੀਬਾੜੀ ਅਫਸਰ ਤਰਨ ਤਰਨ ਡਾ. ਹਰਪਾਲ ਸਿੰਘ ਪੰਨੂ ਦੀ ਦੇਖਰੇਖ ਤਹਿਤ ਸੂਚਨਾ, ਸਿੱਖਿਆ ਤੇ ਪ੍ਰਸਾਰ ਗਤੀਵਿਧੀਆਂ ਤਹਿਤ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਬਲਾਕ, ਪੱਟੀ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਆਫ ਐਮੀਨੈਂਸ, ਪੱਟੀ ਵਿਖੇ ਵਾਤਾਵਰਨ ਅਤੇ ਪਰਾਲੀ ਪ੍ਰਬੰਧਨ ਵਿਸ਼ੇ 'ਤੇ ਪ੍ਰੋਗਰਾਮ ਆਯੋਜਿਤ ਕੀਤਾ। ਇਸ ਮੌਕੇ ਸਕੂਲੀ ਵਿਦਿਆਰਥੀਆਂ ਦੁਆਰਾ ਤਿਆਰ ਭਾਸ਼ਣ, ਕਵਿਤਾ ਅਤੇ ਪੇਂਟਿੰਗ ਆਦਿ ਪੇਸ਼ਕਾਰੀ ਦੀ ਪ੍ਰਸ਼ੰਸਾ ਕਰਦਿਆਂ ਮੁੱਖ ਮਹਿਮਾਨ ਜ਼ਿਲਾ ਸਿਖਲਾਈ ਅਫਸਰ, ਤਰਨ ਤਰਨ ਡਾ. ਕੁਲਦੀਪ ਸਿੰਘ ਮੱਤੇਵਾਲ ਨੇ ਦੱਸਿਆ ਕਿ ਜਿੱਥੇ ਵਿਗਿਆਨੀਆਂ ਵੱਲੋਂ ਵੱਖ-ਵੱਖ ਤਕਨੀਕਾਂ ਵਿਕਸਿਤ ਕੀਤੀਆਂ ਗਈਆਂ ਹਨ ਉੱਥੇ ਸਰਕਾਰ ਵੱਲੋਂ ਇਨ੍ਹਾਂ ਤਕਨੀਕਾਂ ਨੂੰ ਅਪਣਾਉਣ ਲਈ ਵਿਗਿਆਨਿਕ ਜਾਣਕਾਰੀ ਅਤੇ ਮਸ਼ੀਨਾਂ ਮੁਹੱਈਆ ਕਰਾਈਆਂ ਗਈਆਂ ਹਨ ਜਿਨ੍ਹਾਂ ਦੀ ਵਰਤੋਂ ਕਰਕੇ ਕਿਸਾਨ ਆਪਣੀ ਜ਼ਮੀਨ ਨੂੰ ਬੰਜਰ ਹੋਣ ਤੋਂ ਬਚਾ ਸਕਦੇ ਹਨ। ਉਨ੍ਹਾਂ ਕਿਹਾ ਕਿ ਹੈਪੀ ਸੀਡਰ, ਸਰਫੇਸ ਸੀਡਰ ਆਦਿ ਤਕਨੀਕਾਂ ਕਿਸਾਨਾਂ ਲਈ ਸਸਤੀਆਂ ਅਤੇ ਵਧੀਆਂ ਹਨ। ਇਨ੍ਹਾਂ ਨੂੰ ਅਪਣਾਉਣ ਨਾਲ ਕਿਸਾਨਾਂ ਦੇ ਖੇਤੀ ਖਰਚੇ ਘੱਟਦੇ ਹਨ ਅਤੇ ਜ਼ਮੀਨ ਦੀ ਉਪਜਾਊ ਸ਼ਕਤੀ ਵੱਧਦੀ ਹੈ। ਇਸ ਮੌਕੇ ਡਾ. ਭੁਪਿੰਦਰ ਸਿੰਘ ਏਓ ਨੇ ਕਿਹਾ ਕਿ ਵਿਦਿਆਰਥੀ ਜੀਵਨ ਮਨੁੱਖ ਦੀ ਨੀਂਹ ਦਾ ਕੰਮ ਕਰਦਾ ਹੈ। ਉਨ੍ਹਾਂ ਕਿਹਾ ਕਿ ਇਹ ਨੀਂਹ ਮਜ਼ਬੂਤ ਹੋ ਸਕਦੀ ਹੈ ਜੇਕਰ ਵਿਦਿਆਰਥੀ ਆਪਣੀ ਸਕੂਲੀ ਪੜ੍ਹਾਈ ਦੇ ਨਾਲ ਨਾਲ ਆਪਣੇ ਆਲੇ-ਦੁਆਲੇ ਦੀਆਂ ਚੰਗੀਆਂ ਮਾੜੀਆਂ ਗੱਲਾਂ ਦੀ ਪਹਿਚਾਣ ਕਰਕੇ ਪ੍ਰਾਪਤ ਗਿਆਨ ਨਾਲ ਲੋੜੀਂਦਾ ਸੁਧਾਰ ਕਰਨ। ਸਮਾਗਮ ਦੀ ਪ੍ਰਧਾਨਗੀ ਕਰਦਿਆਂ ਸਕੂਲ ਮੁਖੀ ਓਂਕਾਰ ਸਿੰਘ ਨੇ ਕਿਹਾ ਕਿ ਚੰਗੇ ਭਵਿੱਖ ਲਈ ਸਾਨੂੰ ਸਾਰਿਆਂ ਨੂੰ ਰਲ ਮਿਲ ਕੇ ਵਾਤਾਵਰਨ ਦੀ ਸਾਂਭ ਸੰਭਾਲ ਲਈ ਹੰਭਲਾ ਮਾਰਨਾ ਪਵੇਗਾ। ਸਟੇਜ ਸੰਚਾਲਕ ਦੀ ਭੂਮਿਕਾ ਲੈਕਚਰਾਰ ਮੋਹਿਤ ਨੇ ਬਾਖੂਬੀ ਨਿਭਾਈ। ਇਸ ਮੌਕੇ ਸਰਬਦੀਪ ਕੌਰ, ਕਨੂਪਾਲ ਸ਼ਰਮਾ, ਰਾਜ ਕੁਮਾਰੀ, ਗੁਰਜੀਤ ਕੌਰ ਅਧਿਆਪਕਾ, ਗੁਰਦੇਵ ਸਿੰਘ ਮਾਨਕਪੁਰਾ ਤਕਨੀਕੀ ਸਹਾਇਕ ਪ੍ਰਬੰਧਕ, ਮਨਿੰਦਰ ਕੌਰ, ਹਰਿੰਦਰ ਕੌਰ ਸੁਪਰਵਾਈਜ਼ਰ ਅਤੇ ਮੌਜੂਦ ਵਿਦਿਆਰਥੀਆਂ ਨੇ ਸਹਿਯੋਗ ਅਤੇ ਜਾਣਕਾਰੀ ਸਾਂਝੀ ਕੀਤੀ। ਵਿਦਿਆਰਥੀਆਂ ਨੂੰ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਨੇ ਸਨਮਾਨ ਪੱਤਰ, ਮੋਮੈਂਟੋ ਅਤੇ ਲਿਟਰੇਚਰ ਦੇ ਕੇ ਨਿਵਾਜਿਆ।

# ਦੀਵਾਲੀ ਅਤੇ ਬੰਦੀ ਛੋੜ ਦਿਵਸ'ਤੇ ਝਬਾਲ, ਸਰਾਏਂ ਅਮਾਨਤ ਖਾਂ ਤੋਂ ਵਿਸ਼ੇਸ਼ ਸਪਲੀਮੈਂਟ (ਪੇਸ਼ਕਸ਼ ਮੱਖਣ ਮਨੋਜ) ਮ: 88726-19500



ਬਾਬਾ ਸੰਤੋਖ ਸਿੰਘ ਬੀੜ ਸਾਹਿਬ | ਜਥੇ.ਬਾਬਾ ਭੋਲਾ ਸਿੰਘ ਬੀੜ ਸਾਹਿਬ | ਚੇਅਰਮੈਨ ਕਸ਼ਮੀਰ ਸਿੰਘ ਮੰਨਣ | ਤਜਿੰਦਰ ਸਿੰਘ ਰਿੰਕੂ ਐਨ.ਆਰ.ਆਈ. | ਐਸ.ਐਮ.ਓ. ਰਾਜੂ ਚੋਹਾਨ | ਪ੍ਰਿੰਸੀਪਲ ਮੰਗਤ ਸਿੰਘ | ਮੈਨੇਜਰ ਮੁਖਵਿੰਦਰ ਸਿੰਘ ਬਿੱਟੂ ਪੰਜਵੜ | ਜਥੇ.ਨਿਸ਼ਾਨ ਸਿੰਘ ਦੋਦੇ ਪ੍ਰਾਪਟੀ ਡੀਲਰ | ਚਰਨਜੀਤ ਸਿੰਘ ਛਾਪਾ | ਕਾਮਰੇਡ ਦਵਿੰਦਰ ਸੋਹਲ | ਨਰਿੰਦਰ ਸਿੰਘ ਠਠਗੜ ਬਲਾਕ ਸੰਮਤੀ ਮੈਂਬਰ | ਮੰਗਲ ਸਿੰਘ ਸਰਪੰਚ ਖੈਰਦੀਨਕੇ

ਭਾਰਤੀ ਕਿਸਾਨ ਯੂਨੀਅਨ ਏਕਤਾ (ਉਗਰਾਹਾਂ) ਵੱਲੋਂ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਸੁਖਬੀਰ ਸਿੰਘ ਗੰਗੋਬੂਹਾ ਜਨ. ਸਕੱਤਰ | ਸੋਨੀ ਜਗਤਪੁਰਾ | ਬਿੱਲਾ ਜਗਤਪੁਰਾ

ਕਾਮਰੇਡ ਸੀਮਾ ਸੋਹਲ | ਸਰਪੰਚ ਹਰਜੀਤ ਕੌਰ ਗੰਡੀਵਿੰਡ | ਮਨਜਿੰਦਰ ਸਿੰਘ ਮੰਨਾ ਪੰਜਵੜ | ਨਰੇਸ਼ ਕੁਮਾਰ ਉਪੱਲ ਪ੍ਰੋਪਰਟੀ ਡੀਲਰ, ਝਬਾਲ | ਹਰਜਿੰਦਰ ਸਿੰਘ ਹੇਮਕੁੰਟ ਇੰਟਰਪ੍ਰਾਇਜ਼ਿਜ਼ ਝਬਾਲ | ਦਵਿੰਦਰ ਕੁਮਾਰ ਵਾਸਣ ਗੈਸ, ਝਬਾਲ | ਸੂਬੇਦਾਰ ਬਲਕਾਰ ਸਿੰਘ IESL Vice President Punjab & Chandigarh | ਪਰਮਜੀਤ ਸਿੰਘ ਜੇ.ਈ ਪੰਜਵੜ | ਬਲਵਿੰਦਰ ਸਿੰਘ ਧੁੰਨਾ ਚਿਊਰਗੜ | ਪਰਗਟ ਸਿੰਘ ਮਲਵਈ ਸਰਪੰਚ

ਹਰਮੀਤ ਸਿੰਘ ਸੰਧੂ ਜਨ. ਸਕੱਤਰ ਸ਼੍ਰੋਮਣੀ ਅਕਾਲੀ ਦਲ (ਬ) | ਸ. ਗੁਰਪ੍ਰੀਤ ਸਿੰਘ ਰੰਧਾਵਾ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ ਸ. ਕਰਮਜੀਤ ਸਿੰਘ ਢਿੱਲੋਂ ਮੂਸਿਆਂ ਵਾਲੇ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਪੇਸ਼ਕਸ਼ ਮੱਖਣ ਮਨੋਜ ਪੱਤਰਕਾਰ

ਮੋ: 88726-19500

ਅਨਵੀ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਚੇਅਰਮੈਨ ਲਖਬੀਰ ਸਿੰਘ ਬੁਰਜ | ਚੇਅਰਮੈਨ ਗੁਰਬਖਸ਼ ਸਿੰਘ ਬੁਰਜ | ਚੇਅਰਮੈਨ ਹਰਜੀਤ ਸਿੰਘ ਹਰਾ ਗੰਡੀਵਿੰਡ | ਆੜ੍ਹਤੀ ਤਨਵੀਰਇੰਦਰ ਸਿੰਘ | ਰਕੇਸ਼ ਕੁਮਾਰ ਲੱਕੀ ਕਰਿਆਨਾ ਸਟੋਰ ਅੱਡਾ ਝਬਾਲ

ਸੁਖਦੇਵ ਸਿੰਘ ਖਾਲਸਾ ਆੜ੍ਹਤੀ | ਗੁਰਦੇਵ ਸਿੰਘ ਸੋਨਾ ਪੰਜਵੜ ਆੜ੍ਹਤੀ | ਹਰੀਸ਼ ਕੁਮਾਰ ਨੰਦਾ ਆੜ੍ਹਤੀ | ਜਥੇਦਾਰ ਸੁਖਰਾਜ ਸਿੰਘ ਕਾਲਾ ਗੰਡੀਵਿੰਡ | ਕਾਮਰੇਡ ਅਸ਼ੋਕ ਕੁਮਾਰ ਸੋਹਲ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਗੰਡੀਵਿੰਡੀਆਂ ਦੀ ਗਹਿਣੀਆਂ ਦੀ ਹੱਟੀ

ਬਾਬਾ ਬੁੱਢਾ ਜੀ ਮਾਰਕੀਟ ਦੁਕਾਨ ਨੰ. 3, 4, ਅੱਡਾ ਝਬਾਲ

ਸ.ਸਰਬਜੀਤ ਸਿੰਘ ਸੁੱਚੂ

ਮੋਬਾ: 98728-67346, 01852-277292

## ਗੁਪਤਾ ਹਸਪਤਾਲ

ਝਬਾਲ ਵੱਲੋਂ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਡਾ.ਰਮਨ ਗੁਪਤਾ

ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਵੱਲੋਂ: ਚੇਅਰਮੈਨ ਰਮਨ ਕੁਮਾਰ

ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## THE RIGHT ARM IELTS

ਅੰਮ੍ਰਿਤਸਰ ਰੋਡ, ਅੱਡਾ ਝਬਾਲ (ਤਰਨ ਤਾਰਨ)

ਵੱਲੋਂ: ਅਰਸ਼ਦੀਪ ਸਿੰਘ ਐਮਾਂ

62393-10168, 62804-27522

ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## BABA DEEP SINGH JI LIFE CARE HOSPITAL NURSING AND MATERNITY HOME

Baba Jalan Ji Avenue, Bhikhiwind Road, Adda Chabhal.

M: 98152-10210, Ph: 01852-299119

Dr. Gursewak Singh Sandhu (Director)

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਮਲਕ ਕਲਾਥ ਹਾਊਸ

ਸਭ ਤੋਂ ਵੱਧ ਵਰਾਇਟੀ, ਸਭ ਤੋਂ ਘੱਟ ਰੇਟ

ਹਰ ਪ੍ਰਕਾਰ ਦਾ ਕਪੜਾ

ਇੱਕ ਮੁੱਲ 'ਤੇ ਜਾਇਜ਼ ਰੇਟਾਂ 'ਤੇ ਖਰੀਦੋ

ਪੱਕੇ ਰੰਗ ਦੀਆਂ ਪੱਗਾਂ ਗਰੰਟੀ ਨਾਲ ਖ੍ਰੀਦੋ।

ਪੱਪੂ ਮਲਕ

ਅਟਾਰੀ ਰੋਡ, ਅੱਡਾ ਝਬਾਲ, ਤਰਨ ਤਾਰਨ।

ਮੋਬਾ: 98726-92690

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਸੰਧੂ ਇੰਟਰਨੈਸ਼ਨਲ ਪੈਲਸ

ਵਿਆਹ ਸ਼ਾਦੀ ਅਤੇ ਹਰ ਖੁਸ਼ੀ ਦੇ ਪ੍ਰੋਗਰਾਮਾਂ ਲਈ ਬੁਕਿੰਗ ਕਰਵਾਉਣ ਲਈ ਮਿਲੋ।

ਭਿੱਖੀਵਿੰਡ ਰੋਡ, ਅੱਡਾ ਝਬਾਲ।

ਸ.ਪਰਗਟ ਸਿੰਘ ਭੋਜੀਆਂ

ਮੋਬਾ: 8264621322

## ਕੋਹਿਨੂਰ ਕੰਸਟ੍ਰਕਸ਼ਨ ਕੰਪਨੀ

ਵੱਲੋਂ: ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਸੁਰਿੰਦਰ ਸਿੰਘ ਬਾਦਸ਼ਾਹ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਵਿਜੈ ਸਵੀਟਸ ਐਂਡ ਬੇਕਰੀ

ਇੱਥੇ ਵਿਆਹ-ਸ਼ਾਦੀ, ਸਗਨਾਂ, ਦਸਤਾਰ ਬੰਦੀ, ਜਨਮ ਦਿਨ, ਕਿਟੀ ਪਾਰਟੀਆਂ ਅਤੇ ਹਰ ਖੁਸ਼ੀ ਦੇ ਮੌਕੇ ਤੇ ਮਾਲ ਬੁੱਕ ਕੀਤਾ ਜਾਂਦਾ ਹੈ।

ਅਟਾਰੀ ਰੋਡ, ਅੱਡਾ ਝਬਾਲ।

ਵਿਜੇ ਕੁਮਾਰ ਹਲਵਾਈ

ਮੋਬਾ: 97812-52000, 94644-34046

## ਅਸੀਸ ਸਲੈਕਟਿਡ ਮਸਾਲੇ

ਵੱਲੋਂ ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਵੱਲੋਂ: ਵਰਿੰਦਰ ਸਿੰਘ ਢਿੱਲੋਂ ਸੇਠ (ਠੱਠਾ)

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸ਼ਹਿਰ ਵਾਸੀਆਂ ਨੂੰ ਖਾਲੜਾ ਮਿਸ਼ਨ ਕਮੇਟੀ ਵੱਲੋਂ ਲੱਖ ਲੱਖ ਵਧਾਈਆਂ

ਹੱਕ ਸੱਚ ਦੀ ਲੜਾਈ ਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਯਤਨਸ਼ੀਲ

ਵੱਲੋਂ: ਸ. ਬਲਵਿੰਦਰ ਸਿੰਘ ਝਬਾਲ ਚੇਅਰਮੈਨ ਖਾਲੜਾ ਮਿਸ਼ਨ ਕਮੇਟੀ (ਰਜਿ:) H/o. ਝਬਾਲ, ਜ਼ਿਲ੍ਹਾ ਤਰਨ ਤਾਰਨ।

ਮੋਬਾਇਲ: 98725-55505

ਸ. ਬਲਵਿੰਦਰ ਸਿੰਘ ਝਬਾਲ ਚੇਅਰਮੈਨ

ਸ੍ਰੀ ਗੁਰੂ ਤੇਗ ਬਹਾਦਰ ਸੀਨੀ.ਸੈਕ: ਸਕੂਲ, ਝਬਾਲ ਵੱਲੋਂ ਬੰਦੀ ਛੋੜ ਦਿਵਸ (ਦੀਵਾਲੀ) ਦੀਆਂ ਵਧਾਈਆਂ

ਐਮ.ਡੀ. ਪਰਮਜੀਤ ਸਿੰਘ ਸੋਹਲ | ਸਕੱਤਰ ਹਰਜਿੰਦਰਪਾਲ ਸਿੰਘ | ਮੈਨੇਜਰ ਸਿਮਰਤਪਾਲ ਸਿੰਘ ਸੋਹਲ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਕਿਸਾਨ ਸੇਵਾ ਸੈਂਟਰ

ਅਟਾਰੀ ਰੋਡ, ਅੱਡਾ ਝਬਾਲ। ਮੋਬ. 98726-58154

ਇੱਥੋਂ ਖਾਦ, ਦਵਾਈਆਂ ਤੇ ਚੰਗੇ ਬੀਜ ਖਰੀਦੋ।

ਜਾਰੀ ਕਰਤਾ: ਸੁਰਿੰਦਰ ਸਿੰਘ ਸੋਨੂੰ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਚੀਮਿਆਂ ਵਾਲਿਆਂ ਦੀ ਹੱਟੀ

ਇੱਥੇ ਹਰ ਪ੍ਰਕਾਰ ਦਾ ਕਰਿਆਨੇ ਦਾ ਸਮਾਨ ਅਤੇ ਬੀਜ ਖ੍ਰੀਦਣ ਲਈ ਦਰਸ਼ਨ ਦਿਓ

ਮੁਨੀਸ਼ ਖੁੱਲਰ

ਭਿੱਖੀਵਿੰਡ ਰੋਡ, ਅੱਡਾ ਝਬਾਲ। ਮੋਬਾ: 98141-27909

## ਢਿੱਲੋਂ ਕੈਸਟਿਲ ਰੈਸਟੋਰੈਂਟ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

VIP AC Hall - Large Parking

ਹਰਪਾਲ ਸਿੰਘ ਗਗੋਬੂਹਾ

ਵਿਆਹ-ਸ਼ਾਦੀਆਂ, ਕਿੱਟੀ ਪਾਰਟੀਆਂ ਤੇ ਹੋਰ ਖੁਸ਼ੀ ਦੇ ਮੌਕੇ ਤੇ ਮਿਲੋ।

ਭਿੱਖੀਵਿੰਡ ਰੋਡ, ਅੱਡਾ ਗਗੋਬੂਹਾ। ਮੋ. 9872592224, 8725926000

ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਬਾਬਾ ਬੁੱਢਾ ਜੀ ਹੈਂਡਲੂਮ ਸਟੋਰ

ਅਟਾਰੀ ਰੋਡ, ਅੱਡਾ ਝਬਾਲ।

ਜਸਪਾਲ ਸਿੰਘ

ਮੋ: 99154-71020

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਸਰਪੰਚ ਸੁਰਜੀਤ ਸਿੰਘ ਸ਼ਾਹ ਢੰਡ | ਅਰਸ਼ਦੀਪ ਸਿੰਘ ਐਮਾਂ | ਗੁਰਵਿੰਦਰ ਸਿੰਘ ਵਿਸਕੀ ਢਿੱਲੋਂ | ਗੁਰਪ੍ਰੀਤ ਸਿੰਘ ਲਾਡੀ ਪੰਜਵੜ

ਸ.ਭਗਵੰਤ ਸਿੰਘ ਮਾਨ ਮੁੱਖ ਮੰਤਰੀ, ਪੰਜਾਬ | ਸਰਪੰਚ ਜਤਿੰਦਰ ਸਿੰਘ ਬਘੇਲ ਸਿੰਘ ਵਾਲਾ | ਗੁਰਜੀਤ ਸਿੰਘ ਸੋਨੀ ਬਾਬਾ | ਬਲਵਿੰਦਰ ਸਿੰਘ ਚਾਹਲ | ਪਰਮਜੀਤ ਸਿੰਘ ਚਾਹਲ | ਸ.ਕਸ਼ਮੀਰ ਸਿੰਘ ਸੋਹਲ ਵਿਧਾਇਕ, ਤਰਨ ਤਾਰਨ

ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਰਮੇਸ਼ ਕੁਮਾਰ ਕਰਿਆਨਾ ਸਟੋਰ

ਮੇਸ਼ੇ ਸ਼ਾਹ ਦੀ ਹੱਟੀ

ਭਿੱਖੀਵਿੰਡ ਰੋਡ ਅੱਡਾ ਝਬਾਲ

ਰਾਜੂ ਉਪਲ ਅਮਿਤ ਉਪਲ

ਫੋਨ: 98153 08270, 99159 71165

## ਸ਼ਿਵਾਲਿਕ ਪਬਲਿਕ ਸੀਨੀ. ਸੈਕੰ.ਸਕੂਲ

ਝਬਾਲ ਵੱਲੋਂ: ਦੀਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

ਡਾਇਰੈਕਟਰ ਅਮਰਜੀਤ ਸਿੰਘ ਸੋਹਲ | ਮੈਨੇਜਰ ਸੁਰਿੰਦਰਪਾਲ ਸਿੰਘ ਸੋਨੂੰ

ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਸਮੂਹ ਸਾਧ ਸੰਗਤ ਨੂੰ ਲੱਖ ਲੱਖ ਵਧਾਈਆਂ

ਸ.ਹਰਮੀਤ ਸਿੰਘ ਸੰਧੂ ਜਨ.ਸਕੱਤਰ ਸ਼੍ਰੋਮਣੀ ਅਕਾਲੀ ਦਲ (ਬ)

ਸੁਖਜਿੰਦਰ ਸਿੰਘ ਕਸੇਲ | ਚੇਅਰਮੈਨ ਹਰਵੰਤ ਸਿੰਘ ਝਬਾਲ | ਅਮਰਿੰਦਰ ਸਿੰਘ ਮਾਣਕ | ਸਰਪੰਚ ਸ਼ਾਮ ਸਿੰਘ ਕੋਟ

ਸਰਪੰਚ ਮਨਜਿੰਦਰ ਸਿੰਘ ਐਮਾਂ | ਗੁਰਿੰਦਰ ਸਿੰਘ ਬਾਬਾ ਲੰਗਾਹ | ਪੂਰਨ ਸਿੰਘ ਝਬਾਲ | ਸਰਪੰਚ ਪ੍ਰੀਤਇੰਦਰ ਸਿੰਘ ਗੰਡੀਵਿੰਡ | ਵਰਿੰਦਰਜੀਤ ਸਿੰਘ ਰਿੰਕੂ ਗੰਗੋਬੂਹਾ

ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਚੀਮਾਂ ਕਰਿਆਨਾ ਸਟੋਰ

ਅਟਾਰੀ ਰੋਡ, ਅੱਡਾ ਝਬਾਲ।

ਵੱਲੋਂ: ਅਸ਼ੀਸ਼ ਖੁੱਲਰ

ਦਿਵਾਲੀ ਅਤੇ ਬੰਦੀ ਛੋੜ ਦਿਵਸ ਦੀਆਂ ਲੱਖ ਲੱਖ ਵਧਾਈਆਂ

## ਸਰਕਾਰੀ ਆਈ.ਟੀ.ਆਈ.

ਮੰਨਣ ਤਰਨ ਤਾਰਨ ਵਿਖੇ ਟਰੇਡ R.A.C. ਸਰਵੇਅਰ, ਵੈਲਡਰ ਦਾ ਦਾਖ਼ਲਾ ਚੱਲ ਰਿਹਾ ਹੈ।

ਸ.ਗੁਰਬਖਸ਼ ਸਿੰਘ ਪ੍ਰਿੰਸੀਪਲ ਮੋ: 98147-50900 | ਸ.ਸਤਨਾਮ ਸਿੰਘ ਸੀਨੀ. ਅਸਿਸਟੈਂਟ ਮੋ: 98556-75433